**ਸੂਚਨਾ**

ਸਮੂਹ ਪਾਠਕਾਂ, ਏਜੰਟ ਸਾਹਿਬਾਨ ਅਤੇ ਇਸ਼ਤਿਹਾਰੀ ਏਜੰਸੀਆਂ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਰੋਜ਼ਾਨਾ 'ਆਜ਼ਾਦ ਸੋਚ' ਮਾਣਯੋਗ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵਲੋਂ ਕੋਰਟ ਨੋਟਿਸਾਂ ਨੂੰ ਪ੍ਰਕਾਸ਼ਿਤ ਕਰਨ ਲਈ ਪੰਜਾਬ ਦੇ ਨਾਲ ਨਾਲ ਹੁਣ ਹਰਿਆਣਾ ਸੂਬੇ ਦੀਆਂ ਅਦਾਲਤਾਂ ਲਈ ਵੀ ਮਾਨਤਾ ਪ੍ਰਾਪਤ ਹੋ ਚੁੱਕਿਆ ਹੈ। ਹਰਿਆਣਾ ਸੂਬੇ ਦੀਆਂ ਅਦਾਲਤਾਂ ਵਿਚੋਂ ਜਾਰੀ ਕੋਰਟ ਨੋਟਿਸ ਪ੍ਰਕਾਸ਼ਿਤ ਕਰਵਾਉਣ ਲਈ ਸਾਡੇ ਹੇਠ ਲਿਖੇ ਪ੍ਰਤੀਨਿੱਧ ਨਾਲ ਸੰਪਰਕ ਕੀਤਾ ਜਾ ਸਕਦਾ ਹੈ।

**ਰਾਕੇਸ਼ ਗੋਇਲ (ਇਸ਼ਤਿਹਾਰ ਮੈਨੇਜਰ)**
**ਮੋ: 86995-69067**

ਹਰ ਖ਼ਬਰ ਤੱਕ ਪਹੁੰਚ, ਪੜ੍ਹੋ ਰੋਜ਼ਾਨਾ ਆਜ਼ਾਦ ਸੋਚ

# ਆਜ਼ਾਦ ਸੋਚ ™

www.facebook.com/Azadsoch
www.youtube.com/AzadSoch

ਪਟਿਆਲਾ ਤੋਂ ਪ੍ਰਕਾਸ਼ਿਤ

Postal No. PB/PTA/ (055) 2023-25
R.N.I N O. 61549/92
Website :
www.azadsoch.in
Mail Us at :
azadsoach92@gmail.com
(ਕੇਵਲ ਖ਼ਬਰਾਂ ਲਈ)
azadsochadvt@gmail.com
(ਕੇਵਲ ਇਸ਼ਤਿਹਾਰਾਂ ਲਈ)

ਸਾਲ (Year) 34 | ਅੰਕ (Vol. ) 151 | ਮੁੱਲ (Rate ) 01.00 ਰੁਪਏ | Sunday 21 June 2026 | ਐਤਵਾਰ, 21 ਜੂਨ, 2026

ਮੁੱਖ ਸੰਪਾਦਕ : ਸੁਰਿੰਦਰ ਕੁਮਾਰ 93566-05100, ਅਨਿਲ ਕੁਮਾਰ ਗਰਗ : 9317755000 ਡਾਕ ਪਤਾ : ਸਾਹਮਣੇ ਸਰਕਾਰੀ ਹਾਈ ਸਕੂਲ ਪਟਿਆਲਾ ਕੈਂਟ, ਨੇੜੇ 24 ਨੰ: ਫਾਟਕ ,ਧਾਮੋਂ ਮਾਜਰਾ ਰੋਡ ਪਟਿਆਲਾ


# ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਵਧ ਰਹੇ ਕੇਂਦਰੀਕਰਨ ਅਤੇ ਵਿਦਿਅਕ ਨਾਬਰਾਬਰੀ ਦੀਆਂ ਚਿੰਤਾਵਾਂ ਨੂੰ ਲੈ ਕੇ ਕੇਂਦਰ ਨੂੰ ਉੱਚ ਸਿੱਖਿਆ ਬਿੱਲ 'ਤੇ ਮੁੜ ਵਿਚਾਰ ਕਰਨ ਦੀ ਅਪੀਲ ਕੀਤੀ

**ਆਜ਼ਾਦ ਸੋਚ ਬਿਊਰੋ**
**ਚੰਡੀਗੜ੍ਹ , 20 ਜੂਨ**

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪ੍ਰਸਤਾਵਿਤ 'ਵਿਕਸਿਤ ਭਾਰਤ ਸਿੱਖਿਆ ਅਧਿਨਿਯਮ ਬਿੱਲ, 2025' (ਉੱਚ ਸਿੱਖਿਆ ਬਿੱਲ) ਦਾ ਜ਼ੋਰਦਾਰ ਵਿਰੋਧ ਕੀਤਾ ਹੈ। ਉਨ੍ਹਾਂ ਚੇਤਾਵਨੀ ਦਿੱਤੀ ਕਿ ਇਹ ਕਾਨੂੰਨ ਉੱਚ ਸਿੱਖਿਆ ਨੂੰ ਹੋਰ ਮਹਿੰਗੀ ਬਣਾ ਸਕਦਾ ਹੈ, ਆਮ ਪਰਿਵਾਰਾਂ ਦੇ ਵਿਦਿਆਰਥੀਆਂ ਲਈ ਮੌਕਿਆਂ ਨੂੰ ਘਟਾ ਸਕਦਾ ਹੈ ਅਤੇ ਸਥਾਨਕ ਵਿਦਿਅਕ ਲੋੜਾਂ ਨੂੰ ਪੂਰਾ ਕਰਨ ਦੀ ਸੂਬਿਆਂ ਦੀ ਸਮਰੱਥਾ ਨੂੰ ਖੋਰਾ ਲਾ ਸਕਦਾ ਹੈ। ਕੇਂਦਰੀ ਸਿੱਖਿਆ ਮੰਤਰੀ ਧਰਮਿੰਦਰ ਪ੍ਰਧਾਨ ਨੂੰ ਲਿਖੇ ਇੱਕ ਪੱਤਰ ਵਿੱਚ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕੇਂਦਰ ਨੂੰ ਇਸ ਬਿੱਲ 'ਤੇ ਮੁੜ ਵਿਚਾਰ ਕਰਨ ਅਤੇ ਅਜਿਹੇ ਸੁਧਾਰਾਂ ਨੂੰ ਲਾਗੂ ਕਰਨ ਤੋਂ ਪਹਿਲਾਂ ਵਿਆਪਕ ਵਿਚਾਰ-ਵਟਾਂਦਰਾ ਕਰਨ ਦੀ ਅਪੀਲ ਕੀਤੀ ਹੈ, ਜੋ ਉੱਚ ਸਿੱਖਿਆ ਦੇ ਖੇਤਰ ਨੂੰ ਵੱਡੇ ਪੱਧਰ 'ਤੇ ਪ੍ਰਭਾਵਿਤ ਕਰ ਸਕਦੇ ਹਨ।

ਦੇਸ ਭਰ ਦੇ ਕਰੋੜਾਂ ਮਾਪਿਆਂ ਦੇ ਆਪਣੇ ਬੱਚਿਆਂ ਦੀ ਸਿੱਖਿਆ 'ਤੇ ਉਮੀਦਾਂ ਅਤੇ ਸੁਪਨੇ ਟਿਕਾਈ ਰੱਖਣ ਦਾ ਹਵਾਲਾ ਦਿੰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਉੱਚ ਸਿੱਖਿਆ ਕਿਸੇ ਕਿਸਾਨ, ਮਜਦੂਰ ਜਾਂ ਦੁਕਾਨਦਾਰ ਦੇ ਬੱਚੇ ਲਈ ਮੌਕਿਆਂ ਦਾ ਰਾਹ ਹੋਣੀ ਚਾਹੀਦੀ ਹੈ, ਨਾ ਕਿ ਪਰਿਵਾਰਾਂ 'ਤੇ ਆਰਥਿਕ ਬੋਝ। ਉਨ੍ਹਾਂ ਦਾਅਵਾ ਕੀਤਾ ਕਿ ਭਾਰਤ ਦੀ ਤਰੱਕੀ ਉੱਚ ਸਿੱਖਿਆ ਨੂੰ ਯੂਨੀਵਰਸਿਟੀਆਂ, ਬੁਨਿਆਦੀ ਢਾਂਚੇ, ਫੈਕਲਟੀ ਅਤੇ ਖੋਜ ਵਿੱਚ ਵੱਧ ਨਿਵੇਸ ਰਾਹੀਂ ਵਧੇਰੇ ਪਹੁੰਚਯੋਗ ਅਤੇ ਕਿਫਾਇਤੀ ਬਣਾਉਣ 'ਤੇ ਨਿਰਭਰ ਕਰਦੀ ਹੈ, ਨਾ ਕਿ ਅਜਿਹੇ ਉਪਾਵਾਂ 'ਤੇ ਜੋ ਲਾਗਤਾਂ ਨੂੰ ਵਧਾਉਂਦੇ ਹਨ ਅਤੇ ਫੈਸਲੇ ਲੈਣ ਦੀ ਪ੍ਰਕਿਰਿਆ ਦਾ ਕੇਂਦਰੀਕਰਨ ਕਰਦੇ ਹਨ।

ਆਪਣੇ ਪੱਤਰ ਵਿੱਚ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਲਿਖਿਆ ਕਿ ਉਹ ਨਾ ਸਿਰਫ ਪੰਜਾਬ ਦੇ ਮੁੱਖ ਮੰਤਰੀ ਵਜੋਂ ਸਗੋਂ ਭਾਰਤ ਭਰ ਦੇ ਉਨ੍ਹਾਂ ਕਰੋੜਾਂ ਮਾਪਿਆਂ ਦੇ ਨੁਮਾਇੰਦੇ ਵਜੋਂ ਲਿਖ ਰਹੇ ਹਨ, ਜਿਨ੍ਹਾਂ ਦੀਆਂ ਸਭ ਤੋਂ ਵੱਡੀਆਂ ਉਮੀਦਾਂ ਉਨ੍ਹਾਂ ਦੇ ਬੱਚਿਆਂ ਦੀ ਸਿੱਖਿਆ ਨਾਲ ਜੁੜੀਆਂ ਹੋਈਆਂ ਹਨ। ਉਨ੍ਹਾਂ ਕਿਹਾ, "ਹਰ ਪਰਿਵਾਰ ਚਾਹੁੰਦਾ ਹੈ ਕਿ ਉਸ ਦਾ ਬੱਚਾ ਮਿਆਰੀ ਸਿੱਖਿਆ ਹਾਸਲ ਕਰੇ, ਆਪਣੇ ਪੈਰਾਂ 'ਤੇ ਖੜ੍ਹਾ ਹੋਵੇ, ਇੱਜਤਦਾਰ ਰੋਜਗਾਰ ਹਾਸਲ ਕਰੇ ਅਤੇ ਦੇਸ ਦੀ ਤਰੱਕੀ ਵਿੱਚ ਯੋਗਦਾਨ ਪਾਵੇ। ਇਸੇ ਕਰਕੇ ਸਿੱਖਿਆ ਸਿਰਫ ਇੱਕ ਪ੍ਰਸਾਸਨਿਕ ਵਿਸਾ ਨਹੀਂ ਹੈ, ਇਹ ਭਾਰਤ ਦੇ ਰੌਸਨ ਭਵਿੱਖ ਨਾਲ ਜੁੜਿਆ ਸਵਾਲ ਹੈ।"

ਮੁੱਖ ਮੰਤਰੀ ਨੇ ਕਿਹਾ, "ਮੈਨੂੰ ਸੁਰੂ ਵਿੱਚ ਉਮੀਦ ਸੀ ਕਿ ਪ੍ਰਸਤਾਵਿਤ ਕਾਨੂੰਨ ਉੱਚ ਸਿੱਖਿਆ ਸੰਸਥਾਵਾਂ ਦੀ ਗੁਣਵੱਤਾ, ਜਵਾਬਦੇਹੀ ਅਤੇ ਵਿਸਵਵਿਆਪੀ ਮੁਕਾਬਲੇਬਾਜੀ ਨੂੰ ਮਜਬੂਤ ਕਰੇਗਾ। ਹਾਲਾਂਕਿ ਬਿੱਲ ਦਾ ਬਾਰੀਕੀ ਨਾਲ ਅਧਿਐਨ ਕਰਨ ਤੋਂ ਬਾਅਦ ਮੈਨੂੰ ਗੰਭੀਰ ਤੌਖਲਾ ਹੈ ਕਿ ਇਹ ਉੱਚ ਸਿੱਖਿਆ ਨਾਲ ਸਬੰਧਤ ਜ਼ਿਆਦਾਤਰ ਮਹੱਤਵਪੂਰਨ ਫੈਸਲਿਆਂ ਦਾ ਕੇਂਦਰੀਕਰਨ ਕਰਨ ਦੀ ਕੋਸ਼ਿਸ ਕਰਦਾ ਹੈ, ਜਿਸ ਦੇ ਵਿਦਿਆਰਥੀਆਂ, ਅਧਿਆਪਕਾਂ, ਯੂਨੀਵਰਸਿਟੀਆਂ ਅਤੇ ਸੂਬਾ ਸਰਕਾਰਾਂ 'ਤੇ ਦੂਰਗਾਮੀ ਪ੍ਰਭਾਵ ਪੈਣਗੇ।"



ਆਪਣੀ ਪਹਿਲੀ ਵੱਡੀ ਚਿੰਤਾ ਜਾਹਰ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਬਿੱਲ ਸਿੱਖਿਆ ਦੀ ਗੁਣਵੱਤਾ ਵਿੱਚ ਸੁਧਾਰ ਕਰਨ ਦੀ ਬਜਾਏ ਸੱਤਾ ਦੇ ਕੇਂਦਰੀਕਰਨ 'ਤੇ ਵਧੇਰੇ ਕੇਂਦਰਿਤ ਜਾਪਦਾ ਹੈ। ਉਨ੍ਹਾਂ ਕਿਹਾ, "ਕਿਸੇ ਵੀ ਸਿੱਖਿਆ ਪ੍ਰਣਾਲੀ ਦੀ ਸਫਲਤਾ ਇਸ ਗੱਲ 'ਤੇ ਨਿਰਭਰ ਕਰਦੀ ਹੈ ਕਿ ਉਹ ਵਿਦਿਆਰਥੀਆਂ, ਅਧਿਆਪਕਾਂ ਅਤੇ ਸਥਾਨਕ ਭਾਈਚਾਰਿਆਂ ਦੀਆਂ ਲੋੜਾਂ ਨੂੰ ਕਿੰਨੇ ਪ੍ਰਭਾਵਸਾਲੀ ਢੰਗ ਨਾਲ ਸਮਝਦੀ ਹੈ। ਭਾਰਤ ਵਰਗੇ ਵਿਸਾਲ ਅਤੇ ਵਿਭਿੰਨਤਾ ਨਾਲ ਭਰੇ ਦੇਸ ਵਿੱਚ ਹਰ ਸੂਬੇ ਨੂੰ ਵੱਖ-ਵੱਖ ਸਮਾਜਿਕ, ਆਰਥਿਕ ਅਤੇ ਵਿਦਿਅਕ ਚੁਣੌਤੀਆਂ ਦਾ ਸਾਹਮਣਾ ਕਰਨਾ ਪੈਂਦਾ ਹੈ।"

ਮੁੱਖ ਮੰਤਰੀ ਨੇ ਕਿਹਾ ਕਿ ਉੱਚ ਸਿੱਖਿਆ ਬਾਰੇ ਕਿਸੇ ਕਾਨੂੰਨ ਤੋਂ ਇਹ ਉਮੀਦ ਕਰਨਾ ਸੁਭਾਵਿਕ ਸੀ ਕਿ ਉਹ ਗੁਣਵੱਤਾ, ਖੋਜ, ਨਵੀਨਤਾ, ਰੋਜਗਾਰ ਯੋਗਤਾ ਅਤੇ ਵਿਸਵਵਿਆਪੀ ਮੁਕਾਬਲੇਬਾਜੀ 'ਤੇ ਧਿਆਨ ਕੇਂਦਰਿਤ ਕਰੇਗਾ। ਹਾਲਾਂਕਿ ਬਿੱਲ ਦਾ ਅਧਿਐਨ ਕਰਨ ਤੋਂ ਬਾਅਦ ਅਜਿਹਾ ਲੱਗਦਾ ਹੈ ਕਿ ਇਸ ਦਾ ਮੁੱਖ ਉਦੇਸ ਨੀਤੀ ਬਣਾਉਣ ਦੀਆਂ ਸਕਤੀਆਂ, ਮਿਆਰਾਂ, ਨਿਯਮਾਂ, ਮਾਨਤਾ ਪ੍ਰਣਾਲੀਆਂ ਅਤੇ ਅਪੀਲੀ ਸਕਤੀਆਂ ਨੂੰ ਕੇਂਦਰ ਸਰਕਾਰ ਦੇ ਹੱਥਾਂ ਵਿੱਚ ਕੇਂਦਰਿਤ ਕਰਨਾ ਹੈ। ਉਨ੍ਹਾਂ ਕਿਹਾ, "ਸਿੱਖਿਆ ਸੰਵਿਧਾਨ ਦੀ ਸਮਵਰਤੀ ਸੂਚੀ ਦਾ ਵਿਸਾ ਹੈ। ਇਸ ਲਈ ਜਿੱਥੇ ਘੱਟੋ-ਘੱਟ ਰਾਸਟਰੀ ਮਿਆਰ ਲੋੜੀਂਦੇ ਹੋ ਸਕਦੇ ਹਨ, ਉੱਥੇ ਹੀ ਸੂਬਿਆਂ ਨੂੰ ਆਪਣੇ ਹਾਲਾਤ ਅਤੇ ਲੋੜਾਂ ਅਨੁਸਾਰ ਪ੍ਰਣਾਲੀਆਂ ਵਿਕਸਿਤ ਕਰਨ ਦੀ ਆਜਾਦੀ ਹੋਣੀ ਚਾਹੀਦੀ ਹੈ। ਬਦਕਿਸਮਤੀ ਨਾਲ ਇਹ ਬਿੱਲ ਉਸ ਸੰਵਿਧਾਨਕ ਸੰਤੁਲਨ ਨੂੰ ਵਿਗਾੜਦਾ ਪ੍ਰਤੀਤ ਹੁੰਦਾ ਹੈ।"

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਗੇ ਕਿਹਾ ਕਿ ਉਨ੍ਹਾਂ ਦੀ ਚਿੰਤਾ ਸਿਰਫ ਸੂਬਿਆਂ ਦੇ ਅਧਿਕਾਰਾਂ ਦੀ ਨਹੀਂ, ਸਗੋਂ ਕਰੋੜਾਂ ਵਿਦਿਆਰਥੀਆਂ ਦੇ ਭਵਿੱਖ ਦੀ ਵੀ ਹੈ। ਉਨ੍ਹਾਂ ਕਿਹਾ, "ਭਾਰਤ ਦਾ ਹਰ ਸੂਬਾ ਵੱਖ-ਵੱਖ ਚੁਣੌਤੀਆਂ ਨਾਲ ਜੂਝ ਰਿਹਾ ਹੈ। ਕੋਈ ਬੇਰੋਜਗਾਰੀ ਨਾਲ ਨਜਿੱਠ ਰਿਹਾ ਹੈ, ਕੋਈ ਹੁਨਰ ਵਿਕਾਸ (ਸਕਿੱਲ ਡਿਵੈਲਪਮੈਂਟ), ਉਦਯੋਗਿਕ ਲੋੜਾਂ ਜਾਂ ਪਰਵਾਸ ਨਾਲ ਜੂਝ ਰਿਹਾ ਹੈ। ਪੰਜਾਬ ਵਰਗੇ ਸਰਹੱਦੀ ਸੂਬਿਆਂ ਨੂੰ ਇਸ ਤੋਂ ਵੀ ਵੱਧ ਗੁੰਝਲਦਾਰ ਹਕੀਕਤਾਂ ਦਾ ਸਾਹਮਣਾ ਕਰਨਾ ਪੈਂਦਾ ਹੈ।"

ਮੁੱਖ ਮੰਤਰੀ ਨੇ ਅੱਗੇ ਕਿਹਾ ਕਿ ਸੂਬਾ ਸਰਕਾਰਾਂ ਯੂਨੀਵਰਸਿਟੀਆਂ ਅਤੇ ਕਾਲਜਾਂ ਰਾਹੀਂ ਸਥਾਨਕ ਲੋੜਾਂ ਅਨੁਸਾਰ ਕੋਰਸ, ਹੁਨਰ ਪ੍ਰੋਗਰਾਮ, ਉਦਯੋਗਿਕ ਸਾਂਝੇਦਾਰੀ ਅਤੇ ਰੋਜਗਾਰ ਮੁਖੀ ਪਹਿਲਕਦਮੀਆਂ ਵਿਕਸਿਤ ਕਰਦੀਆਂ ਹਨ। ਉਨ੍ਹਾਂ ਕਿਹਾ, "ਜੇ ਸਿੱਖਿਆ ਦੇ ਜ਼ਿਆਦਾਤਰ ਫੈਸਲੇ ਦਿੱਲੀ ਵਿੱਚ ਬੈਠੀਆਂ ਸੰਸਥਾਵਾਂ ਵੱਲੋਂ ਲਏ ਜਾਣਗੇ ਤਾਂ ਸੂਬੇ ਹੌਲੀ-ਹੌਲੀ ਸਥਾਨਕ ਹਕੀਕਤਾਂ ਨੂੰ ਸਮਝਣ ਅਤੇ ਉਸ ਅਨੁਸਾਰ ਹੱਲ ਤਿਆਰ ਕਰਨ ਦੀ ਆਪਣੀ ਸਮਰੱਥਾ ਗੁਆ ਦੇਣਗੇ। ਨਤੀਜੇ ਵਜੋਂ, ਉੱਚ ਸਿੱਖਿਆ ਦੇ ਕੇਂਦਰੀਕ੍ਰਿਤ ਹੋਣ ਅਤੇ ਇਸ ਦੀ ਵਿਹਾਰਕ ਮਹੱਤਤਾ ਖਤਮ ਹੋਣ ਦਾ ਖਤਰਾ ਹੈ।"

ਵੱਧ ਕੇਂਦਰੀਕਰਨ ਦੇ ਖਤਰਿਆਂ ਵੱਲ ਧਿਆਨ ਦਿਵਾਉਂਦੇ ਹੋਏ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਨੈਸਨਲ ਟੈਸਟਿੰਗ ਏਜੰਸੀ (ਐਨ.ਟੀ.ਏ.) ਵਰਗੀਆਂ ਕੇਂਦਰੀ ਸੰਸਥਾਵਾਂ ਦੇ ਕੰਮਕਾਜ ਦਾ ਹਵਾਲਾ ਦਿੱਤਾ। ਉਨ੍ਹਾਂ ਕਿਹਾ, "ਹਾਲੀਆ ਸਾਲਾਂ ਵਿੱਚ ਪ੍ਰੀਖਿਆ ਪ੍ਰਬੰਧਨ, ਪਾਰਦਰਸਤਾ ਅਤੇ ਭਰੋਸੇਯੋਗਤਾ ਨੂੰ ਲੈ ਕੇ ਗੰਭੀਰ ਸਵਾਲ ਖੜ੍ਹੇ ਹੋਏ ਹਨ। ਜਦੋਂ ਕੇਂਦਰੀ ਸੰਸਥਾਵਾਂ ਖੁਦ ਅਜਿਹੀਆਂ ਚੁਣੌਤੀਆਂ ਨਾਲ ਜੂਝ ਰਹੀਆਂ ਹਨ ਤਾਂ ਇਹ ਪੁੱਛਣਾ ਬਿਲਕੁਲ ਜਾਇਜ ਹੈ ਕਿ ਕੀ ਉੱਚ ਸਿੱਖਿਆ ਦਾ ਹੋਰ ਕੇਂਦਰੀਕਰਨ ਕਰਨਾ ਸੱਚਮੁੱਚ ਸਹੀ ਦਿਸਾ ਹੈ।"

ਮੁੱਖ ਮੰਤਰੀ ਨੇ ਜੋਰ ਦੇ ਕੇ ਕਿਹਾ ਕਿ ਕੇਂਦਰ ਅਤੇ ਸੂਬਿਆਂ ਵਿਚਕਾਰ ਵਧੇਰੇ ਸਹਿਯੋਗ ਹੀ ਬਿਹਤਰ ਰਸਤਾ ਹੈ। ਉਨ੍ਹਾਂ ਕਿਹਾ, "ਵੱਖ-ਵੱਖ ਸੂਬਿਆਂ ਦੁਆਰਾ ਵਿਕਸਿਤ ਕੀਤੇ ਗਏ ਸਫਲ ਮਾਡਲਾਂ ਨੂੰ ਦੇਸ ਭਰ ਵਿੱਚ ਸਾਂਝਾ ਕੀਤਾ ਜਾਣਾ ਚਾਹੀਦਾ ਹੈ। ਫੈਸਲੇ ਲੈਣ ਦੀ ਪ੍ਰਕਿਰਿਆ ਵਧੇਰੇ ਭਾਗੀਦਾਰੀ ਵਾਲੀ ਅਤੇ ਸਹਿਯੋਗੀ ਹੋਣੀ ਚਾਹੀਦੀ ਹੈ। ਬਦਕਿਸਮਤੀ ਨਾਲ ਇਹ ਬਿੱਲ ਉਲਟ ਦਿਸਾ ਵੱਲ ਵਧਦਾ ਦਿਖਾਈ ਦੇ ਰਿਹਾ ਹੈ।"

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਇਹ ਚਿੰਤਾ ਵੀ ਪ੍ਰਗਟਾਈ ਕਿ ਪ੍ਰਸਤਾਵਿਤ ਕਾਨੂੰਨ ਉੱਚ ਸਿੱਖਿਆ ਨੂੰ ਹੋਰ ਮਹਿੰਗੀ ਬਣਾ ਸਕਦਾ ਹੈ। ਉਨ੍ਹਾਂ ਸਵਾਲ ਕੀਤਾ, "ਬਿੱਲ ਦਾ ਅਧਿਐਨ ਕਰਦੇ ਸਮੇਂ ਮੇਰੇ ਸਾਹਮਣੇ ਇੱਕ ਮਹੱਤਵਪੂਰਨ ਸਵਾਲ ਉੱਭਰਿਆ। ਜੇ ਜ਼ਿਆਦਾਤਰ ਸਕਤੀਆਂ ਕੇਂਦਰ ਸਰਕਾਰ ਕੋਲ ਕੇਂਦਰਿਤ ਹੋ ਜਾਂਦੀਆਂ ਹਨ, ਜੇ ਸੂਬਾ ਸਰਕਾਰਾਂ ਦੀ ਭੂਮਿਕਾ ਲਗਾਤਾਰ ਸੁੰਗੜਦੀ ਜਾਂਦੀ ਹੈ ਅਤੇ ਜੇ ਸੂਬਾਈ ਯੂਨੀਵਰਸਿਟੀਆਂ ਅਤੇ ਕਾਲਜਾਂ 'ਤੇ ਕੇਂਦਰੀ ਰੈਗੂਲੇਟਰੀ ਕੰਟਰੋਲ ਵਧਦਾ ਹੈ ਤਾਂ ਇਨ੍ਹਾਂ ਸੰਸਥਾਵਾਂ ਦੇ ਸੰਚਾਲਨ ਅਤੇ ਵਿਕਾਸ ਲਈ ਲੋੜੀਂਦੇ ਵਿੱਤੀ ਸਰੋਤ ਕਿੱਥੋਂ ਆਉਣਗੇ?"

ਮੁੱਖ ਮੰਤਰੀ ਨੇ ਇਸਾਰਾ ਕੀਤਾ ਕਿ ਬਿੱਲ ਇਸ ਸਵਾਲ ਦਾ ਕੋਈ ਤਸੱਲੀਬਖਸ ਜਵਾਬ ਨਹੀਂ ਦਿੰਦਾ। ਉਨ੍ਹਾਂ ਕਿਹਾ, "ਜੇ ਫੈਸਲੇ ਲੈਣ ਦੀਆਂ ਸਕਤੀਆਂ ਦਾ ਕੇਂਦਰੀਕਰਨ ਕੀਤਾ ਜਾਂਦਾ ਹੈ, ਜਦੋਂ ਕਿ ਲੋੜੀਂਦੀ ਵਿੱਤੀ ਸਹਾਇਤਾ ਦੀ ਕੋਈ ਗਾਰੰਟੀ ਨਹੀਂ ਹੈ ਤਾਂ ਯੂਨੀਵਰਸਿਟੀਆਂ 'ਤੇ ਲਾਜਮੀ ਤੌਰ 'ਤੇ ਮਾਲੀਆ ਵਧਾਉਣ ਦਾ ਦਬਾਅ ਪਵੇਗਾ। ਇਸ ਨਾਲ ਫੀਸਾਂ ਵਿੱਚ ਵਾਧਾ ਹੋ ਸਕਦਾ ਹੈ, ਸਵੈ-ਵਿੱਤੀ (ਸੈਲਫ-ਫਾਈਨਾਂਸਡ) ਕੋਰਸਾਂ 'ਤੇ ਨਿਰਭਰਤਾ ਵਧ ਸਕਦੀ ਹੈ ਅਤੇ ਨਿੱਜੀ ਨਿਵੇਸ 'ਤੇ ਨਿਰਭਰਤਾ ਵਧ ਸਕਦੀ ਹੈ।"

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਚੇਤਾਵਨੀ ਦਿੱਤੀ ਕਿ ਅਜਿਹੇ ਮਾਡਲ ਦਾ ਬੋਝ ਸਭ ਤੋਂ ਵੱਧ ਮੱਧ ਵਰਗੀ, ਹੇਠਲੇ-ਮੱਧ ਵਰਗੀ ਅਤੇ ਗਰੀਬ ਪਰਿਵਾਰਾਂ 'ਤੇ ਪਵੇਗਾ। ਉਨ੍ਹਾਂ ਕਿਹਾ, "ਉੱਚ ਸਿੱਖਿਆ ਮੌਕਿਆਂ ਦਾ ਇੱਕ ਰਸਤਾ ਹੋਣੀ ਚਾਹੀਦੀ ਹੈ। ਇਹ ਕੋਈ ਅਜਿਹਾ ਵਿਸੇਸ ਅਧਿਕਾਰ ਨਹੀਂ ਬਣਨਾ ਚਾਹੀਦਾ, ਜੋ ਸਿਰਫ ਉਨ੍ਹਾਂ ਨੂੰ ਹੀ ਮਿਲੇ, ਜੋ ਇਸ ਦਾ ਖਰਚਾ ਉਠਾ ਸਕਦੇ ਹਨ।"

ਮੁੱਖ ਮੰਤਰੀ ਨੇ ਉੱਚ ਸਿੱਖਿਆ ਦੇ ਹੌਲੀ-ਹੌਲੀ ਹੋ ਰਹੇ ਨਿੱਜੀਕਰਨ ਬਾਰੇ ਵੀ ਚਿੰਤਾਵਾਂ ਪ੍ਰਗਟਾਈਆਂ। ਉਨ੍ਹਾਂ ਕਿਹਾ, "ਬਿੱਲ ਦਾ ਅਧਿਐਨ ਕਰਨ ਤੋਂ ਬਾਅਦ ਅਜਿਹਾ ਲੱਗਦਾ ਹੈ ਕਿ ਭਾਰਤ ਦੀ ਉੱਚ ਸਿੱਖਿਆ ਪ੍ਰਣਾਲੀ ਨੂੰ ਹੌਲੀ-ਹੌਲੀ ਇੱਕ ਅਜਿਹੇ ਮਾਡਲ ਵੱਲ ਧੱਕਿਆ ਜਾ ਸਕਦਾ ਹੈ, ਜਿੱਥੇ ਸਰਕਾਰੀ ਸੰਸਥਾਵਾਂ ਕਮਜ਼ੋਰ ਹੋ ਜਾਣਗੀਆਂ ਅਤੇ ਨਿੱਜੀ ਖੇਤਰ 'ਤੇ ਨਿਰਭਰਤਾ ਲਗਾਤਾਰ ਵਧੇਗੀ।"

ਉਨ੍ਹਾਂ ਚੇਤਾਵਨੀ ਦਿੱਤੀ ਕਿ ਜੇ ਨੀਤੀ ਬਣਾਉਣ, ਨਿਯਮਾਂ ਅਤੇ ਕੰਟਰੋਲ ਦਾ ਪੂਰੀ ਤਰ੍ਹਾਂ ਕੇਂਦਰੀਕਰਨ ਬਿਨਾਂ ਕਿਸੇ ਸਪੱਸਟ ਵਿੱਤੀ ਜ਼ਿੰਮੇਵਾਰੀ ਦੇ ਹੁੰਦਾ ਹੈ ਤਾਂ ਸਰਕਾਰੀ ਯੂਨੀਵਰਸਿਟੀਆਂ ਨੂੰ ਨਿੱਜੀ ਸੰਸਥਾਵਾਂ ਅਤੇ ਨਿੱਜੀ ਪੂੰਜੀ 'ਤੇ ਨਿਰਭਰ ਹੋਣ ਲਈ ਮਜਬੂਰ ਹੋਣਾ ਪਵੇਗਾ। ਉਨ੍ਹਾਂ ਕਿਹਾ, "ਅਜਿਹੇ ਬਦਲਾਅ ਦਾ ਸਿੱਧਾ ਅਸਰ ਲੱਖਾਂ ਵਿਦਿਆਰਥੀਆਂ 'ਤੇ ਪਵੇਗਾ, ਜਿਨ੍ਹਾਂ ਦੇ ਮਾਪੇ ਉਨ੍ਹਾਂ ਨੂੰ ਕਾਲਜਾਂ ਅਤੇ ਯੂਨੀਵਰਸਿਟੀਆਂ ਵਿੱਚ ਭੇਜਣ ਲਈ ਲਗਾਤਾਰ ਵੱਡੀਆਂ

**• ਕਰੋੜਾਂ ਮਾਪਿਆਂ ਦੇ ਸੁਪਨੇ ਸਿੱਖਿਆ ਨਾਲ ਜੁੜੇ ਹੋਏ ਹਨ; ਸੁਧਾਰਾਂ ਰਾਹੀਂ ਵਿਦਿਆਰਥੀਆਂ ਲਈ ਮੌਕੇ ਵਧਣੇ ਚਾਹੀਦੇ ਹਨ: ਮੁੱਖ ਮੰਤਰੀ ਭਗਵੰਤ ਸਿੰਘ ਮਾਨ• ਉੱਚ ਸਿੱਖਿਆ ਮੌਕਿਆਂ ਦਾ ਰਾਹ ਬਣੀ ਰਹਿਣੀ ਚਾਹੀਦੀ ਹੈ, ਪਰਿਵਾਰਾਂ 'ਤੇ ਬੋਝ ਨਹੀਂ ਬਣਨੀ ਚਾਹੀਦੀ: ਮੁੱਖ ਮੰਤਰੀ ਭਗਵੰਤ ਸਿੰਘ ਮਾਨ • ਵਿਦਿਅਕ ਸੁਧਾਰ ਵਿਦਿਆਰਥੀਆਂ ਨੂੰ ਕਾਮਯਾਬ ਹੋਣ ਵਿੱਚ ਮਦਦਗਾਰ ਹੋਣੇ ਚਾਹੀਦੇ ਹਨ, ਨਾ ਕਿ ਉੱਚ ਸਿੱਖਿਆ ਨੂੰ ਹੋਰ ਮਹਿੰਗੀ ਬਣਾਉਣ ਵਾਲੇ: ਮੁੱਖ ਮੰਤਰੀ ਭਗਵੰਤ ਸਿੰਘ ਮਾਨ • ਕਿਸਾਨ, ਮਜਦੂਰ ਜਾਂ ਦੁਕਾਨਦਾਰ ਦੇ ਬੱਚੇ ਨੂੰ ਸਿੱਖਿਆ ਰਾਹੀਂ ਵੱਡੇ ਸੁਪਨੇ ਦੇਖਣੇ ਜਾਰੀ ਰੱਖਣੇ ਚਾਹੀਦੇ ਹਨ: ਮੁੱਖ ਮੰਤਰੀ ਭਗਵੰਤ ਸਿੰਘ ਮਾਨ • ਭਾਰਤ ਦੀ ਤਰੱਕੀ ਉੱਚ ਸਿੱਖਿਆ ਨੂੰ ਵਧੇਰੇ ਪਹੁੰਚਯੋਗ ਅਤੇ ਕਿਫਾਇਤੀ ਬਣਾਉਣ 'ਤੇ ਨਿਰਭਰ ਕਰਦੀ ਹੈ: ਭਗਵੰਤ ਸਿੰਘ ਮਾਨ**

# ਪੰਜਾਬ ਸਰਕਾਰ ਵੱਲੋਂ 2,437 ਅਪ੍ਰੈਂਟਿਸ ਟਰੇਨੀਜ਼ ਨੂੰ ਪੀ.ਐਸ.ਪੀ.ਸੀ.ਐਲ. ਵਿੱਚ ਸਹਾਇਕ ਲਾਈਨਮੈਨ ਵਜੋਂ ਭਰਤੀ ਕਰਨ ਦਾ ਫੈਸਲਾ: ਹਰਪਾਲ ਚੀਮਾ

**ਆਜ਼ਾਦ ਸੋਚ ਬਿਊਰੋ**
**ਚੰਡੀਗੜ੍ਹ, 20 ਜੂਨ**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ ਅਨੁਸਾਰ ਪੰਜਾਬ ਸਰਕਾਰ ਨੇ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ (ਪੀਐਸਪੀਸੀਐਲ) ਵਿੱਚ 2,437 ਅਪ੍ਰੈਂਟਿਸ ਟ ?ਰੇਨੀਜ਼ ਨੂੰ ਸਹਾਇਕ ਲਾਈਨਮੈਨ (ਏਐਲਐਮ) ਵਜੋਂ ਭਰਤੀ ਕਰਨ ਦਾ ਫੈਸਲਾ ਕੀਤਾ ਹੈ। ਇਹ ਐਲਾਨ ਅੱਜ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਪੰਜਾਬ ਭਵਨ ਵਿਖੇ ਇੱਕ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਕੀਤਾ।



ਇਹ ਫੈਸਲੇ ਨਾਲ ਅਪ੍ਰੈਂਟਿਸ ਟ ?ਰੇਨੀਜ਼ ਦੀ ਲੰਬੇ ਸਮੇਂ ਤੋਂ ਚੱਲੀ ਆ ਰਹੀ ਮੰਗ ਪੂਰੀ ਹੋਵੇਗੀ, ਤੇ ਇਹ ਕਦਮ ਰੋਜ਼ਗਾਰ ਪੈਦਾ ਕਰਨ ਅਤੇ ਨੌਜਵਾਨ ਭਲਾਈ ਪ੍ਰਤੀ ਰਾਜ ਸਰਕਾਰ ਦੀ ਵਚਨਬੱਧਤਾ ਨੂੰ ਦਰਸਾਉਂਦਾ ਹੈ। ਮੁੱਖ ਮੰਤਰੀ ਨੇ ਪੰਜਾਬ ਸਰਕਾਰ ਦੇ ਵਿਭਾਗਾਂ ਵਿੱਚ ਨੌਜਵਾਨਾਂ ਨੂੰ ਰੋਜ਼ਗਾਰ ਦੇ ਮੌਕੇ ਦੇਣ ਲਈ ਮਿਸ਼ਨਰੀ ਪਹੁੰਚ ਅਪਣਾਈ ਹੈ।

ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਦੱਸਿਆ ਕਿ ਪੀਐਸਪੀਸੀਐਲ ਦੇ ਬੋਰਡ ਆਫ਼ ਡਾਇਰੈਕਟਜ਼ ਨੇ ਪੰਜਾਬ ਦੇ ਐਡਵੋਕੇਟ ਜਨਰਲ ਦੀ ਸਲਾਹ 'ਤੇ ਵਿਚਾਰ ਕਰਦਿਆਂ 2,437 ਅਪ੍ਰੈਂਟਿਸ ਟ ?ਰੇਨੀਜ਼ ਨੂੰ ਸਹਾਇਕ ਲਾਈਨਮੈਨ (ਏਐਲਐਮ) ਵਜੋਂ ਭਰਤੀ ਕਰਨ ਦੀ ਪ੍ਰਵਾਨਗੀ ਦੇ ਦਿੱਤੀ ਹੈ। ਦੱਸਣਯੋਗ ਹੈ ਕਿ ਇਹ ਟ ?ਰੇਨੀਜ਼ ਇਸ ਸਮੇਂ ਪੀਐਸਪੀਸੀਐਲ ਅਤੇ ਪੰਜਾਬ ਸਟੇਟ ਟ ?ਰਾਂਸਮਿਸ਼ਨ ਕਾਰਪੋਰੇਸ਼ਨ ਲਿਮਟਿਡ (ਪੀਐਸਟੀਸੀਐਲ) ਵਿੱਚ ਲਾਈਨਮੈਨ ਟਰੇਡ ਵਿੱਚ ਅਪ੍ਰੈਂਟਿਸਸ਼ਿਪ ਟ ?ਰੇਨਿੰਗ ਲੈ ਰਹੇ ਹਨ ਉਨ੍ਹਾਂ ਅੱਗੇ ਕਿਹਾ ਕਿ ਪੀਐਸਪੀਸੀਐਲ ਉਕਤ ਟ ?ਰੇਨੀਜ਼ ਲਈ ਇੱਕ ਵਾਰ ਦੀ ਛੋਟ ਵਜੋਂ ਪੰਜਾਬੀ ਭਾਸ਼ਾ ਦੀ ਲਾਜ਼ਮੀ ਪ੍ਰੀਖਿਆ ਕਰਵਾਏਗਾ। ਪ੍ਰੀਖਿਆ ਸ਼ਡਿਊਲ ਬਾਰੇ ਸਮੇਂ ਸਿਰ ਪੀਐਸਪੀਸੀਐਲ ਦੀ ਅਧਿਕਾਰਤ ਵੈੱਬਸਾਈਟ 'ਤੇ ਸੂਚਿਤ ਕੀਤਾ ਜਾਵੇਗਾ, ਜਿਸ ਤੋਂ ਬਾਅਦ ਇਸ ਪ੍ਰਕਿਰਿਆ ਨੂੰ ਅੱਗੇ ਵਧਾਇਆ ਜਾਵੇਗਾ। ਵਿੱਤ ਮੰਤਰੀ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਮੰਨਣਾ ਹੈ ਕਿ ਨੌਜਵਾਨਾਂ ਦੀ ਊਰਜਾ ਨੂੰ ਉਸਾਰੂ ਢੰਗ ਨਾਲ ਰਾਸ਼ਟਰ ਨਿਰਮਾਣ ਵੱਲ ਲਾਉਣ ਅਤੇ ਸਮਾਜਿਕ ਬੁਰਾਈਆਂ ਤੋਂ ਦੂਰ ਰੱਖਣ ਲਈ ਉਨ੍ਹਾਂ ਨੂੰ ਲਾਹੇਵੰਦ ਰੋਜ਼ਗਾਰ ਦੇਣਾ ਬੇਹੱਦ ਜ਼ਰੂਰੀ ਹੈ। ਉਨ੍ਹਾਂ ਅੱਗੇ ਕਿਹਾ ਕਿ ਮੌਜੂਦਾ ਸਰਕਾਰ ਦੇ ਨਿਰੰਤਰ ਯਤਨਾਂ ਸਦਕਾ ਅਪ੍ਰੈਲ 2022 ਤੋਂ ਪੀਐਸਪੀਸੀਐਲ ਅਤੇ ਪੀਐਸਟੀਸੀਐਲ ਵਿੱਚ ਕੁੱਲ 9,627 ਭਰਤੀਆਂ ਕੀਤੀਆਂ ਗਈਆਂ ਹਨ।

ਵੇਰਵੇ ਦਿੰਦਿਆਂ ਉਨ੍ਹਾਂ ਕਿਹਾ ਕਿ ਕੁੱਲ 9,627 ਭਰਤੀਆਂ ਵਿੱਚੋਂ 8,048 ਸਿੱਧੀ ਭਰਤੀ ਰਾਹੀਂ ਅਤੇ 1,579 ਤਰਸ ਦੇ ਆਧਾਰ 'ਤੇ ਕੀਤੀਆਂ ਗਈਆਂ ਸਨ। ਉਨ੍ਹਾਂ ਦੱਸਿਆ ਕਿ ਇਸ ਸਾਲ ਦੇ ਸ਼ੁਰੂ ਵਿੱਚ ਮਾਨਯੋਗ ਮੁੱਖ ਮੰਤਰੀ ਵੱਲੋਂ ਵੱਖ-ਵੱਖ ਸ਼੍ਰੇਣੀਆਂ ਨਾਲ ਸਬੰਧਤ 570 ਉਮੀਦਵਾਰਾਂ ਨੂੰ ਨਿਯੁਕਤੀ ਪੱਤਰ ਸੌਂਪੇ ਗਏ ਸਨ। ਲਗਭਗ 3,000 ਵਾਧੂ ਅਸਾਮੀਆਂ ਲਈ ਭਰਤੀ ਪ੍ਰਕਿਰਿਆ ਇਸ ਸਮੇਂ ਚੱਲ ਰਹੀ ਹੈ, ਜਿਸਦੇ ਨਵੰਬਰ 2026 ਤੱਕ ਪੂਰਾ ਹੋਣ ਦੀ ਉਮੀਦ ਹੈ। ਇਸ ਮੌਕੇ ਪ੍ਰਸ਼ਾਸਕੀ ਸਕੱਤਰ, ਬਿਜਲੀ-ਕਮ-ਚੇਅਰਮੈਨ ਅਤੇ ਮੈਨੇਜਿੰਗ ਡਾਇਰੈਕਟਰ , ਪੀਐਸਪੀਸੀਐਲ ਡਾ. ਬਸੰਤ ਗਰਗ ਵੀ ਮੌਜੂਦ ਸਨ।

**• ਅਪ੍ਰੈਲ 2022 ਤੋਂ ਪੀ.ਐਸ.ਪੀ.ਸੀ.ਐਲ. ਅਤੇ ਪੀ.ਐਸ.ਟੀ.ਸੀ.ਐਲ. ਵਿੱਚ 9,627 ਨਿਯੁਕਤੀਆਂ ਕੀਤੀਆਂ; 3000 ਹੋਰ ਭਰਤੀਆਂ ਪ੍ਰਗਤੀ ਅਧੀਨ: ਹਰਪਾਲ ਸਿੰਘ ਚੀਮਾ • ਭਗਵੰਤ ਮਾਨ ਸਰਕਾਰ ਨੇ ਨੌਜਵਾਨਾਂ ਨੂੰ ਰੋਜ਼ਗਾਰ ਦੇਣ ਦਾ ਵਾਅਦਾ ਨਿਭਾਇਆ**

# 'ਗੈਂਗਸਟਰਾਂ 'ਤੇ ਵਾਰ' ਦੇ ਪੰਜ ਮਹੀਨੇ: 716 ਹਥਿਆਰਾਂ ਸਮੇਤ 38 ਹਜ਼ਾਰ ਤੋਂ ਵੱਧ ਮੁਲਜ਼ਮ ਗ੍ਰਿਫ਼ਤਾਰ

**ਆਜ਼ਾਦ ਸੋਚ ਬਿਊਰੋ**
**ਚੰਡੀਗੜ੍ਹ, 20 ਜੂਨ**

'ਗੈਂਗਸਟਰਾਂ 'ਤੇ ਵਾਰ' ਮੁਹਿੰਮ ਨੂੰ ਪੰਜ ਮਹੀਨੇ ਪੂਰੇ ਹੋ ਗਏ ਹਨ ਅਤੇ ਪੰਜਾਬ ਪੁਲਿਸ ਨੇ ਮੁਹਿੰਮ ਦੀ ਸ਼ੁਰੂਆਤ ਤੋਂ ਲੈ ਕੇ ਹੁਣ ਤੱਕ ਸੂਬੇ ਭਰ ਵਿੱਚ 93,927 ਛਾਪੇਮਾਰੀਆਂ ਕਰਕੇ ਗੈਂਗਸਟਰਾਂ ਅਤੇ ਉਨ੍ਹਾਂ ਨਾਲ ਸਬੰਧਤ ਅਪਰਾਧੀਆਂ ਸਮੇਤ ਕੁੱਲ 38,738 ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਹੈ ਜ਼ਿਕਰਯੋਗ ਹੈ ਕਿ 'ਗੈਂਗਸਟਰਾਂ 'ਤੇ ਵਾਰ' - ਪੰਜਾਬ ਨੂੰ ਗੈਂਗਸਟਰ ਮੁਕਤ ਸੂਬਾ ਬਣਾਉਣ ਲਈ ਫੈਸਲਾਕੁੰਨ ਜੰਗ ਹੈ, ਜੋ 20 ਜਨਵਰੀ, 2026 ਨੂੰ ਪੁਲਿਸ ਡਾਇਰੈਕਟਰ ਜਨਰਲ (ਡੀਜੀਪੀ) ਪੰਜਾਬ ਗੌਰਵ ਯਾਦਵ ਵੱਲੋਂ ਸ਼ੁਰੂ ਕੀਤੀ ਗਈ ਸੀ। ਐਂਟੀ-ਗੈਂਗਸਟਰ ਟਾਸਕ ਫੋਰਸ (ਏਜੀਟੀਐਫ) ਪੰਜਾਬ ਦੇ ਤਾਲਮੇਲ ਨਾਲ ਸਾਰੇ ਜ਼ਿਲਿਆਂ ਦੀਆਂ ਪੁਲਿਸ ਟੀਮਾਂ ਸੂਬੇ ਭਰ ਵਿੱਚ ਵਿਸ਼ੇਸ਼ ਕਾਰਵਾਈਆਂ ਕਰ ਰਹੀਆਂ ਹਨ।

ਵਿਸ਼ੇਸ਼ ਡੀਜੀਪੀ ਕਾਨੂੰਨ ਅਤੇ ਵਿਵਸਥਾ ਪ੍ਰਵੀਨ ਸਿਨਹਾ ਨੇ ਦੱਸਿਆ ਕਿ ਪੁਲਿਸ ਟੀਮਾਂ ਨੇ ਹੁਣ ਤੱਕ ਗ੍ਰਿਫ਼ਤਾਰ ਵਿਅਕਤੀਆਂ ਦੇ ਕਬਜ਼ੇ ਵਿੱਚੋਂ 1,976 ਜ਼ਿੰਦਾ ਕਾਰਤੂਸਾਂ ਤੇ 209 ਮੈਗਜ਼ੀਨਾਂ ਸਮੇਤ 716 ਹਥਿਆਰ, 187 ਤੇਜ਼ਧਾਰ ਹਥਿਆਰ ਅਤੇ 12 ਹੈਂਡ ਗ੍ਰਨੇਡ ਬਰਾਮਦ ਕੀਤੇ ਹਨ।

ਉਨ੍ਹਾਂ ਦੱਸਿਆ ਕਿ ਇਸ ਤੋਂ ਇਲਾਵਾ ਹੁਣ ਤੱਕ 15,825 ਵਿਅਕਤੀਆਂ ਵਿਰੁੱਧ ਇਹਤਿਆਤੀ ਕਾਰਵਾਈ ਕੀਤੀ ਗਈ ਹੈ, ਜਦੋਂ ਕਿ 18,042 ਵਿਅਕਤੀਆਂ ਨੂੰ ਤਸਦੀਕ ਅਤੇ ਪੁੱਛਗਿੱਛ ਤੋਂ ਬਾਅਦ ਜਾਣ ਦਿੱਤਾ ਗਿਆ। ਉਨ੍ਹਾਂ ਕਿਹਾ ਕਿ ਪੁਲਿਸ ਟੀਮਾਂ ਨੇ ਮੁਹਿੰਮ ਸ਼ੁਰੂ ਹੋਣ ਤੋਂ ਲੈ ਕੇ ਹੁਣ ਤੱਕ 1,244 ਭਗੌੜੇ ਅਪਰਾਧੀਆਂ (ਪੀਓ) ਨੂੰ ਵੀ ਗ੍ਰਿਫ਼ਤਾਰ ਕੀਤਾ ਹੈ।

151ਵੇਂ ਦਿਨ ਪੁਲਿਸ ਟੀਮਾਂ ਨੇ 575 ਛਾਪੇਮਾਰੀਆਂ ਕੀਤੀਆਂ ਜਿਸ ਦੇ ਚਲਦਿਆਂ 348 ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਗਿਆ। ਇਸ ਤੋਂ ਇਲਾਵਾ 125 ਵਿਅਕਤੀਆਂ ਵਿਰੁੱਧ ਇਹਤਿਆਤੀ ਕਾਰਵਾਈ ਕੀਤੀ ਗਈ ਅਤੇ ਪੰਜ ਭਗੌੜੇ ਅਪਰਾਧੀਆਂ (ਪੀਓ) ਨੂੰ ਵੀ ਗ੍ਰਿਫ਼ਤਾਰ ਕੀਤਾ ਗਿਆ ਹੈ।

ਵਿਸ਼ੇਸ਼ ਡੀਜੀਪੀ ਨੇ ਕਿਹਾ ਕਿ 'ਗੈਂਗਸਟਰਾਂ 'ਤੇ ਵਾਰ' ਮੁਹਿੰਮ ਇਸੇ ਜੋਸ਼ ਅਤੇ ਮੁਸਤੈਦੀ ਨਾਲ ਜਾਰੀ ਰਹੇਗੀ ਲੋਕ, ਐਂਟੀ ਗੈਂਗਸਟਰ ਹੈਲਪਲਾਈਨ ਨੰਬਰ 93946-93946 ਰਾਹੀਂ ਗੁਪਤ ਰੂਪ ਵਿੱਚ ਲੋੜੀਂਦੇ ਅਪਰਾਧੀਆਂ ਅਤੇ ਗੈਂਗਸਟਰਾਂ ਬਾਰੇ ਰਿਪੋਰਟ ਕਰ ਸਕਦੇ ਹਨ ਅਤੇ ਅਪਰਾਧ ਅਤੇ ਅਪਰਾਧਿਕ ਗਤੀਵਿਧੀਆਂ ਬਾਰੇ ਸੂਹ ਵੀ ਦਿੱਤੀ ਜਾ ਸਕਦੀ ਹੈ।

# ਵੀਡੀਓ ਮਸਲੇ 'ਤੇ ਪੰਜਾਬ ਦੇ ਮੁੱਖ ਮੰਤਰੀ ਨੇ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਨਮੁਖ ਰੱਖਿਆ ਪੱਖ

**ਆ ਜ਼ਾਦ ਸੋਚ**
**ਸੁਖਰਾਜ ਸਿੰਘ**
**ਨਵੀਂ ਦਿੱਲੀ, 20 ਜੂਨ**

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਜਦੋਂ 15 ਜਨਵਰੀ 2026 ਨੂੰ ਉਨ੍ਹਾਂ ਵਿਰੁੱਧ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਚੱਲ ਰਹੇ ਵੱਖ-ਵੱਖ ਮਸਲਿਆਂ ਸਬੰਧੀ ਪੇਸ਼ ਹੋਣ ਲਈ ਪੁੱਜੇ ਤਾਂ ਉਨ੍ਹਾਂ ਦੀ ਇਤਰਾਜ਼ਯੋਗ ਵੀਡੀਓ ਦੇ ਸਬੰਧ 'ਚ ਮੁੱਖ ਮੰਤਰੀ ਨੇ ਕਿਹਾ ਕਿ ਇਹ ਬਿਲਕੁਲ ਹੀ ਨਕਲੀ ਹੈ। ਮੁੱਖ ਮੰਤਰੀ ਨੇ ਕਿਹਾ ਕਿ ਉਹ ਵੀ ਚਾਹੁੰਦੇ ਹਨ ਕਿ ਵੀਡੀਓ ਦੀ ਜਾਂਚ ਹੋਵੇ, ਉਹ ਫੋਰੈਂਸਿਕ ਲੈਬਾਂ ਦੇ ਪਤੇ ਦੇ ਦੇਣਗੇ ਅਤੇ ਅੱਜ ਕੱਲ੍ਹ ਏ.ਆਈ. (ਆਰਟੀਫੀਸ਼ੀਅਲ ਇੰਟੈਲੀਜੈਂਸ) ਦਾ ਸਮਾਂ ਹੈ, ਮੇਰੇ ਤੋਂ ਇਲਾਵਾ ਹੋਰਾਂ ਦੀਆਂ ਵੀ ਏ.ਆਈ. ਵੀਡੀਓ ਬਣੀਆਂ ਹਨ। ਮੁੱਖ ਮੰਤਰੀ ਨੇ ਆਖਿਆ ਕਿ ਉਹ ਆਪਣੀਆਂ ਨੰਗੀਆਂ ਅੱਖਾਂ, ਫੋਰੈਂਸਿਕ ਤੋਂ ਬਿਨਾਂ ਵੀ ਵੀਡੀਓ ਦੇ ਤੱਥਾਂ ਬਾਰੇ ਦੱਸ ਸਕਦੇ ਹਨ।ਜਥੇਦਾਰ ਕੁਲਦੀਪ ਸਿੰਘ ਗੜਗੱਜ ਨੇ ਮੁੱਖ ਮੰਤਰੀ ਭਗਵੰਤ ਸਿੰਘ ਨੂੰ ਆਖਿਆ ਕਿ ਉਹ ਸਰਕਾਰ ਦੀਆਂ ਕੋਈ ਦੋ ਅਜਿਹੀਆਂ ਫੋਰੈਂਸਿਕ ਲੈਬੋਰੇਟਰੀਆਂ ਦੱਸਣ ਜਿੱਥੋਂ ਵੀਡੀਓ ਦੀ ਜਾਂਚ ਹੋਵੇਗੀ। ਇਸ 'ਤੇ ਮੁੱਖ ਮੰਤਰੀ ਭਗਵੰਤ ਸਿੰਘ ਨੇ ਜਾਂਚ ਕਰਵਾਉਣ ਲਈ ਹਾਮੀ ਭਰੀ।ਜਥੇਦਾਰ ਗਿਆਨੀ ਕੁਲਦੀਪ ਸਿੰਘ ਨੇ ਕਿਹਾ ਕਿ ਇਸ ਮਸਲੇ 'ਚ ਗੱਲ ਗੁਰੂ ਸਾਹਿਬਾਨ ਨਾਲ ਸਬੰਧਤ ਹੈ ਅਤੇ ਜੇਕਰ ਵੀਡੀਓ ਗਲਤ ਵੀ ਹੈ ਤਾਂ ਇਸ 'ਤੇ ਕਿਸੇ ਦੀ ਕਿਰਦਾਰਕੁਸ਼ੀ ਨਹੀਂ ਹੋਣੀ ਚਾਹੀਦੀ, ਪ੍ਰੰਤੂ ਵੀਡੀਓ ਸਹੀ ਜਾਂ ਗਲਤ ਦਾ ਨਿਚੋੜ ਫੋਰੈਂਸਿਕ ਜਾਂਚ ਰਾਹੀਂ ਹੀ ਨਿਕਲ ਸਕਦਾ ਹੈ। ਮੁੱਖ ਮੰਤਰੀ ਭਗਵੰਤ ਸਿੰਘ ਨੇ ਸਿੰਘ ਸਾਹਿਬ ਨੂੰ ਕਿਹਾ ਕਿ ਜਾਂਚ ਆਪ ਦੀ ਦੇਖ-ਰੇਖ ਵਿੱਚ ਹੀ ਜਿਹੜੀ




ਮਰਜ਼ੀ ਫੋਰੈਂਸਿਕ ਲੈਬ ਤੋਂ ਕਰਵਾ ਲਈ ਜਾਵੇ, ਅਸੀਂ ਕਰਵਾ ਦਿਆਂਗੇ। ਸਿੰਘ ਸਾਹਿਬ ਨੇ ਪੁੱਛਿਆ ਕਿ ਕੀ ਤੁਸੀਂ ਇਸ ਵੀਡੀਓ ਦੀ ਜਾਂਚ ਕਰਵਾਈ ਹੈ। ਇਸ 'ਤੇ ਮੁੱਖ ਮੰਤਰੀ ਜਵਾਬ ਦਿੰਦੇ ਹਨ ਕਿ ਸਾਡੇ ਕੋਲ ਕੋਰਟ ਦਾ ਆਰਡਰ ਹੈ ਕਿ ਇਹ ਵੀਡੀਓ ਹੀ ਗਲਤ ਹੈ। ਜਥੇਦਾਰ ਗੜਗੱਜ ਨੇ ਆਖਿਆ ਕਿ ਉਨ੍ਹਾਂ ਨੇ ਕੋਰਟ ਦਾ ਆਰਡਰ ਪੜ੍ਹਿਆ ਹੈ, ਅਦਾਲਤ ਨੇ ਇਸ ਵੀਡੀਓ ਦੀ ਜਾਂਚ ਨਹੀਂ ਕਰਵਾਈ। ਮੁੱਖ ਮੰਤਰੀ ਨੇ ਕਿਹਾ ਕਿ ਜੇਕਰ ਆਪ (ਸਿੰਘ ਸਾਹਿਬ) ਕਹਿੰਦੇ ਹਨ ਤਾਂ ਉਹ ਫੋਰੈਂਸਿਕ ਜਾਂਚ ਕਰਵਾਉਣ ਲਈ ਤਿਆਰ ਹਨ।

ਇਸ ਉਪਰੰਤ ਜਥੇਦਾਰ ਗੜਗੱਜ ਮੁੱਖ ਮੰਤਰੀ ਨੂੰ ਕੋਈ ਦੋ ਫੋਰੈਂਸਿਕ ਲੈਬਾਂ ਦੱਸਣ ਲਈ ਆਖਦੇ ਹਨ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਇਸ ਵੀਡੀਓ ਦੀ ਜਾਂਚ ਕਰਵਾਏਗਾ। ਉਨ੍ਹਾਂ ਕਿਹਾ ਕਿ ਜੇਕਰ ਵੀਡੀਓ ਝੂਠੀ ਹੋਈ ਤਾਂ ਸਿੱਧ ਹੋ ਜਾਵੇਗਾ ਅਤੇ ਜੇਕਰ ਸੱਚੀ ਨਿਕਲੀ ਤਾਂ ਇਸ ਦਾ ਅਗਲਾ ਫ਼ੈਸਲਾ ਖ਼ਾਲਸਾ ਪੰਥ ਕਰੇਗਾ। ਜਥੇਦਾਰ ਗੜਗੱਜ ਨੇ ਕਿਹਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਵੱਖਰੇ ਤੌਰ 'ਤੇ ਵੀ ਦੋ ਲੈਬਾਂ ਤੋਂ ਜਾਂਚ ਕਰਵਾਏਗਾ ਪਰੰਤੂ ਸਰਕਾਰ ਵੀ ਆਪਣੇ ਵੱਲੋਂ ਦੋ ਲੈਬਾਂ ਤੋਂ ਕਰਵਾ ਕੇ ਦੇਵੇ। ਜ਼ਰੂਰੀ ਪੱਖ: ਭਗਵੰਤ ਸਿੰਘ ਨੂੰ ਜਦੋਂ ਵੀਡੀਓ ਬਾਰੇ ਸਵਾਲ ਕੀਤਾ ਗਿਆ ਤਾਂ ਇਹ ਮੰਨੇ ਕਿ ਵੀਡੀਓ ਦੀ ਜਾਂਚ ਜ਼ਰੂਰੀ ਹੈ। ਜੇ ਵੀਡੀਓ ਗਲਤ ਹੈ ਤਾਂ ਕਿਸੇ ਦੀ ਕਿਰਦਾਰ ਕੁਸ਼ੀ ਨਹੀਂ ਹੋਣੀ ਚਾਹੀਦੀ।ਜੇ ਅਸਲੀ ਹੈ ਤਾਂ ਖ਼ਾਲਸਾ ਪੰਥ ਫੈਸਲਾ ਕਰੇਗਾ। ਭਗਵੰਤ ਸਿੰਘ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਕੋਲ ਕਿਹਾ ਕਿ ਵੀਡੀਓ ਨਕਲੀ ਹੈ, ਜਦਕਿ ਜਾਂਚ ਵਿੱਚ ਵੀਡੀਓ ਸਹੀ ਪਾਈ ਗਈ ਹੈ।ਭਗਵੰਤ ਸਿੰਘ ਨੂੰ ਇਹ ਵੀ ਦੱਸਿਆ ਗਿਆ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਆਪਣੇ ਵੱਲੋਂ ਦੋ ਲੈਬਾਂ ਤੋਂ ਜਾਂਚ ਕਰਵਾਏਗਾ। ਭਗਵੰਤ ਸਿੰਘ ਨੇ ਇਹ ਵੀ ਕਿਹਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਖੁਦ ਹੀ ਜਾਂਚ ਕਰਵਾ ਲਵੇ, ਫਿਰ ਵੀ ਭਗਵੰਤ ਸਿੰਘ ਨੂੰ ਕਿਹਾ ਗਿਆ ਕਿ ਉਹ ਆਪਣੇ ਵੱਲੋਂ ਦੋ ਲੈਬਾਂ ਦੇ ਨਾਮ ਜ਼ਰੂਰ ਦੇਣ, ਜੋ ਕਿ ਉਨ੍ਹਾਂ ਵੱਲੋਂ ਅੱਜ ਤੱਕ ਨਹੀਂ ਦਿੱਤੇ ਗਏ।

# ਸੂਬੇ ਨੂੰ ਵਿਰੋਧੀ ਤਾਕਤਾਂ ਤੋਂ ਬਚਾਉਣ ਲਈ ਭਗਵੰਤ ਮਾਨ ਨੂੰ ਦੁਬਾਰਾ ਮੁੱਖ ਮੰਤਰੀ ਬਣਾਉਣ ਦੀ ਗੱਲ ਚੱਲੀ: ਮਨੀਸ਼ ਸਿਸੋਦੀਆ

## ਆਪ ਦੇ ਪੰਜਾਬ ਪ੍ਰਭਾਰੀ ਮਨੀਸ਼ ਸਿਸੋਦੀਆ ਨੇ ਸਰਹਿੰਦ ਵਿਖੇ ਕੀਤੀ ਵੋਲੰਟੀਅਰ ਮਿਲਣੀ

**ਆ ਜ਼ਾਦ ਸੋਚ**
**ਸੁਨੀਲ ਵਰਮਾ**
**ਫਤਿਹਗੜ੍ਹ ਸਾਹਿਬ , 20 ਜੂਨ**

ਆਮ ਆਦਮੀ ਪਾਰਟੀ ਦੇ ਪੰਜਾਬ ਪ੍ਰਭਾਰੀ ਮਨੀਸ਼ ਸਿਸੋਦੀਆ (ਸਾਬਕਾ ਸਿੱਖਿਆ ਮੰਤਰੀ ਦਿੱਲੀ) ਨੇ ਸਰਹਿੰਦ ਦੇ ਸੋਹਣ ਫਾਰਮ ਵਿਖੇ ਵਲੰਟੀਅਰ ਮਿਲਣੀ ਕੀਤੀ। ਇਸ ਵਿੱਚ ਪਿਛਲੇ ਸਾਢੇ ਚਾਰ ਸਾਲਾਂ ਦੌਰਾਨ ਪੰਜਾਬ ਸਰਕਾਰ ਵੱਲੋਂ ਕੀਤੇ ਗਏ ਕੰਮਾਂ ਸਬੰਧੀ ਆਮ ਲੋਕਾਂ ਦੀ ਰਾਏ ਲਈ ਗਈ ਅਤੇ ਆਉਣ ਵਾਲੀ ਵਿਧਾਨ ਸਭਾ 2027 ਦੀਆਂ ਚੋਣਾਂ ਲੜਨ ਦੀ ਰਣਨੀਤੀ ਉਲੀਕੀ ਗਈ।

ਇਸ ਮੌਕੇ ਮਨੀਸ਼ ਸਿਸੋਦੀਆ ਨੇ ਸੰਬੋਧਨ ਕਰਦਿਆਂ ਕਿਹਾ ਕਿ ਪਿਛਲੇ ਸਾਢੇ ਚਾਰ ਸਾਲਾਂ ਦੇ ਦੌਰਾਨ ਪੰਜਾਬ ਨੇ ਤਰੱਕੀ ਕੀਤੀ ਹੈ। ਜਿੱਥੇ ਸਿੱਖਿਆ ਦੇ ਖੇਤਰ ਵਿੱਚ ਪਹਿਲੇ ਨੰਬਰ ਉੱਤੇ ਆਇਆ ਹੈ, ਉੱਥੇ ਹੀ 10 ਲੱਖ ਰੁਪਏ ਤੱਕ ਦੇ ਸਿਹਤ ਬੀਮਾ ਯੋਜਨਾ ਦੇ ਕਾਰਡਾਂ ਦੇ ਨਾਲ ਲੋਕਾਂ ਨੂੰ ਵੱਡੀ ਰਾਹਤ ਮਿਲੀ ਹੈ। ਇੱਥੇ ਹੀ ਬੱਸ ਨਹੀਂ ਜਿੱਥੇ ਆਮ ਲੋਕਾਂ ਨੂੰ ਬਿਜਲੀ ਦੇ ਵੱਡੇ ਵੱਡੇ ਬਿਲਾਂ ਤੋਂ ਛੁਟਕਾਰਾ ਮਿਲਿਆ, ਉੱਥੇ ਹੀ ਸੂਬੇ ਦੇ ਵਿੱਚ ਨਹਿਰੀ ਪਾਣੀ ਪਿੰਡਾਂ ਦੀਆਂ ਟੇਲਾਂ ਤੱਕ ਪਹੁੰਚਿਆ। ਜਿਸ ਦੀ ਬਦੌਲਤ ਪੰਜਾਬ ਦੇ ਵਿੱਚ 78 ਫੀਸਦੀ ਨਹਿਰੀ ਪਾਣੀ ਇਸਤੇਮਾਲ ਹੋ ਰਿਹਾ ਹੈ। ਧਰਤੀ ਹੇਠਲਾ ਪਾਣੀ ਬਚਿਆ ਹੈ, ਕੇਂਦਰ ਦੀਆਂ ਰਿਪੋਰਟਾਂ ਮੁਤਾਬਕ ਡੇਢ ਤੋਂ ਦੋ ਮੀਟਰ ਤੱਕ ਪਾਣੀ ਦਾ ਲੇਵਲ ਉੱਪਰ ਆ ਗਿਆ ਹੈ। ਉਹਨਾਂ ਕਿਹਾ ਕਿ ਪੰਜਾਬ ਭਰ ਦੇ ਅੰਦਰ ਮੁੱਖ ਮੰਤਰੀ ਭਗਵੰਤ ਮਾਨ ਨੂੰ ਦੁਬਾਰਾ ਮੁੱਖ ਮੰਤਰੀ ਬਣਾਉਣ ਦੀ ਗੱਲ ਚੱਲ ਰਹੀ ਹੈ, ਇਹ ਤਾਂ ਹੀ ਸੰਭਵ ਹੋਵੇਗਾ ਜੇਕਰ ਵਲੰਟੀਅਰ ਹਰ ਘਰ ਤੱਕ ਪਹੁੰਚ ਕਰਨਗੇ ਅਤੇ ਪੰਜਾਬ ਸਰਕਾਰ ਵੱਲੋਂ ਦਿੱਤੀਆਂ ਗਈਆਂ ਸੁਵਿਧਾਵਾਂ ਨੂੰ ਆਮ ਲੋਕਾਂ ਤੱਕ ਪਹੁੰਚਾਉਣਗੇ, ਉਹਨਾਂ ਦੇ ਦੁੱਖ ਦਰਦ ਸੁਣਨਗੇ। ਇਸ ਲਈ ਵਲੰਟੀਅਰਾਂ ਨੂੰ ਅੱਜ ਤੋਂ ਹੀ ਮੈਦਾਨ ਦੇ ਵਿੱਚ ਕੁੱਦ ਜਾਣਾ ਚਾਹੀਦਾ ਹੈ ਅਤੇ ਹਰ ਉਸ ਘਰ ਤੱਕ ਪਹੁੰਚ ਕਰਨੀ ਚਾਹੀਦੀ ਹੈ, ਜਿਸ ਘਰ ਤੱਕ ਹੁਣ ਤੱਕ ਪਹੁੰਚ ਨਹੀਂ ਕੀਤੀ ਗਈ। ਉਹਨਾਂ ਕਿਹਾ ਕਿ ਪਿਛਲੀਆਂ ਸਰਕਾਰਾਂ ਭਾਵੇਂ ਉਹ ਕਾਂਗਰਸ ਦੀ ਹੋਵੇ, ਭਾਵੇਂ ਅਕਾਲੀ ਦਲ ਭਾਜਪਾ ਗੱਠਜੋੜ ਦੀ, ਦੋਵਾਂ ਨੇ ਹੀ ਪੰਜਾਬ ਨੂੰ ਰਲ ਕੇ ਲੁੱਟਿਆ ਹੈ ਅਤੇ ਕੁੱਟਿਆ ਹੈ। ਉਨਾਂ ਦੀਆਂ ਗਲਤ ਨੀਤੀਆਂ ਤੋਂ ਤੰਗ ਲੋਕਾਂ ਨੇ ਆਮ ਆਦਮੀ ਪਾਰਟੀ ਨੂੰ ਮੌਕਾ ਦਿੱਤਾ ਹੈ ਅਤੇ ਆਮ ਆਦਮੀ ਪਾਰਟੀ ਨੇ ਸਾਢੇ ਚਾਰ ਸਾਲਾਂ ਦੇ ਵਿੱਚ ਉਹ ਸਾਰੇ ਵਾਅਦੇ ਪੂਰੇ ਕੀਤੇ ਹਨ ਜਿਹੜੇ ਉਹਨਾਂ ਚੋਣਾਂ ਤੋਂ ਪਹਿਲਾਂ ਲੋਕਾਂ ਦੇ ਨਾਲ ਕੀਤੇ ਸਨ।




ਇਹਨਾਂ ਵਾਅਦਿਆਂ ਨੂੰ ਪੂਰਾ ਕਰਕੇ ਪੰਜਾਬ ਨੇ ਵਿਕਾਸ ਕੀਤਾ ਹੈ ਜੇਕਰ ਅਸੀਂ ਦੁਬਾਰਾ ਚਾਹੁੰਦੇ ਹਾਂ ਕਿ ਪੰਜਾਬ ਹੋਰ ਤਰੱਕੀ ਕਰੇ ਤਾਂ ਦੁਬਾਰਾ ਭਗਵੰਤ ਮਾਨ ਨੂੰ ਮੁੱਖ ਮੰਤਰੀ ਬਣਾਉਣ ਦੇ ਲਈ ਲੜਾਈ ਲੜਨੀ ਹੋਵੇਗੀ। ਇਸ ਮੌਕੇ ਫਤਿਹਗੜ੍ਹ ਸਾਹਿਬ ਦੇ ਵਿਧਾਇਕ ਐਡਵੋਕੇਟ ਲਖਬੀਰ ਸਿੰਘ ਰਾਏ ਨੇ ਜਿੱਥੇ ਹਲਕਾ ਫਤਿਹਗੜ੍ਹ ਸਾਹਿਬ ਦੇ ਵਲੰਟੀਅਰਾਂ ਨੂੰ ਜੀ ਆਇਆ ਆਖਿਆ, ਉੱਥੇ ਹੀ ਸਾਰਿਆਂ ਦਾ ਧੰਨਵਾਦ ਵੀ ਕੀਤਾ। ਅੰਤ ਵਿੱਚ ਉਹਨਾਂ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ 21 ਜੂਨ ਨੂੰ ਪਿੰਡ ਚਨਾਰਥਲ ਕਲਾਂ ਵਿਖੇ ਕੀਤੀ ਜਾਣ ਵਾਲੀ ਪਿੰਡ ਮਿਲਣੀ ਵਿੱਚ ਸ਼ਾਮਿਲ ਹੋਣ ਦੀ ਅਪੀਲ ਵੀ ਕੀਤੀ।

ਇਸ ਮੌਕੇ ਪ੍ਰਦੀਪ ਮਲੋਤਰਾ, ਜਿਲ ?ਾ ਪ੍ਰਧਾਨ ਅਜੇ ਲਿਬੜਾ, ਐਡਵੋਕੇਟ ਕੰਵਰਵੀਰ ਸਿੰਘ ਰਾਏ, ਗੁਰਵਿੰਦਰ ਢਿੱਲੋਂ, ਰਸ਼ਪਿੰਦਰ ਰਾਜਾ, ਦੀਪਕ ਬਾਤਿਸ਼, ਰਮੇਸ਼ ਕੁਮਾਰ ਸੋਨੂੰ, ਅਸੀਸ ਅਤਰੀ, ਕੌਂਸਲਰ ਆਸ਼ਾ ਰਾਣੀ, ਕੌਂਸਲਰ ਜਤਿੰਦਰ ਕੌਰ ਬਾਤੀਸ, ਕੌਂਸਲਰ ਗੁਰਵਿੰਦਰ ਕੌਰ, ਨਵਜੋਤ ਜਰਗ, ਗੁਰਪ੍ਰੀਤ ਭਿੰਡਰ, ਮਨਦੀਪ ਪੋਲਾ, ਮਾਸਟਰ ਸੰਤੋਖ ਸਿੰਘ, ਸੰਦੀਪ ਭੱਲਮਾਜਰਾ, ਗੁਰਮੁੱਖ ਬ੍ਰਾਹਮਣ ਮਾਜਰਾ, ਰਾਜ ਦਵਿੰਦਰ ਲਾਡੀ, ਸਰਪੰਚ ਸਤਪਾਲ ਸਿੰਘ, ਦਵਿੰਦਰ ਸਿੰਘ, ਨੰਬਰਦਾਰ ਬੰਟੀ ਸੈਣੀ, ਸਨੀ ਚੋਪੜਾ, ਐਡਵੋਕੇਟ ਰੀਨਾ ਰਾਣੀ, ਜਸਵੀਰ ਕੌਰ ਰਾਮਦਾਸ ਨਗਰ, ਬਲਜਿੰਦਰ ਕੌਰ ਰਾਮਦਾਸ ਨਗਰ, ਗੁਰਬਚਨ ਕੌਰ ਫਤਿਹਗੜ੍ਹ ਸਾਹਿਬ, ਅਮਰਦੀਪ ਸਿੰਘ, ਸੰਦੀਪ ਵੈਦ, ਐਡਵੋਕੇਟ ਗੌਰਵ ਅਰੋੜਾ, ਮੋਹਿਤ ਸੂਦ ਤੋਂ ਇਲਾਵਾ ਵੱਡੀ ਗਿਣਤੀ ਦੇ ਵਿੱਚ ਆਮ ਆਦਮੀ ਪਾਰਟੀ ਦੇ ਵਲੰਟੀਅਰ ਹਾਜ਼ਰ ਸਨ।

# ਗੁਰਦੁਆਰਾ ਸਿੰਘ ਸਭਾ,ਗਲੀ ਨੰਬਰ-7, ਗੋਬਿੰਦਪੁਰੀ ਨੇ 'ਸਾਂਝ ਪੰਥਕ ਵਿਚਾਰਾਂ ਦੀ' ਸਮਾਗਮ ਕਰਵਾਇਆ




ਆ ਜ਼ਾਦ ਸੋਚ
ਸੁਖਰਾਜ ਸਿੰਘ
ਨਵੀਂ ਦਿੱਲੀ, 20 ਜੂਨ

ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ, ਗਲੀ ਨੰਬਰ-7, ਗੋਬਿੰਦਪੁਰ, ਨਵੀਂ ਦਿੱਲੀ ਵੱਲੋਂ ਗੁਰਦੁਆਰਾ ਸਾਹਿਬ ਜੀ ਦੇ ਬੇਸਮੈਂਟ ਹਾਲ ਵਿੱਚ ਪੰਥਕ ਮਸਲਿਆਂ 'ਤੇ ਵਿਚਾਰ ਕਰਨ ਲਈ ਇੱਕ ਸ਼ਾਨਦਾਰ ਸਮਾਗਮ ÷ਸਾਂਝ ਪੰਥਕ ਵਿਚਾਰਾਂ ਦੀ÷ ਉਲੀਕਿਆ ਗਿਆ, ਜਿਸ ਵਿੱਚ ਹਲਕਾ ਕਾਲਕਾ ਜੀ ਦੀਆਂ ਗੁਰਦੁਆਰਾ ਪ੍ਰਬੰਧਕ ਕਮੇਟੀਆਂ, ਧਾਰਮਿਕ ਜਥੇਬੰਦੀਆਂ, ਇਸਤਰੀ ਸਤਿਸੰਗ ਸਭਾਵਾਂ ਸਹਿਤ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਸ਼ਮੂਲੀਅਤ ਕੀਤੀ।ਇਸ ਸਮਾਗਮ ਵਿੱਚ ਬਤੌਰ ਮੁੱਖ ਮਹਿਮਾਨ ਸ਼ਾਮਿਲ ਹੋਏ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸ. ਹਰਮੀਤ ਸਿੰਘ ਕਾਲਕਾ ਦਾ ਗੁਰਦੁਆਰਾ ਕਮੇਟੀ ਦੇ ਪ੍ਰਧਾਨ ਸ. ਸੁਰਜੀਤ ਸਿੰਘ, ਜਨਰਲ ਸਕੱਤਰ ਸ. ਹਰਦਿੱਤ ਸਿੰਘ ਗੋਬਿੰਦਪੁਰੀ, ਮੀਤ ਪ੍ਰਧਾਨ ਸ. ਰਜਿੰਦਰ ਸਿੰਘ, ਖਜਾਂਚੀ ਸ. ਅਜੈਪਾਲ ਸਿੰਘ, ਮੀਤ ਖਜਾਂਚੀ ਸ. ਕੁਲਦੀਪ ਸਿੰਘ ਅਤੇ ਜੀ.ਐਚ.ਪੀ.ਐਸ. ਕਾਲਕਾ ਜੀ ਦੇ ਚੇਅਰਮੈਨ ਸ. ਸਤਨਾਮ ਸਿੰਘ ਸੱਤਾ ਵੱਲੋਂ ਨਿੱਘਾ ਸਤਿਕਾਰ ਕੀਤਾ ਗਿਆ।

**ਹਰਦਿੱਤ ਸਿੰਘ ਗੋਬਿੰਦਪੁਰੀ ਨੇ ਹਰਮੀਤ ਸਿੰਘ ਕਾਲਕਾ ਨੂੰ ਸ਼੍ਰੋਮਣੀ ਅਕਾਲੀ ਦਲ ਦਿੱਲੀ ਸਟੇਟ ਦੇ ਗਠਨ ਲਈ ਦਿੱਤੀ ਵਧਾਈ**

ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਪੰਜਾਬੀ ਭਾਸ਼ਾ ਪ੍ਰਸਾਰ ਕਮੇਟੀ ਦੇ ਚੇਅਰਮੈਨ ਅਤੇ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਜਨਰਲ ਸਕੱਤਰ ਸ. ਹਰਦਿੱਤ ਸਿੰਘ ਗੋਬਿੰਦਪੁਰੀ ਨੇ 1920 ਵਿੱਚ ਬਣੇ ਸ਼੍ਰੋਮਣੀ ਅਕਾਲੀ ਦਲ ਦੇ ਮੁੱਢਲੇ ਸਿਧਾਂਤਾਂ 'ਤੇ ਵਿਚਾਰ ਸਾਂਝੇ ਕਰਦਿਆਂ 1977 ਤੋਂ ਬਾਅਦ ਸ਼੍ਰੋਮਣੀ ਅਕਾਲੀ ਦਲ ਦੇ ਸਿਧਾਂਤਾਂ ਤੇ ਅਸੂਲਾਂ ਦੇ ਡਿੱਗਦੇ ਮਿਆਰ 'ਤੇ ਚਿੰਤਾ ਜਤਾਉਂਦਿਆਂ ਸ. ਹਰਮੀਤ ਸਿੰਘ ਕਾਲਕਾ ਨੂੰ ਸ਼੍ਰੋਮਣੀ ਅਕਾਲੀ ਦਲ ਦਿੱਲੀ ਸਟੇਟ ਦੇ ਗਠਨ ਲਈ ਵਧਾਈ ਦਿੱਤੀ।

ਸ. ਹਰਮੀਤ ਸਿੰਘ ਕਾਲਕਾ ਨੇ ਦਿੱਲੀ ਗੁਰਦੁਆਰਾ ਕਮੇਟੀ ਵੱਲੋਂ ਧਰਮ ਪ੍ਰਚਾਰ ਦੇ ਖੇਤਰ, ਸਕੂਲਾਂ, ਮੈਡੀਕਲ ਸੇਵਾਵਾਂ, ਗੁਰਮਤਿ ਕੈਂਪਾਂ, ਮਾਂ- ਬੋਲੀ ਪੰਜਾਬੀ, ਖੇਡਾਂ ਅਤੇ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਅਧੀਨ ਚੱਲ ਰਹੇ ਕਾਲਜਾਂ ਅਤੇ ਟੈਕਨੀਕਲ ਇੰਸਟੀਚਿਊਟਸ ਲਈ ਕੀਤੇ ਜਾ ਰਹੇ ਕਾਰਜਾਂ ਦੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਸ਼੍ਰੋਮਣੀ ਅਕਾਲੀ ਦਲ ਦਿੱਲੀ ਸਟੇਟ ਦੇ ਗਠਨ ਦੀ ਲੋੜ ਕਿਉਂ ਪਈ।ਇਸ ਮੌਕੇ ਉਂਕਾਰ ਸਿੰਘ ਲਹਿਰੀ, ਸਤਨਾਮ ਸਿੰਘ ਮਾਰਵਾਹ ਨੇ ਵੀ ਆਪਣੇ ਵਿਚਾਰ ਸਾਂਝੇ ਕੀਤੇ। ਇਸ ਮੌਕੇ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਸੰਗਤ ਸਿੰਘ, ਮੋਹਨ ਸਿੰਘ, ਲਖਵਿੰਦਰ ਸਿੰਘ, ਕੁਲਵੰਤ ਸਿੰਘ, ਮਹਿੰਦਰ ਸਿੰਘ, ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ 'ਚ ਸ. ਹਰਮੀਤ ਸਿੰਘ ਕਾਲਕਾ ਦੇ ਸਹਿਯੋਗੀ ਗੁਰਦੀਪ ਸਿੰਘ ਬੰਟੀ, ਗੁਰਦੀਪ ਸਿੰਘ ਬਿੱਟੂ, ਮਨਜੀਤ ਸਿੰਘ ਲੋਟੇ, ਗਿਰੀ ਨਗਰ ਗੁਰਦੁਆਰਾ ਸਾਹਿਬ ਦੇ ਪ੍ਰਧਾਨ ਰਜਿੰਦਰ ਸਿੰਘ, ਅਮਰਜੀਤ ਸਿੰਘ ਐਲ- ਬਲਾਕ ਕਾਲਕਾ ਜੀ, ਬੀਬੀ ਜਗਜੋਤ ਕੌਰ, ਬੀਬੀ ਅਰੋੜਾ ਜੀ, ਜਗਜੀਤ ਕੌਰ, ਇੰਦਰਜੀਤ ਕੌਰ, ਚਰਨਜੀਤ ਕੌਰ ਤੇ ਵੱਡੀ ਗਿਣਤੀ 'ਚ ਸੰਗਤਾਂ ਨੇ ਸ਼ਮੂਲੀਅਤ ਕੀਤੀ।

# ਜ਼ਿਲ੍ਹਾ ਮੋਹਾਲੀ ਦੀ ਮਹਿਲਾ ਕਾਂਗਰਸ ਪ੍ਰਧਾਨ ਨੇ ਰਣਜੀਤ ਸਿੰਘ ਜੀਤੀ ਨਾਲ ਮੁਲਾਕਾਤ ਕੀਤੀ



ਆ ਜ਼ਾਦ ਸੋਚ
ਹਰਜਿੰਦਰ ਭੰਗੂ/ਕੁਰਾਲੀ , 20 ਜੂਨ

ਜ਼ਿਲ੍ਹਾ ਮੋਹਾਲੀ ਦੀ ਮਹਿਲਾ ਕਾਂਗਰਸ ਦੀ ਨਵ-ਨਿਯੁਕਤ ਪ੍ਰਧਾਨ ਬੀਬੀ ਪਰਮਜੀਤ ਕੌਰ ਨੇ ਅੱਜ ਜ਼ਿਲ੍ਹਾ ਕਾਂਗਰਸ ਕਮੇਟੀ ਮੋਹਾਲੀ ਦੇ ਸਾਬਕਾ ਪ੍ਰਧਾਨ ਅਤੇ ਸੀਨੀਅਰ ਕਾਂਗਰਸੀ ਆਗੂ ਰਣਜੀਤ ਸਿੰਘ ਜੀਤੀ ਪਡਿਆਲਾ ਨਾਲ ਉਨ੍ਹਾਂ ਦੇ ਨਿਵਾਸ ਸਥਾਨ ਵਿਖੇ ਮੁਲਾਕਾਤ ਕੀਤੀ। ਇਸ ਮੌਕੇ ਦੋਵਾਂ ਆਗੂਆਂ ਵਿਚਾਲੇ ਪਾਰਟੀ ਦੀ ਮਜ਼ਬੂਤੀ, ਮਹਿਲਾਵਾਂ ਦੀ ਰਾਜਨੀਤੀ ਵਿੱਚ ਭਾਗੀਦਾਰੀ ਅਤੇ ਆਉਣ ਵਾਲੀਆਂ ਚੋਣਾਂ ਸਬੰਧੀ ਵਿਚਾਰ-ਵਟਾਂਦਰਾ ਕੀਤਾ ਗਿਆ। ਇਸ ਮੌਕੇ ਰਣਜੀਤ ਸਿੰਘ ਜੀਤੀ ਪਡਿਆਲਾ ਵੱਲੋਂ ਬੀਬੀ ਪਰਮਜੀਤ ਕੌਰ ਨੂੰ ਸਿਰੋਪਾ ਪਾ ਕੇ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ ਅਤੇ ਉਨ੍ਹਾਂ ਨੂੰ ਨਵੀਂ ਜ਼ਿੰਮੇਵਾਰੀ ਲਈ ਵਧਾਈ ਦਿੱਤੀ ਗਈ। ਜੀਤੀ ਪਡਿਆਲਾ ਨੇ ਕਿਹਾ ਕਿ ਕਾਂਗਰਸ ਪਾਰਟੀ ਹਮੇਸ਼ਾਂ ਮਹਿਲਾਵਾਂ ਨੂੰ ਅੱਗੇ ਲਿਆਉਣ ਅਤੇ ਉਨ੍ਹਾਂ ਨੂੰ ਯੋਗ ਮਾਣ-ਸਨਮਾਨ ਦੇਣ ਲਈ ਵਚਨਬੱਧ ਰਹੀ ਹੈ। ਉਨ੍ਹਾਂ ਵਿਸ਼ਵਾਸ ਪ੍ਰਗਟਾਇਆ ਕਿ ਬੀਬੀ ਪਰਮਜੀਤ ਕੌਰ ਆਪਣੀ ਨਵੀਂ ਜ਼ਿੰਮੇਵਾਰੀ ਨੂੰ ਪੂਰੀ ਤਨਦੇਹੀ ਨਾਲ ਨਿਭਾਉਂਦਿਆਂ ਮਹਿਲਾ ਕਾਂਗਰਸ ਨੂੰ ਹੋਰ ਮਜ਼ਬੂਤ ਕਰਨਗੇ। ਇਸ ਦੌਰਾਨ ਬੀਬੀ ਪਰਮਜੀਤ ਕੌਰ ਨੇ ਉਨ੍ਹਾਂ 'ਤੇ ਭਰੋਸਾ ਜਤਾਉਣ ਲਈ ਕਾਂਗਰਸ ਹਾਈ ਕਮਾਂਡ ਦਾ ਧੰਨਵਾਦ ਕੀਤਾ। ਉਨ੍ਹਾਂ ਵਿਸ਼ੇਸ਼ ਤੌਰ 'ਤੇ ਪੰਜਾਬ ਮਹਿਲਾ ਕਾਂਗਰਸ ਦੀ ਐਕਟਿੰਗ ਪ੍ਰਧਾਨ ਬੀਬੀ ਬਲਜੀਤ ਕੌਰ ਦਾ ਵੀ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਦੀ ਅਗਵਾਈ ਹੇਠ ਮਹਿਲਾ ਕਾਂਗਰਸ ਨੂੰ ਨਵੀਂ ਦਿਸ਼ਾ ਅਤੇ ਮਜ਼ਬੂਤੀ ਮਿਲ ਰਹੀ ਹੈ। ਬੀਬੀ ਪਰਮਜੀਤ ਕੌਰ ਨੇ ਕਿਹਾ ਕਿ ਉਹ ਜ਼ਿਲ੍ਹਾ ਮੋਹਾਲੀ ਦੇ ਹਰ ਸ਼ਹਿਰੀ ਅਤੇ ਪੇਂਡੂ ਖੇਤਰ ਵਿੱਚ ਮਹਿਲਾ ਕਾਂਗਰਸ ਨੂੰ ਸੰਗਠਿਤ ਕਰਨ, ਵੱਧ ਤੋਂ ਵੱਧ ਮਹਿਲਾਵਾਂ ਨੂੰ ਪਾਰਟੀ ਨਾਲ ਜੋੜਨ ਅਤੇ ਕਾਂਗਰਸ ਦੀਆਂ ਨੀਤੀਆਂ ਨੂੰ ਘਰ-ਘਰ ਤੱਕ ਪਹੁੰਚਾਉਣ ਲਈ ਲਗਾਤਾਰ ਕੰਮ ਕਰਨਗੇ। ਇਸ ਮੌਕੇ ਸਰਪੰਚ ਸਤਿੰਦਰ ਸਿੰਘ ਸੱਤੀ, ਬਲਜੀਤ ਕੌਰ, ਜਸਲੀਨ ਕੌਰ, ਅਰਸ਼ ਪਡਿਆਲਾ, ਜਸਵਿੰਦਰ ਕੌਰ ਅਤੇ ਮਨਜੀਤ ਕੌਰ ਵੀ ਹਾਜ਼ਰ ਸਨ।

# ਭਾਕਿਯੂ ਏਕਤਾ ਡਕੌਂਦਾ ਨੇ 4 ਜੁਲਾਈ ਨੂੰ ਚੰਡੀਗੜ੍ਹ ਵੱਲ ਕੂਚ ਕਰਨ ਦਾ ਕੀਤਾ ਐਲਾਨ

## ਅਮਰੀਕਾ ਈਰਾਨ ਜੰਗ ਦਾ ਭਾਰ ਲੋਕਾਂ ਦੇ ਸਿਰ ਪਾਉਣਾ ਬੰਦ ਕੀਤਾ ਜਾਵੇ: ਮਨਜੀਤ ਧਨੇਰ



ਆ ਜ਼ਾਦ ਸੋਚ
ਸੁਖਰਾਜ ਸਿੰਘ
ਨਵੀਂ ਦਿੱਲੀ, 20 ਜੂਨ

ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਦੀ ਸੂਬਾਈ ਮੀਟਿੰਗ ਸੂਬਾ ਪ੍ਰਧਾਨ ਮਨਜੀਤ ਸਿੰਘ ਧਨੇਰ ਦੀ ਪ੍ਰਧਾਨਗੀ ਹੇਠ ਬਰਨਾਲਾ ਦੇ ਤਰਕਸ਼ੀਲ ਭਵਨ ਵਿਖੇ ਹੋਈ। ਮੀਟਿੰਗ ਦੇ ਫੈਸਲਿਆਂ ਦੀ ਜਾਣਕਾਰੀ ਦਿੰਦੇ ਹੋਏ ਕਿਸਾਨ ਆਗੂਆਂ ਨੇ ਦੱਸਿਆ ਕਿ 4 ਜੁਲਾਈ ਨੂੰ ਦੋ ਜਥੇਬੰਦੀਆਂ ਭਾਕਿਯੂ ਏਕਤਾ ਡਕੌਂਦਾ ਅਤੇ ਭਾਕਿਯੂ ਏਕਤਾ ਉਗਰਾਹਾਂ ਵੱਲੋਂ ਸਾਂਝੇ ਤੌਰ ਤੇ ਅਮਰੀਕਾ ਈਰਾਨ ਨਿਹੱਕੀ ਜੰਗ ਦਾ ਬੋਝ ਲੋਕਾਂ ਤੇ ਪਾਉਣ ਦੇ ਖ਼ ?ਲਾਫ਼, ਸਾਮਰਾਜੀ ਦੇਸ਼ਾਂ ਨਾਲ ਚੱਲ ਰਹੀ ਮੁਕਤ ਵਪਾਰ ਸਮਝੌਤਿਆਂ ਦੀ ਗੱਲਬਾਤ ਰੱਦ ਕਰਨ, ਡੀਜ਼ਲ ਪੈਟਰੋਲ ਰਸੋਈ ਗੈਸ ਦੀਆਂ ਵਧੀਆਂ ਕੀਮਤਾਂ ਦੇ ਖ਼ ?ਲਾਫ਼, ਭਾਰਤ ਅਤੇ ਪੰਜਾਬ ਵਿੱਚ ਮਜ਼ਦੂਰਾਂ ਤੇ ਹੋ ਰਹੇ ਜ਼ਬਰ ਦੇ ਖਿਲਾਫ, ਖਾਦਾਂ ਦਾ ਪੂਰਾ ਪ੍ਰਬੰਧ ਕਰਵਾਉਣ ਲਈ, ਬਿਜਲੀ ਸੋਧ ਬਿੱਲ 2025 ਅਤੇ ਬੀਜ ਬਿੱਲ 2025 ਰੱਦ ਕਰਵਾਉਣ ਲਈ ਚੰਡੀਗੜ੍ਹ ਵਿਖੇ ਇੱਕ ਰੋਜ਼ਾ ਧਰਨਾ ਅਤੇ ਮੁਜ਼ਾਹਰਾ ਕਰਕੇ ਮੁੱਖ ਮੰਤਰੀ ਪੰਜਾਬ ਦੇ ਨਾਮ ਮੰਗ ਪੱਤਰ ਦਿੱਤਾ ਜਾਵੇਗਾ। ਮੀਟਿੰਗ ਵਿੱਚ ਚੰਡੀਗੜ੍ਹ ਪਹੁੰਚਣ ਲਈ ਸਾਰੇ ਜ਼ਿਲ੍ਹਿਆਂ ਦੀਆਂ ਡਿਊਟੀਆਂ ਲਾਈਆਂ ਗਈਆਂ ਅਤੇ ਇਨ੍ਹਾਂ ਮੁੱਦਿਆਂ ਤੇ ਪ੍ਰਚਾਰ ਮੁਹਿੰਮ ਭਖਾਉਣ ਲਈ ਵਿਉਂਤਬੰਦੀ ਕੀਤੀ ਗਈ। ਜਥੇਬੰਦੀ ਦੇ ਸਾਰੇ ਆਗੂ ਅਤੇ ਵਰਕਰ 4 ਜੁਲਾਈ ਨੂੰ ਹੁੰਮ ਹੁਮਾ ਕੇ ਚੰਡੀਗੜ੍ਹ ਪਹੁੰਚਣਗੇ। ਸੂਬਾ ਜਥੇਬੰਦਕ ਸਕੱਤਰ ਕੁਲਵੰਤ ਸਿੰਘ ਕਿਸ਼ਨਗੜ ਅਤੇ ਮੀਤ ਪ੍ਰਧਾਨ ਅਮਨਦੀਪ ਸਿੰਘ ਲਲਤੋਂ ਨੇ ਦੱਸਿਆ ਕਿ ਮੀਟਿੰਗ ਦੌਰਾਨ 16 ਜੂਨ ਨੂੰ ਪੰਚਾਇਤ ਵਿਭਾਗ ਵੱਲੋਂ ਮਾਨਸਾ ਜ਼ਿਲ੍ਹੇ ਦੇ ਪਿੰਡ ਕੁੱਲਰੀਆਂ ਦੇ ਆਬਾਦਕਾਰਾਂ ਦੀ ਜ਼ਮੀਨ ਦਾ ਕਬਜ਼ਾ ਵਾਰੰਟ ਜਾਰੀ ਕਰਵਾ ਕੇ ਕਿਸਾਨਾਂ ਤੋਂ ਕਬਜ਼ਾ ਖੋਹਣ ਦੀ ਕੋਸ਼ਿਸ਼ ਦੀ ਸਖਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਗਈ। 15 ਅਤੇ 16 ਜੂਨ ਨੂੰ ਕੁੱਲਰੀਆਂ ਵਿਖੇ ਪਹੁੰਚੇ ਕਿਸਾਨ ਆਗੂਆਂ, ਵਰਕਰਾਂ ਅਤੇ ਬੀਬੀਆਂ ਦਾ ਧੰਨਵਾਦ ਕਰਦੇ ਹੋਏ ਭਵਿੱਖ ਵਿੱਚ ਸੰਘਰਸ਼ ਲਈ ਤਿਆਰ ਰਹਿਣ ਦਾ ਸੱਦਾ ਦਿੱਤਾ ਗਿਆ। ਮੀਟਿੰਗ ਵਿੱਚ ਆਬਾਦਕਾਰਾਂ ਦੀ ਜ਼ਮੀਨ ਦਾ ਕਬਜ਼ਾ ਬਹਾਲ ਰੱਖਣ ਅਤੇ ਮਾਲਕੀ ਹੱਕ ਲੈਣ ਤੱਕ ਲੜਨ ਦਾ ਅਹਿਦ ਦੁਹਰਾਇਆ ਗਿਆ। ਸੂਬਾ ਖਜ਼ਾਨਚੀ ਗੁਰਦੇਵ ਸਿੰਘ ਮਾਂਗੇਵਾਲ ਅਤੇ ਸੂਬਾ ਕਮੇਟੀ ਮੈਂਬਰ ਮੱਖਣ ਸਿੰਘ ਭੈਣੀ ਬਾਘਾ ਨੇ ਦੱਸਿਆ ਕਿ 13 ਜੁਲਾਈ ਨੂੰ ਜਥੇਬੰਦੀ ਦੇ ਬਾਨੀ ਪ੍ਰਧਾਨ ਮਰਹੂਮ ਬਲਕਾਰ ਸਿੰਘ ਡਕੌਂਦਾ ਦੀ 16ਵੀਂ ਬਰਸੀ ਸੰਗਰਾਮੀ ਜੋਸ਼ ਨਾਲ ਮਨਾਉਣ ਦਾ ਫੈਸਲਾ ਕੀਤਾ ਗਿਆ। ਇਸ ਸਬੰਧੀ 13 ਜੁਲਾਈ ਨੂੰ ਬਰਨਾਲਾ ਦੇ ਤਰਕਸ਼ੀਲ ਭਵਨ ਵਿਖੇ ਸੂਬਾਈ ਕਨਵੈਨਸ਼ਨ ਕੀਤੀ ਜਾਵੇਗੀ। ਉਪਰੋਕਤ ਤੋਂ ਇਲਾਵਾ ਪਾਕਿਸਤਾਨ ਦੇ ਬਾਰਡਰ ਦੇ ਨਾਲ ਨਾਲ ਗੁਰਦਾਸਪੁਰ ਤੋਂ ਲੈ ਕੇ ਰਾਜਸਥਾਨ ਤੱਕ ਲਗਭਗ 150 ਕਿਲੋਮੀਟਰ ਲੰਬਾ ਅਤੇ 75 ਮੀਟਰ ਚੌੜਾ ਡਿਫੈਂਸ ਬੰਨ੍ਹ ਬਣਾਉਣ ਲਈ ਕਿਸਾਨਾਂ ਦੀਆਂ ਜ਼ਮੀਨਾਂ ਜਬਰੀ ਖੋਹਣ ਦੀਆਂ ਚੱਲ ਰਹੀਆਂ ਕਾਰਵਾਈਆਂ ਬਾਰੇ ਵਿਚਾਰ ਵਟਾਂਦਰਾ ਕੀਤਾ ਗਿਆ। ਇਸ ਦੇ ਖ਼ ?ਲਾਫ਼ ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਵੱਲੋਂ ਸੂਬਾ ਮੀਤ ਪ੍ਰਧਾਨ ਹਰੀਸ਼ ਨੱਢਾ ਦੀ ਅਗਵਾਈ ਵਿੱਚ ਪੱਕਾ ਮੋਰਚਾ ਪਹਿਲਾਂ ਹੀ ਲਾ ਦਿੱਤਾ ਗਿਆ ਹੈ। ਫ਼ੈਸਲਾ ਕੀਤਾ ਗਿਆ ਕਿ ਹੋਰ ਜਥੇਬੰਦੀਆਂ ਦੇ ਸਹਿਯੋਗ ਨਾਲ ਕਿਸਾਨਾਂ ਦੇ ਜਾਨ ਮਾਲ ਅਤੇ ਜ਼ਮੀਨ ਦੀ ਰਾਖੀ ਕਰਨ ਲਈ ਹਰ ਸੰਭਵ ਹੱਦ ਤੱਕ ਸੰਘਰਸ਼ ਕੀਤਾ ਜਾਵੇਗਾ। ਮੀਟਿੰਗ ਵਿੱਚ ਸੂਬਾ ਕਮੇਟੀ ਅਹੁਦੇਦਾਰਾਂ ਤੋਂ ਇਲਾਵਾ 13 ਜਿਲਿਆਂ ਦੇ ਨੁਮਾਇੰਦਿਆਂ ਨੇ ਭਾਗ ਲਿਆ। ਮੀਟਿੰਗ ਵਿੱਚ ਹੋਰਨਾ ਤੋਂ ਇਲਾਵਾ ਬਲਵੰਤ ਸਿੰਘ ਉੱਪਲੀ, ਜਗੀਰ ਸਿੰਘ ਖਹਿਰਾ, ਜਗਤਾਰ ਸਿੰਘ ਦੇਹੜਕਾ, ਹਰਵਿੰਦਰ ਸਿੰਘ ਕੋਟਲੀ, ਲਖਵੀਰ ਸਿੰਘ ਅਕਲੀਆ, ਜਗਰਾਜ ਸਿੰਘ ਹਰਦਾਸਪੁਰਾ, ਜਗਤਾਰ ਸਿੰਘ ਦੁੱਗਾਂ, ਤਰਸੇਮ ਸਿੰਘ ਬੱਸੂਵਾਲ, ਪਰਦੀਪ ਮੁਸਾਹਿਬ, ਰਵਿੰਦਰਜੀਤ ਸਿੰਘ ਢੇਪਈ, ਸੁਖਚੈਨ ਸਿੰਘ ਰਾਜੂ, ਗੁਰਦੀਪ ਸਿੰਘ ਖੁੱਡੀਆਂ, ਸਤਨਾਮ ਸਿੰਘ ਬਰਨਾਲਾ, ਦੇਵੀ ਰਾਮ ਰੰਘੜਿਆਲ, ਜਸਪ੍ਰੀਤ ਸਿੰਘ ਕੁਹਾਰ ਵਾਲਾ ਅਤੇ ਬਾਬੂ ਸਿੰਘ ਖੁੱਡੀ ਆਦਿ ਹਾਜ਼ਰ ਸਨ।

# ਪਿੰਡ ਬੀਬੀਪੁਰ ਅਤੇ ਤਲਾਣੀਆਂ ਵਿਖੇ ਜਥੇਦਾਰ ਮਨਮੋਹਨ ਸਿੰਘ ਮੁਕਾਰੋਂਪੁਰ ਦਾ ਵਿਸ਼ੇਸ਼ ਸਨਮਾਨ



ਆ ਜ਼ਾਦ ਸੋਚ
ਜੇ ਐੱਸ ਖੰਨਾ
ਸ੍ਰੀ ਫਤਿਹਗੜ੍ਹ ਸਾਹਿਬ,20 ਜੂਨ

ਬਾਬਾ ਬੰਦਾ ਸਿੰਘ ਬਹਾਦਰ ਇੰਜੀਨੀਅਰਿੰਗ ਕਾਲਜ ਸ਼੍ਰੀ ਫਤਿਹਗੜ੍ਹ ਸਾਹਿਬ ਦੇ ਟਰੱਸਟੀ ਮੈਂਬਰ ਵਜੋਂ ਨਿਯੁਕਤ ਹੋਣ ਉਪਰੰਤ ਜਥੇਦਾਰ ਮਨਮੋਹਨ ਸਿੰਘ ਮੁਕਾਰੋਂਪੁਰ ਦਾ ਪਿੰਡ ਬੀਬੀਪੁਰ ਅਤੇ ਤਲਾਣੀਆਂ ਵਿਖੇ ਨਿੱਘਾ ਸਵਾਗਤ ਕਰਦਿਆਂ ਵਿਸ਼ੇਸ਼ ਸਨਮਾਨ ਕੀਤਾ ਗਿਆ। ਇਸ ਮੌਕੇ ਪਿੰਡ ਬੀਬੀਪੁਰ ਵਿਖੇ ਗੁਰਵਿੰਦਰ ਸਿੰਘ ਦੇ ਗ੍ਰਹਿ ਵਿਖੇ ਕਰਵਾਏ ਸਮਾਗਮ ਦੌਰਾਨ ਸਾਬਕਾ ਸਰਪੰਚ ਹਰਮੋਹਣ ਸਿੰਘ , ਗੁਰਬਚਨ ਸਿੰਘ , ਸਰਪੰਚ ਕੁਲਜਿੰਦਰ ਸਿੰਘ , ਨੰਬਰਦਾਰ ਬਰਿੰਦਰ ਸਿੰਘ , ਰਾਜ ਸਿੰਘ ਅਤੇ ਸਮੂਹ ਨਗਰ ਨਿਵਾਸੀਆਂ ਵੱਲੋਂ ਜਥੇਦਾਰ ਮਨਮੋਹਨ ਸਿੰਘ ਮੁਕਾਰੋਂਪੁਰ ਨੂੰ ਸਿਰੋਪਾਓ ਅਤੇ ਸਨਮਾਨ ਚਿੰਨ੍ਹ ਭੇਟ ਕਰਕੇ ਸਨਮਾਨਿਤ ਕੀਤਾ ਗਿਆ। ਇਸੇ ਤਰ੍ਹਾਂ ਪਿੰਡ ਤਲਾਣੀਆਂ ਵਿਖੇ ਪਰਮਿੰਦਰ ਸਿੰਘ ਮਾਨ , ਸਾਬਕਾ ਡਾਇਰੈਕਟਰ ਕੋਆਪਰੇਟਿਵ ਬੈਂਕ ਦੇ ਗ੍ਰਹਿ ਵਿਖੇ ਹੋਏ ਸਮਾਗਮ ਦੌਰਾਨ ਗੁਰਮਨ ਸਿੰਘ ਮਾਨ , ਗੁਰਪ੍ਰੀਤ ਸਿੰਘ ਗੁਰੀ ਅਤੇ ਸਮੂਹ ਨਗਰ ਨਿਵਾਸੀਆਂ ਵੱਲੋਂ ਵੀ ਜਥੇਦਾਰ ਮਨਮੋਹਨ ਸਿੰਘ ਮੁਕਾਰੋਂਪੁਰ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ।

ਇਸ ਮੌਕੇ ਸੰਬੋਧਨ ਕਰਦਿਆਂ ਜਥੇਦਾਰ ਮਨਮੋਹਨ ਸਿੰਘ ਮੁਕਾਰੋਂਪੁਰ ਨੇ ਕਿਹਾ ਕਿ ਉਨ੍ਹਾਂ ਨੂੰ ਮਿਲਿਆ ਇਹ ਮਾਣ-ਸਨਮਾਨ ਸਮੂਹ ਸੰਗਤਾਂ , ਇਲਾਕਾ ਨਿਵਾਸੀਆਂ ਅਤੇ ਸਾਥੀਆਂ ਦੀਆਂ ਦੁਆਵਾਂ ਅਤੇ ਵਿਸ਼ਵਾਸ ਦਾ ਨਤੀਜਾ ਹੈ। ਉਨ੍ਹਾਂ ਕਿਹਾ ਕਿ ਉਹ ਬਾਬਾ ਬੰਦਾ ਸਿੰਘ ਬਹਾਦਰ ਇੰਜੀਨੀਅਰਿੰਗ ਕਾਲਜ ਅਤੇ ਸਿੱਖਿਆ ਦੇ ਖੇਤਰ ਦੀ ਹੋਰ ਤਰੱਕੀ ਲਈ ਪੂਰੀ ਤਨਦੇਹੀ ਅਤੇ ਸਮਰਪਣ ਨਾਲ ਸੇਵਾਵਾਂ ਨਿਭਾਉਣਗੇ।

# ਕੌਮਾਂਤਰੀ ਯੋਗ ਦਿਵਸ: ਮਹਿਲਾਵਾਂ ਵੱਲੋਂ ਮੁਫ਼ਤ ਯੋਗਾ ਕਲਾਸਾਂ, ਸੈਂਕੜੇ ਔਰਤਾਂ ਕਰ ਰਹੀਆਂ ਨੇ ਰੋਜ਼ਾਨਾ ਅਭਿਆਸ

ਜ਼ੀਰਕਪੁਰ, 20 ਜੂਨ,(ਅਵਤਾਰ ਸੈਣੀ):- 21 ਜੂਨ ਨੂੰ ਮਨਾਏ ਜਾਣ ਵਾਲੇ ਕੌਮਾਂਤਰੀ ਯੋਗ ਦਿਵਸ ਤੋਂ ਪਹਿਲਾਂ ਜ਼ੀਰਕਪੁਰ ਦੇ ਨਿਊ ਡਿਫੈਂਸ ਐਨਕਲੇਵ ਵਿੱਚ ਮਹਿਲਾਵਾਂ ਵੱਲੋਂ ਚਲਾਈਆਂ ਜਾ ਰਹੀਆਂ ਮੁਫ਼ਤ ਯੋਗਾ ਕਲਾਸਾਂ ਯੋਗ ਨੂੰ ਲੋਕਾਂ ਦੀ ਰੋਜ਼ਾਨਾ ਜ਼ਿੰਦਗੀ ਨਾਲ ਜੋੜਨ ਦਾ ਸਫ਼ਲ ਉਪਰਾਲਾ ਸਾਬਤ ਹੋ ਰਹੀਆਂ ਹਨ। ਪਿਛਲੇ ਕਰੀਬ ਇੱਕ ਸਾਲ ਤੋਂ ਨਿਰੰਤਰ ਚੱਲ ਰਹੀਆਂ ਇਨ੍ਹਾਂ ਕਲਾਸਾਂ ਵਿੱਚ ਹਰ ਰੋਜ਼ ਸੈਂਕੜੇ ਮਹਿਲਾਵਾਂ ਯੋਗ



ਅਭਿਆਸ ਕਰਕੇ ਸਰੀਰਕ ਅਤੇ ਮਾਨਸਿਕ ਤੰਦਰੁਸਤੀ ਨੂੰ ਮਜ਼ਬੂਤ ਕਰ ਰਹੀਆਂ ਹਨ। ਕੌਮਾਂਤਰੀ ਯੋਗ ਦਿਵਸ ਦਾ ਇਸ ਸਾਲ ਦਾ ਉਦੇਸ਼ ਵੀ ਲੋਕਾਂ ਨੂੰ ਸਿਹਤਮੰਦ ਜੀਵਨ ਸ਼ੈਲੀ ਅਪਣਾਉਣ ਅਤੇ ਯੋਗ ਦੇ ਮਹੱਤਵ ਬਾਰੇ ਜਾਗਰੂਕ ਕਰਨਾ ਹੈ। ਇਸੇ ਸੰਦੇਸ਼ ਨੂੰ ਅਮਲ ਵਿੱਚ ਲਿਆਉਂਦਿਆਂ ਕਲਾਸ ਦੀਆਂ ਸੰਚਾਲਿਕਾਵਾਂ ਚੰਚਲ ਵਧਵਾ ਅਤੇ ਸ਼ਾਰਦਾ ਵੱਲੋਂ ਮਹਿਲਾਵਾਂ ਨੂੰ ਮੁਫ਼ਤ ਯੋਗ ਸਿਖਲਾਈ ਦਿੱਤੀ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਯੋਗ ਸਿਰਫ਼ ਇੱਕ ਦਿਨ ਮਨਾਉਣ ਵਾਲੀ ਗਤੀਵਿਧੀ ਨਹੀਂ, ਸਗੋਂ ਇਸ ਨੂੰ ਰੋਜ਼ਾਨਾ ਜੀਵਨ ਦਾ ਹਿੱਸਾ ਬਣਾਉਣ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਕਲਾਸ ਦਾ ਮਕਸਦ ਮਹਿਲਾਵਾਂ ਨੂੰ ਤੰਦਰੁਸਤ ਰਹਿਣ ਲਈ ਪ੍ਰੇਰਿਤ ਕਰਨਾ ਅਤੇ ਯੋਗ ਦੇ ਲਾਭਾਂ ਨਾਲ ਜਾਣੂ ਕਰਵਾਉਣਾ ਹੈ। ਉਨ੍ਹਾਂ ਦੱਸਿਆ ਕਿ ਇਲਾਕੇ ਦੀ ਕੋਈ ਵੀ ਮਹਿਲਾ ਬਿਨਾਂ ਕਿਸੇ ਫੀਸ ਦੇ ਇਸ ਕਲਾਸ ਨਾਲ ਜੁੜ ਕੇ ਯੋਗ ਦੀ ਸਿਖਲਾਈ ਹਾਸਲ ਕਰ ਸਕਦੀ ਹੈ। ਉਨ੍ਹਾਂ ਕੌਮਾਂਤਰੀ ਯੋਗ ਦਿਵਸ ਮੌਕੇ ਦੇਸ਼ਵਾਸੀਆਂ ਨੂੰ ਵਧਾਈ ਦਿੰਦਿਆਂ ਅਪੀਲ ਕੀਤੀ ਕਿ ਹਰ ਵਿਅਕਤੀ ਆਪਣੀ ਦਿਨਚਰਿਆ ਵਿੱਚ ਯੋਗ ਨੂੰ ਸ਼ਾਮਲ ਕਰੇ। ਉਨ੍ਹਾਂ ਕਿਹਾ ਕਿ ਨਿਯਮਿਤ ਯੋਗ ਅਭਿਆਸ ਨਾ ਸਿਰਫ਼ ਸਰੀਰ ਨੂੰ ਤੰਦਰੁਸਤ ਰੱਖਦਾ ਹੈ, ਸਗੋਂ ਮਾਨਸਿਕ ਸ਼ਾਂਤੀ ਅਤੇ ਤਣਾਅ ਮੁਕਤ ਜੀਵਨ ਲਈ ਵੀ ਬਹੁਤ ਫਾਇਦੇਮੰਦ ਹੈ।

# ਤਖ਼ਤ ਪਟਨਾ ਸਾਹਿਬ ਰੇਲਵੇ ਕਾਊਂਟਰ 'ਤੇ ਸ਼ਰਧਾਲੂਆਂ ਨਾਲ ਦੁਰਵਿਵਹਾਰ ਕਰਨ ਵਾਲਿਆਂ ਖ਼ਿਲਾਫ਼ ਹੋਵੇਗੀ ਕਾਰਵਾਈ: ਲਖਵਿੰਦਰ ਸਿੰਘ

ਆ ਜ਼ਾਦ ਸੋਚ
ਸੁਖਰਾਜ ਸਿੰਘ
ਨਵੀਂ ਦਿੱਲੀ, 20 ਜੂਨ

ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਵਿੱਚ ਚੱਲ ਰਹੇ ਰੇਲਵੇ ਟਿਕਟ ਕਾਊਂਟਰ 'ਤੇ ਕੁਝ ਦਲਾਲਾਂ ਵੱਲੋਂ ਤਤਕਾਲ ਟਿਕਟ ਬੁਕਿੰਗ ਨੂੰ ਲੈ ਕੇ ਨਾ ਸਿਰਫ਼ ਝਗੜਾ ਕੀਤਾ ਗਿਆ ਸੀ, ਸਗੋਂ ਇੱਕ ਸਿੱਖ ਸ਼ਰਧਾਲੂ ਦੀ ਪੱਗ 'ਤੇ ਵੀ ਹੱਥ ਪਾਇਆ ਗਿਆ ਸੀ।



ਇਸ ਘਟਨਾ ਨੂੰ ਲੈ ਕੇ ਸਿੱਖ ਭਾਈਚਾਰੇ ਵਿੱਚ ਕਾਫ਼ੀ ਰੋਸ ਦੇਖਿਆ ਜਾ ਰਿਹਾ ਹੈ। ਪ੍ਰਬੰਧਕ ਕਮੇਟੀ ਦੇ ਪ੍ਰਧਾਨ ਜਗਜੋਤ ਸਿੰਘ ਸੋਹੀ, ਜਨਰਲ ਸਕੱਤਰ ਇੰਦਰਜੀਤ ਸਿੰਘ ਸਮੇਤ ਸਮੂਹ ਕਮੇਟੀ ਵੱਲੋਂ ਇਸ ਸਬੰਧੀ ਰੇਲਵੇ ਪ੍ਰਸ਼ਾਸਨ ਨੂੰ ਪੱਤਰ ਲਿਖ ਕੇ ਕਾਰਵਾਈ ਕਰਨ ਦੀ ਅਪੀਲ ਕੀਤੀ ਗਈ ਸੀ। ਅੱਜ ਇਸ ਸਬੰਧੀ ਪ੍ਰਬੰਧਕ ਕਮੇਟੀ ਦੇ ਸੀਨੀਅਰ ਮੀਤ ਪ੍ਰਧਾਨ ਅਤੇ ਬਿਹਾਰ ਘੱਟ ਗਿਣਤੀ ਕਮਿਸ਼ਨ ਦੇ ਵਾਈਸ ਚੇਅਰਮੈਨ ਲਖਵਿੰਦਰ ਸਿੰਘ ਲੱਖਾ ਅਤੇ ਜਨਰਲ ਸਕੱਤਰ ਇੰਦਰਜੀਤ ਸਿੰਘ ਵੱਲੋਂ ਰੇਲਵੇ ਕਾਊਂਟਰ ਦਾ ਨਿਰੀਖਣ ਕਰਕੇ ਅਧਿਕਾਰੀਆਂ ਤੋਂ ਪੂਰੀ ਘਟਨਾ ਦੀ ਜਾਣਕਾਰੀ ਲਈ ਗਈ। ਸੀ.ਸੀ.ਟੀ.ਵੀ ਫੁਟੇਜ ਦੇ ਆਧਾਰ 'ਤੇ ਦੋਸ਼ੀ ਦਲਾਲਾਂ ਦੀ ਪਹਿਚਾਣ ਕਰਕੇ ਉਨ੍ਹਾਂ ਖ਼ ?ਲਾਫ਼ ਐਫ.ਆਈ.ਆਰ ਦਰਜ ਕਰਵਾਉਣ ਅਤੇ ਪੁਲਿਸ ਪ੍ਰਸ਼ਾਸਨ ਵੱਲੋਂ ਬਣਦੀ ਕਾਰਵਾਈ ਕਰਨ ਦੀ ਮੰਗ ਕੀਤੀ ਗਈ ਹੈ। ਇਸ ਦੇ ਨਾਲ ਹੀ ਗੁਰਦੁਆਰਾ ਪਰਿਸਰ ਵਿੱਚ ਤੈਨਾਤ ਪੁਲਿਸ ਬੱਲ ਵਿਚੋਂ ਇੱਕ ਸਿਪਾਹੀ ਨੂੰ ਟਿਕਟ ਕਾਊਂਟਰ ਦੇ ਨੇੜੇ ਵੀ ਤੈਨਾਤ ਕਰਨ ਦੀ ਮੰਗ ਕੀਤੀ ਗਈ ਹੈ, ਤਾਂ ਜੋ ਭਵਿੱਖ 'ਚ ਇਸ ਤਰ੍ਹਾਂ ਦੀ ਘਟਨਾ ਦੁਬਾਰਾ ਨਾ ਵਾਪਰੇ। ਇਸ ਤੋਂ ਪਹਿਲਾਂ ਪ੍ਰਧਾਨ ਜਗਜੋਤ ਸਿੰਘ ਸੋਹੀ ਵੱਲੋਂ ਜਾਣਕਾਰੀ ਦਿੱਤੀ ਗਈ ਸੀ ਕਿ ਰੇਲਵੇ ਅਧਿਕਾਰੀਆਂ ਨੂੰ ਸੁਝਾਅ ਦਿੱਤਾ ਗਿਆ ਹੈ ਕਿ ਟਿਕਟ ਕਾਊਂਟਰ ਨੂੰ ਬਾਹਰ ਵਾਲੇ ਪਾਸੇ ਤੋਂ ਬੰਦ ਕਰਕੇ ਗੁਰਦੁਆਰਾ ਪਰਿਸਰ ਦੇ ਅੰਦਰੋਂ ਖੋਲ੍ਹਿਆ ਜਾਵੇ, ਤਾਂ ਜੋ ਇਸ ਦਾ ਲਾਭ ਸਿਰਫ਼ ਸ਼ਰਧਾਲੂਆਂ ਨੂੰ ਹੀ ਮਿਲ ਸਕੇ। ਇਹ ਟਿਕਟ ਕਾਊਂਟਰ ਰੇਲਵੇ ਵੱਲੋਂ ਸ਼ਰਧਾਲੂਆਂ ਦੀ ਸਹੂਲਤ ਲਈ ਗੁਰਦੁਆਰਾ ਪਰਿਸਰ ਵਿੱਚ ਖੋਲ੍ਹਿਆ ਗਿਆ ਸੀ।

# ਅਕਾਲੀ-ਭਾਜਪਾ ਧਰਮ ਦੇ ਨਾਂ ਤੇ ਸਿਆਸਤ ਕਰਨੀ ਬੰਦ ਕਰੇ : ਡਾ. ਜਮੀਲ ਉਰ ਰਹਿਮਾਨ

ਆ ਜ਼ਾਦ ਸੋਚ
ਸ਼ਾਹਿਦ ਜ਼ੁਬੈਰੀ /ਮਲੇਰਕੋਟਲਾ , 20 ਜੂਨ

ਆਮ ਆਦਮੀ ਪਾਰਟੀ ਵੱਲੋਂ ਅੱਜ ਮਲੇਰਕੋਟਲਾ ਵਿਖੇ ਸ਼੍ਰੋਮਣੀ ਅਕਾਲੀ ਦਲ ਅਤੇ ਭਾਜਪਾ ੍ਰਖ਼ਲਾਫ਼ ਰੋਸ ਪ੍ਰਦਰਸ਼ਨ ਕੀਤਾ ਗਿਆ। ਇਸ ਮੌਕੇ ਵੱਡੀ ਗਿਣਤੀ ਵਿੱਚ ਪਾਰਟੀ ਆਗੂਆਂ ਅਤੇ ਵਰਕਰਾਂ ਨੇ ਸ਼ਮੂਲੀਅਤ ਕੀਤੀ। ਰੋਸ ਪ੍ਰਦਰਸ਼ਨ ਦੀ ਅਗਵਾਈ ਮਲੇਰਕੋਟਲਾ ਦੇ ਵਿਧਾਇਕ ਡਾ. ਮੁਹੰਮਦ ਜਮੀਲ ਉਰ ਰਹਿਮਾਨ ਅਤੇ ਹਲਕਾ ਅਮਰਗੜ੍ਹ ਦੇ ਵਿਧਾਇਕ ਪ੍ਰੋ. ਜਸਵੰਤ ਸਿੰਘ ਗੱਜਣ ਮਾਜਰਾ ਨੇ ਕੀਤੀ। ਇਸ ਮੌਕੇ ਸੰਬੋਧਨ ਕਰਦਿਆਂ ਵਿਧਾਇਕ ਡਾ. ਮੁਹੰਮਦ ਜਮੀਲ ਉਰ ਰਹਿਮਾਨ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਅਤੇ ਭਾਜਪਾ ਪੰਜਾਬ ਦੇ ਸ਼ਾਂਤਮਈ ਮਾਹੌਲ ਨੂੰ ਖ਼ਰਾਬ ਕਰਨ ਅਤੇ ਧਰਮ ਦੇ ਨਾਂ ?ਤੇ ਲੋਕਾਂ ਨੂੰ ਗੁੰਮਰਾਹ ਕਰਨ ਦੀ ਕੋਸ਼ਿਸ਼ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਲੋਕ ਭਲਾਈ ਅਤੇ ਵਿਕਾਸ ਦੇ ਕੰਮਾਂ ਵਿੱਚ ਲੱਗੀ ਹੋਈ ਹੈ, ਪਰ ਵਿਰੋਧੀ ਧਿਰਾਂ ਸੂਬੇ ਦੀ ਤਰੱਕੀ ਨੂੰ ਹਜ਼ਮ ਨਹੀਂ ਕਰ ਪਾ ਰਹੀਆਂ ਅਤੇ ਲੋਕਾਂ ਦਾ ਧਿਆਨ ਭਟਕਾਉਣ ਲਈ ਬੇਬੁਨਿਆਦ ਮੁੱਦੇ ਖੜ੍ਹੇ ਕਰ ਰਹੀਆਂ ਹਨ ਡਾ. ਰਹਿਮਾਨ ਨੇ ਕਿਹਾ ਕਿ ਪੰਜਾਬ ਦੀ ਧਰਤੀ ਹਮੇਸ਼ਾ ਪਿਆਰ, ਭਾਈਚਾਰੇ ਅਤੇ ਆਪਸੀ ਸਾਂਝ ਦੀ ਪ੍ਰਤੀਕ ਰਹੀ ਹੈ। ਸੂਬੇ ਦੇ ਲੋਕ ਕਿਸੇ ਵੀ ਅਜਿਹੀ ਸਿਆਸਤ ਨੂੰ ਕਬੂਲ ਨਹੀਂ ਕਰਨਗੇ ਜੋ ਨਫ਼ਰਤ ਅਤੇ ਵੰਡ ਦੀ ਭਾਵਨਾ ਨੂੰ ਉਤਸ਼ਾਹਿਤ ਕਰੇ। ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕ ਅਕਾਲੀ-ਭਾਜਪਾ ਦੀਆਂ ਕੋਝੀਆਂ ਹਰਕਤਾਂ ਨੂੰ ਚੰਗੀ ਤਰ੍ਹਾਂ ਸਮਝਦੇ ਹਨ ਅਤੇ ਆਉਣ ਵਾਲੇ ਸਮੇਂ ਵਿੱਚ ਉਨ੍ਹਾਂ ਨੂੰ ਕਰਾਰਾ ਜਵਾਬ ਦੇਣਗੇ। ਇਸ ਮੌਕੇ ਵਿਧਾਇਕ ਪ੍ਰੋ. ਜਸਵੰਤ ਸਿੰਘ ਗੱਜਣ ਮਾਜਰਾ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਲੋਕਾਂ ਨਾਲ ਕੀਤੇ ਵਾਅਦੇ ਪੂਰੇ ਕਰਨ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਸਿੱਖਿਆ, ਸਿਹਤ, ਬਿਜਲੀ ਅਤੇ ਹੋਰ ਲੋਕ ਭਲਾਈ ਯੋਜਨਾਵਾਂ ਰਾਹੀਂ ਪੰਜਾਬ ਨੂੰ ਵਿਕਾਸ ਦੀ ਨਵੀਂ ਦਿਸ਼ਾ ਦਿੱਤੀ ਜਾ ਰਹੀ ਹੈ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਅਜਿਹੀਆਂ ਤਾਕਤਾਂ ਤੋਂ ਸੁਚੇਤ ਰਹਿਣ ਜੋ ਆਪਣੇ ਸਿਆਸੀ ਲਾਭ ਲਈ ਸਮਾਜ ਵਿੱਚ ਫੁੱਟ ਪਾਉਣ ਦੀ ਕੋਸ਼ਿਸ਼ ਕਰਦੀਆਂ ਹਨ। ਰੋਸ ਪ੍ਰਦਰਸ਼ਨ ਦੌਰਾਨ ਪਾਰਟੀ ਆਗੂਆਂ ਅਤੇ ਵਰਕਰਾਂ ਨੇ ਅਕਾਲੀ ਦਲ ਅਤੇ ਭਾਜਪਾ ੍ਰਖ਼ਲਾਫ਼ ਨਾਅਰੇਬਾਜ਼ੀ ਕਰਦਿਆਂ ਪੰਜਾਬ ਦੀ ਏਕਤਾ ਅਤੇ ਭਾਈਚਾਰਕ ਸਾਂਝ ਨੂੰ ਕਾਇਮ ਰੱਖਣ ਦਾ ਸੰਕਲਪ ਦੁਹਰਾਇਆ। ਇਸ ਮੌਕੇ ਸਾਕਿਬ ਅਲੀ ਰਾਜਾ, ਚੈਅਰਮੈਨ ਜ਼ਿਲ੍ਹਾ ਯੋਜਨਾ ਕਮੇਟੀ, ਚੈਅਰਮੈਨ ਵਾਪਾਰਕ ਮੰਡਲ ਆਜ਼ਮ ਦਾਰਾ,ਨਵਜੋਤ ਸਿੰਘ ਜਰਗ,ਕੇਵਲ ਸਿੰਘ ਜਾਗੋਵਾਲ,ਵਾਇਸ ਚੈਅਰਮੈਨ ਮੈਡਮ ਕੁਲਦੀਪ ਕੌਰ,ਅਬਦੁਲ ਸ਼ਕੂਰ ਪੀਏ ਕਿਲ੍ਹਾ , ਸ਼ਹਿਬਾਜ਼ ਰਾਣਾ ਮੈਂਬਰ ਆਫ਼ ਪੰਜਾਬ ਵਕਫ਼ ਬੋਰਡ, ਚੈਅਰਮੈਨ ਮਾਰਕੀਟ ਕਮੇਟੀ ਜਫਰ ਅਲੀ, ਚੈਅਰਮੈਨ ਬਲਾਕ ਸੰਮਤੀ ਸੰਤੋਖ ਸਿੰਘ, ਗੁਰਮੁੱਖ ਸਿੰਘ ਪੀਏ,ਚੈਅਰਮੈਨ ਕਰਮਜੀਤ ਸਿੰਘ, ਐਡਵੋਕੇਟ ਮੁਹੰਮਦ ਸ਼ਮਸ਼ਾਦ, ਮੁਹੰਮਦ ਇਮਤਿਆਜ਼ ਬਾਬੂ ਚੈਅਰਮੈਨ ਟਰੇਡ, ਕੌਂਸਲਰ ਮੁਹੰਮਦ ਨਜ਼ੀਰ,ਕੌਂਸਲਰ ਚੌਧਰੀ ਮੁਹੰਮਦ ਬਸ਼ੀਰ, ਕੌਂਸਲਰ ਮੁਹੰਮਦ ਹਬੀਬ, ਕੌਂਸਲਰ ਮੁਹੰਮਦ ਅਸ਼ਰਫ,ਕੌਂਸਲਰ ਫ਼ਾਰੂਕ ਅਹਿਮਦ,ਕੌਂਸਲਰ ਅਸ਼ਰਫ ਮੋਟਾ, ਕੌਂਸਲਰ ਹਾਜੀ ਅਖ਼ਤਰ, ਕੌਂਸਲਰ ਨੂਰ ਦੀਨ ,ਬਲਾਕ ਪ੍ਰਧਾਨ ਮੁਹੰਮਦ ਅਸਲਮ ਭੱਟੀ, ਸਰਪੰਚ ਨਰਿੰਦਰ ਸਿੰਘ ਸੋਹੀ, ਸਰਪੰਚ ਜਰਨੈਲ ਸਿੰਘ, ਸਰਪੰਚ ਸ਼ੇਰਵਾਨੀ ਕੋਟ, ਅਬਦੁਲ ਸੱਤਾਰ ਪ੍ਰਧਾਨ ਬੀ ਸੀ ਵਿੰਗ, ਯਾਸਰ ਅਰਾਫਾਤ, ਮੁਹੰਮਦ ਯਾਸੀਨ ਨੇਸਤੀ,ਕਮਲ ਅਹੂਜਾ, ਤੋਂ ਇਲਾਵਾ ਵੱਡੀ ਗਿਣਤੀ ਵਿਚ ਪਿੰਡਾਂ ਤੇ ਸਹਿਰ ਚੋਂ ਆਏ ਵਰਕਰ ਹਾਜ਼ਰ ਸਨ।



# ਪਿੰਡ ਚਨਾਰਥਲ ਕਲਾਂ ਵਿਖੇ ਪਬਲਿਕ ਜਾਂ ਪ੍ਰਾਈਵੇਟ ਵਿਅਕਤੀਆਂ ਵੱਲੋਂ ਯੂ.ਏ.ਵੀ/ ਡਰੌਨ ਕੈਮਰੇ ਉਡਾਉਣ ਤੇ ਹੋਵੇਗੀ ਪੂਰਨ ਪਾਬੰਦੀ

ਫਤਹਿਗੜ੍ਹ ਸਾਹਿਬ,20 ਜੂਨ (ਸੁਨੀਲ ਵਰਮਾ):ਜਿਲ੍ਹਾ ਮੈਜਿਸਟਰੇਟ, ਡਾ.ਸੋਨਾ ਥਿੰਦ ਨੇ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ 2023 ਦੀ ਧਾਰਾ 163 ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਮਿਤੀ 21 ਜੂਨ 2026 ਨੂੰ ਪਿੰਡ ਚਨਾਰਥਲ ਕਲਾਂ , ਤਹਿਸੀਲ ਤੇ ਜਿਲ੍ਹਾ ਫਤਹਿਗੜ੍ਹ ਸਾਹਿਬ ਵਿਖੇ ਮੁੱਖ ਮੰਤਰੀ ਪੰਜਾਬ ਸ੍ਰ ਭਗਵੰਤ ਸਿੰਘ ਮਾਨ ਦੀ ਆਮਦ ਨੂੰ ਲੈ ਕੇ ਰੱਖੇ ਸਮਾਗਮ ਵਾਲੀ ਥਾਂ ਅਤੇ ਇਸ ਦੇ ਆਲੇ-ਦੁਆਲੇ ਆਮ ਪਬਲਿਕ ਜਾਂ ਪ੍ਰਾਈਵੇਟ ਵਿਅਕਤੀਆਂ ਵੱਲੋਂ ਯੂ.ਏ.ਵੀ/ਡਰੌਨ ਕੈਮਰੇ ਉਡਾਉਣ ਤੇ ਪੂਰਨ ਪਾਬੰਦੀ ਲਗਾਉਣ ਦਾ ਹੁਕਮ ਜਾਰੀ ਕੀਤਾ ਹੈ।



ਹੁਕਮਾਂ ਵਿੱਚ ਕਿਹਾ ਗਿਆ ਹੈ ਕਿ ਸ੍ਰੀ ਭਗਵੰਤ ਸਿੰਘ ਮਾਨ, ਮਾਨਯੋਗ ਮੁੱਖ ਮੰਤਰੀ,ਪੰਜਾਬ ਜੀ ਮਿਤੀ 21.06.2026 ਦਿਨ ਐਤਵਾਰ ਨੂੰ ਲੋਕ ਮਿਲਣੀ ਲਈ ਪਿੰਡ ਚਰਨਾਰਥਲ ਕਲਾਂ, ਤਹਿਸੀਲ ਤੇ ਜਿਲ੍ਹਾ ਫਤਹਿਗੜ੍ਹ ਸਾਹਿਬ ਵਿਖੇ ਪਹੁੰਚ ਰਹੇ ਹਨ। ਇਸ ਫੰਕਸ਼ਨ ਦੌਰਾਨ ਆਮ ਪਬਲਿਕ ਦਾ ਵੀ ਭਾਰੀ ਇੱਕਠ ਹੋਵੇਗਾ। ਇਹ ਆਮ ਵੇਖਣ ਵਿੱਚ ਆਇਆ ਹੈ ਕਿ ਆਮ ਪਬਲਿਕ ਵੱਲੋਂ ਜਾਂ ਪ੍ਰਾਈਵੇਟ ਵਿਅਕਤੀਆਂ ਵੱਲੋਂ ਡਰੋਨ ਕੈਮਰੇ ਉਡਾਏ ਜਾਂਦੇ ਹਨ, ਜੋ ਸੁਰੱਖਿਆ ਨੂੰ ਮੱਦੇਨਜਰ ਰੱਖਦੇ ਹੋਏ ਠੀਕ ਨਹੀ ਹਨ। ਜਿਸ ਕਾਰਨ ਕੋਈ ਵੀ ਅਣਸੁਖਾਵੀਂ ਘਟਨਾ ਵਾਪਰ ਸਕਦੀ ਹੈ। ਇਸ ਲਈ ਇਹ ਜਰੂਰੀ ਹੋ ਜਾਂਦਾ ਹੈ ਕਿ ਇਸ ਫੰਕਸ਼ਨ ਦੌਰਾਨ ਆਮ ਪਬਲਿਕ ਜਾਂ ਪ੍ਰਾਈਵੇਟ ਵਿਅਕਤੀਆਂ ਵੱਲੋਂ ਕਿਸੇ ਵੀ ਤਰ੍ਹਾਂ ਦੇ ਡਰੋਨ ਕੈਮਰੇ ਉਡਾਉਣ ਤੇ ਪਾਬੰਦੀ ਲਗਾਈ ਜਾਵੇ।

# ਸ਼੍ਰੋਮਣੀ ਰਾਗੀ ਸਭਾ ਸ੍ਰੀ ਅੰਮ੍ਰਿਤਸਰ ਵੱਲੋਂ ਕਰਨਪ੍ਰਯਾਗ ਵਿੱਖੇ ਨਿਹੰਗ ਸਿੰਘਾਂ ਨਾਲ ਹੋਏ ਅਮਾਨਵੀ ਵਿਵਹਾਰ ਦੀ ਨਿਖੇਦੀ

ਆ ਜ਼ਾਦ ਸੋਚ
ਸੁਖਰਾਜ ਸਿੰਘ
ਨਵੀਂ ਦਿੱਲੀ, 20 ਜੂਨ

ਸ੍ਰੀ ਹੇਮਕੁੰਟ ਸਾਹਿਬ ਦੇ ਦਰਸ਼ਨ ਕਰਕੇ ਵਾਪਸ ਪਰਤ ਰਹੇ ਨਿਹੰਗ ਸਿੰਘਾਂ ਨਾਲ ਕਰਨਪ੍ਰਯਾਗ ਵਿੱਖੇ ਬੀਤੇ ਦਿਨੀਂ ਕੁਝ ਸ਼ਰਾਰਤੀ ਅਨਸਰਾਂ ਵੱਲੋਂ ਕਥਿਤ ਤੌਰ 'ਤੇ ਜਾਣਬੁੱਝ ਕੇ ਵਾਦ-ਵਿਵਾਦ ਖੜ੍ਹਾ ਕਰਕੇ ਹਮਲਾ ਕਰਨ ਦੀ ਕੋਸ਼ਿਸ਼ ਕੀਤੀ ਗਈ। ਹਾਲਾਤਾਂ ਦੀ ਗੰਭੀਰਤਾ ਅਤੇ ਸਵੈ-ਰੱਖਿਆ ਨੂੰ ਧਿਆਨ 'ਚ ਰੱਖਦਿਆਂ ਨਿਹੰਗ ਸਿੰਘਾਂ ਨੂੰ ਸ਼ਸਤਰ ਵਰਤਣ ਲਈ ਮਜ਼ਬੂਰ ਹੋਣਾ ਪਿਆ। ਦਸਮ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਵੱਲੋਂ ਜ਼ਫ਼ਰਨਾਮੇ ਵਿੱਚ ਫਰਮਾਏ ਗਏ ਬਚਨ, ÷ਚੁ ਕਾਰ ਅਜ਼ ਹਮਾ ਹੀਲਤੇ ਦਰ ਗੁਜ਼ਸ਼ਤ, ਹਲਾਲ ਅਸਤ ਬੁਰਦਨ ਬ ਸ਼ਮਸ਼ੀਰ ਦਸਤ÷, ਦਾ ਹਵਾਲਾ ਦਿੰਦਿਆਂ ਉਨ੍ਹਾਂ ਕਿਹਾ ਕਿ ਜਦੋਂ ਸਾਰੇ ਸ਼ਾਂਤੀਪੂਰਨ ਉਪਰਾਲੇ ਅਸਫਲ ਹੋ ਜਾਣ ਤਾਂ ਸਵੈ-ਰੱਖਿਆ ਲਈ ਸ਼ਸਤਰ ਚੁੱਕਣਾ ਧਰਮ ਅਨੁਸਾਰ ਜਾਇਜ਼ ਹੈ। ਮੌਕੇ 'ਤੇ ਪੁੱਜੀ ਪੁਲਿਸ ਵੱਲੋਂ ਮਾਮਲਾ ਸੁਲਝਾਉਣ ਦਾ ਭਰੋਸਾ ਦੇਣ ਦੇ ਬਾਵਜੂਦ ਨਿਹੰਗ ਸਿੰਘਾਂ ਨਾਲ ਕਥਿਤ ਤੌਰ 'ਤੇ ਅਮਾਨਵੀ ਵਿਵਹਾਰ ਕੀਤਾ ਗਿਆ ਅਤੇ ਉਨ੍ਹਾਂ ਉੱਤੇ ਗੰਭੀਰ ਧਾਰਾਵਾਂ ਲਗਾ ਕੇ ਜੇਲ੍ਹ ਭੇਜ ਦਿੱਤਾ ਗਿਆ। ਸ਼੍ਰੋਮਣੀ ਰਾਗੀ ਸਭਾ, ਸ੍ਰੀ ਅੰਮ੍ਰਿਤਸਰ ਦੇ ਪ੍ਰਧਾਨ ਭਾਈ ਉਂਕਾਰ ਸਿੰਘ ਦੀ ਅਗਵਾਈ ਹੇਠ ਭਾਈ ਸ਼ੁਭਦੀਪ ਸਿੰਘ, ਭਾਈ ਅਮਨਦੀਪ ਸਿੰਘ, ਭਾਈ ਸਤਨਾਮ ਸਿੰਘ ਕੋਹਾੜਕਾ, ਭਾਈ ਕਾਰਜ ਸਿੰਘ, ਭਾਈ ਲਖਵਿੰਦਰ ਸਿੰਘ, ਭਾਈ ਗੁਰਵਿੰਦਰ ਸਿੰਘ ਅਨੰਦਪੁਰੀ, ਭਾਈ ਪਲਵਿੰਦਰ ਸਿੰਘ, ਭਾਈ ਸਤਿੰਦਰਬੀਰ ਸਿੰਘ, ਭਾਈ ਨਵਨੀਤ ਸਿੰਘ, ਭਾਈ ਕੰਵਲਦੀਪ ਸਿੰਘ, ਭਾਈ ਬਿਕਰਮਜੀਤ ਸਿੰਘ ਅਤੇ ਭਾਈ ਕਰਨੈਲ ਸਿੰਘ ਸਮੇਤ ਸਮੂਹ ਰਾਗੀ ਸਾਹਿਬਾਨ ਨੇ ਇਸ ਕਾਰਵਾਈ ਦੀ ਸਖ਼ਤ ਨਿੰਦਾ ਕਰਦਿਆਂ ਉੱਤਰਾਖੰਡ ਸਰਕਾਰ ਤੋਂ ਮੰਗ ਕੀਤੀ ਹੈ ਕਿ ਬੇਕਸੂਰ ਨਿਹੰਗ ਸਿੰਘਾਂ ਨੂੰ ਤੁਰੰਤ ਬਿਨ੍ਹਾਂ ਕਿਸੇ ਸ਼ਰਤ ਦੇ ਰਿਹਾਅ ਕੀਤਾ ਜਾਵੇ ਤੇ ਉਨ੍ਹਾਂ ਦਾ ਇਲਾਜ ਵੀ ਕਰਵਾਇਆ ਜਾਵੇ ਅਤੇ ਸਮੁੱਚੇ ਮਾਮਲੇ ਦੀ ਉੱਚ ਪੱਧਰੀ ਤੇ ਨਿਰਪੱਖ ਜਾਂਚ ਕਰਵਾ ਕੇ ਦੋਸ਼ੀਆਂ ਖ਼ ?ਲਾਫ਼ ਸਖ਼ਤ ਕਾਨੂੰਨੀ ਕਾਰਵਾਈ ਅਮਲ 'ਚ ਲਿਆਂਦੀ ਜਾਵੇ। ਉਨ੍ਹਾਂ ਕਿਹਾ ਕਿ ਸ੍ਰੀ ਹੇਮਕੁੰਟ ਸਾਹਿਬ ਦੀ ਯਾਤਰਾ ਦੌਰਾਨ ਸਿੱਖ ਸ਼ਰਧਾਲੂਆਂ ਦੀ ਸੁਰੱਖਿਆ, ਮਾਣ-ਸਨਮਾਨ ਅਤੇ ਧਾਰਮਿਕ ਆਜ਼ਾਦੀ ਨੂੰ ਹਰ ਹਾਲ 'ਚ ਯਕੀਨੀ ਬਣਾਇਆ ਜਾਣਾ ਚਾਹੀਦਾ ਹੈ। ਸੋਸ਼ਲ ਮੀਡੀਆ 'ਤੇ ਸਾਹਮਣੇ ਆ ਰਹੀਆਂ ਵੀਡੀਓਜ਼ ਤੋਂ ਇਹ ਪ੍ਰਤੀਤ ਹੁੰਦਾ ਹੈ ਕਿ ਨਿਹੰਗ ਸਿੰਘਾਂ ਨੇ ਗੱਲਬਾਤ ਰਾਹੀਂ ਮਾਮਲਾ ਸੁਲਝਾਉਣ ਦੇ ਕਈ ਯਤਨ ਕੀਤੇ, ਪਰ ਕੁਝ ਸ਼ਰਾਰਤੀ ਅਨਸਰਾਂ ਵੱਲੋਂ ਮਾਹੌਲ ਨੂੰ ਭੜਕਾਉਣ ਕਾਰਨ ਸਥਿਤੀ ਵਿਗੜ ਗਈ। ਇਸ ਲਈ ਮਾਮਲੇ ਦੀ ਨਿਰਪੱਖ ਜਾਂਚ ਕਰਕੇ ਸੱਚਾਈ ਸਾਹਮਣੇ ਲਿਆਉਣੀ ਅਤੇ ਬੇਕਸੂਰਾਂ ਨੂੰ ਇਨਸਾਫ਼ ਦਿਵਾਉਣਾ ਸਮੇਂ ਦੀ ਮੁੱਖ ਲੋੜ ਹੈ। ਸ਼੍ਰੋਮਣੀ ਰਾਗੀ ਸਭਾ ਨੇ ਕਿਹਾ ਕਿ ਗ੍ਰਿਫ਼ਤਾਰ ਨਿਹੰਗ ਸਿੰਘਾਂ ਨੂੰ ਅਦਾਲਤ 'ਚ ਨੰਗੇ ਸਿਰ ਪੇਸ਼ ਕੀਤਾ ਜਾਣਾ ਸਿੱਖ ਧਾਰਮਿਕ ਮਰਿਆਦਾ, ਮਨੁੱਖੀ ਸਨਮਾਨ ਅਤੇ ਸੰਵਿਧਾਨਕ ਅਧਿਕਾਰਾਂ ਦੀ ਉਲੰਘਣਾ ਹੈ। ਸਭਾ ਨੇ ਇਸ ਘਟਨਾ ਨੂੰ ਦੁਖਦਾਈ ਤੇ ਬੇਹੱਦ ਗੰਭੀਰ ਮੰਨਦਿਆਂ ਮੰਗ ਕੀਤੀ ਕਿ ਇਸ ਲਈ ਜ਼ਿੰਮੇਵਾਰ ਅਧਿਕਾਰੀਆਂ ਅਤੇ ਕਰਮਚਾਰੀਆਂ ਦੀ ਭੂਮਿਕਾ ਦੀ ਜਾਂਚ ਕਰਵਾਈ ਜਾਵੇ ਅਤੇ ਦੋਸ਼ੀਆਂ ਨੂੰ ਕਾਨੂੰਨੀ ਘੇਰੇ ਵਿੱਚ ਲਿਆ ਕੇ ਸਖ਼ਤ ਕਾਰਵਾਈ ਕੀਤੀ ਜਾਵੇ।



ਉਨ੍ਹਾਂ ਕਿਹਾ ਕਿ ਸਮੇਂ ਦੀ ਨਜ਼ਾਕਤ ਨੂੰ ਵੇਖਦਿਆਂ ਸਮੂਹ ਸਿੱਖ ਜਥੇਬੰਦੀਆਂ, ਗੁਰਦੁਆਰਾ ਪ੍ਰਬੰਧਕ ਕਮੇਟੀਆਂ, ਫੈਡਰੇਸ਼ਨਾਂ, ਦਲ ਪੰਥ ਅਤੇ ਪੰਥ ਦਰਦੀਆਂ ਨੂੰ ਇਸ ਮਾਮਲੇ 'ਚ ਅੱਗੇ ਆਉਣ ਦੀ ਲੋੜ ਹੈ ਤਾਂ ਜੋ ਬੇਕਸੂਰ ਨਿਹੰਗ ਸਿੰਘਾਂ ਨੂੰ ਇਨਸਾਫ਼ ਮਿਲ ਸਕੇ ਅਤੇ ਭਵਿੱਖ ਵਿੱਚ ਕਿਸੇ ਵੀ ਸਿੱਖ ਯਾਤਰੀ ਨਾਲ ਇਸ ਤਰ੍ਹਾਂ ਦੀ ਧੱਕੇਸ਼ਾਹੀ ਕਰਨ ਦੀ ਕਿਸੇ ਨੂੰ ਹਿੰਮਤ ਨਾ ਪਵੇ। ਉਨ੍ਹਾਂ ਕਿਹਾ ਕਿ ਜੇ ਅੱਜ ਇਸ ਅਨਿਆਂ ਦੇ ਵਿਰੁੱਧ ਸਾਂਝੀ ਆਵਾਜ਼ ਬੁਲੰਦ ਨਾ ਕੀਤੀ ਗਈ ਤਾਂ ਇਹ ਚੁੱਪੀ ਕੱਲ੍ਹ ਹੋਰ ਵੱਡੇ ਅਨਿਆਂ ਨੂੰ ਜਨਮ ਦੇ ਸਕਦੀ ਹੈ, ਜਿਸ ਨੂੰ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤਾ ਜਾ ਸਕਦਾ।

# 25 ਜੂਨ ਤੋਂ ਘਰ ਘਰ ਜਾਣਗੇ ਬੀ.ਐਲ.ਓ

ਆ ਜ਼ਾਦ ਸੋਚ
ਬਿੰਦਰ ਜਲਾਲ /ਭਗਤਾ ਭਾਈ , 20 ਜੂਨ

ਜ਼ਿਲ੍ਹਾ ਚੋਣ ਅਫ਼ਸਰ ਡਿਪਟੀ ਕਮਿਸ਼ਨਰ ਸ੍ਰੀ ਰਾਜੇਸ਼ ਧੀਮਾਨ ਨੇ ਦੱਸਿਆਂ ਕਿ ਵਿਸ਼ੇਸ਼ ਗਹਿਰੀ ਸੁਧਾਈ (ਐੱਸ ਆਈ ਆਰ) 2026 ਤਹਿਤ ਬੂਥ ਲੈਵਲ ਅਫਸਰ (ਬੀ ਐਲ ਓ) ਘਰ ਘਰ ਜਾਣਗੇ।ਇਸ ਗਹਿਰੀ ਸੁਧਾਈ ਦਾ ਉਦੇਸ਼ ਹਰ ਯੋਗ ਵੋਟਰ ਨੂੰ ਵੋਟਰ ਸੂਚੀ ਵਿੱਚ ਸ਼ਾਮਲ ਕਰਨਾ ਅਤੇ ਹਰ ਅਯੋਗ ਵੋਟਰ ਨੂੰ ਵੋਟਰ ਸੂਚੀ ਵਿੱਚੋਂ ਬਾਹਰ ਕਰਨਾ ਅਤੇ ਵੋਟਰ ਸੂਚੀ ਨੂੰ ਅਪਡੇਟ ਕਰਨਾ ਹੈ।ਇਸ ਸੰਬੰਧੀ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਸ੍ਰੀ ਰਾਜੇਸ਼ ਧੀਮਾਨ ਨੇ ਦੱਸਿਆਂ ਕਿ 25 ਜੂਨ ਤੋਂ 24 ਜੁਲਾਈ ਤੱਕ ਬੀ ਐਲ ਓ ਦੁਆਰਾ ਘਰ ਘਰ ਜਾ ਕੇ ਗਣਨਾ ਫਾਰਮ ਦੀਆਂ ਦੋ ਕਾਪੀਆਂ ਦਿੱਤੀਆਂ ਜਾਣਗੀਆਂ।ਫਾਰਮ ਵਿੱਚ ਵੋਟਰ ਦਾ ਨਾਮ,ਐਪਿਕ ਨੰਬਰ, ਪੁਰਾਣੀ ਫੋਟੋ ਆਦਿ ਕੁੱਝ ਜਾਣਕਾਰੀ ਪਹਿਲਾਂ ਤੋਂ ਹੀ ਭਰੀ ਹੋਵੇਗੀ। ਫਾਰਮ ਵਿੱਚ ਸਾਰੀ ਜਾਣਕਾਰੀ ਭਰਣ ਉਪਰੰਤ ਇੱਕ ਕਾਪੀ ਵੋਟਰ ਵੱਲੋਂ ਦਸਤਖ਼ਤ ਕਰਕੇ ਬੀ ਐਲ ਓ ਕੋਲ ਜਮ ?ਹਾਂ ਕਰਵਾਈ ਜਾਵੇਗੀ ਅਤੇ ਇੱਕ ਕਾਪੀ ਬੀ ਐਲ ਓ ਦੁਆਰਾ ਦਸਤਖ਼ਤ ਕਰਕੇ ਵੋਟਰ ਨੂੰ ਰਸੀਦ ਵਜੋਂ ਦਿੱਤੀ ਜਾਵੇਗੀ।ਇਸ ਪ੍ਰਕਿਰਿਆ ਸਬੰਧੀ ਵੱਖ ਵੱਖ ਪੜਾਵਾਂ ਬਾਰੇ ਜਾਣਕਾਰੀ ਦਿੰਦਿਆਂ ਉਨ੍ਹਾਂ ਦੱਸਿਆ ਕਿ 24 ਜੁਲਾਈ ਤੱਕ ਪੋਲਿੰਗ ਸਟੇਸ਼ਨਾਂ ਦੀ ਰੈਸ਼ਨਲਾਈਜੇਸ਼ਨ (ਤਰਕ ਸੰਗਤ ਕਰਨਾ), 3 ਅਗਸਤ ਨੂੰ ਡਰਾਫਟ ਵੋਟਰ ਸੂਚੀ ਦਾ ਪ੍ਰਕਾਸ਼ਨ, 2 ਅਗਸਤ ਤੋਂ 2 ਸਤੰਬਰ ਤੱਕ ਦਾਅਵੇ ਅਤੇ ਇਤਰਾਜ਼ ਦਾਇਰ ਕਰਨ ਦੀ ਮਿਆਦ ਤੇ 3 ਅਗਸਤ ਤੋਂ 28 ਸਤੰਬਰ ਤੱਕ ਦਾਅਵੇ ਅਤੇ ਇਤਰਾਜ਼ਾਂ ਦਾ ਨਿਪਟਾਰਾ ਅਤੇ 1 ਅਕਤੂਬਰ ਨੂੰ ਅੰਤਿਮ ਵੋਟਰ ਸੂਚੀ ਦਾ ਪ੍ਰਕਾਸ਼ਨ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਇਸ ਸਬੰਧੀ ਮੁੱਖ ਚੋਣ ਅਫਸਰ ਪੰਜਾਬ ਵੱਲੋਂ ਇੱਕ ਟੋਲ ਫ ?ਰੀ ਨੰਬਰ 1950 ਜਾਰੀ ਕੀਤਾ ਗਿਆ ਹੈ। ਓਹਨਾਂ ਸਮੂਹ ਜ਼ਿਲ੍ਹਾ ਵੋਟਰਾਂ ਨੂੰ ਅਪੀਲ ਕੀਤੀ ਕਿ ਇਸ ਗਹਿਰੀ ਸੁਧਾਈ ਦੀ ਪ੍ਰਕਿਰਿਆ ਨੂੰ ਸੁਚਾਰੂ ਰੂਪ ਵਿੱਚ ਨੇਪਰੇ ਚਾੜ੍ਹਨ ਲਈ ਵੱਧ ਤੋਂ ਵੱਧ ਸਹਿਯੋਗ ਦਿੱਤਾ ਜਾਵੇ ਅਤੇ ਹਰ ਵੋਟਰ ਆਪਣਾ ਗਣਨਾ ਫਾਰਮ ਜ਼ਰੂਰ ਭਰੇ।



# ਨਿਰੋਗੀ ਤਨ, ਨਿਰਮਲ ਮਨ ਅਤੇ ਜਾਗ੍ਰਿਤ ਆਤਮਾ' ਦੇ ਸੰਦੇਸ਼ ਨਾਲ ਸੰਤ ਨਿਰੰਕਾਰੀ ਮਿਸ਼ਨ ਦਾ ਅੰਤਰਰਾਸ਼ਟਰੀ ਯੋਗ ਦਿਵਸ

ਆ ਜ਼ਾਦ ਸੋਚ
ਰਜਿੰਦਰ ਫ਼ਤਿਹਪੁਰ/ਸੰਜੇ ਬਾਂਸਲ
ਸਮਾਣਾ, 20 ਜੂਨ

'ਨਿਰੋਗੀ ਤਨ, ਨਿਰਮਲ ਮਨ ਅਤੇ ਜਾਗ੍ਰਿਤ ਆਤਮਾ' ਦੇ ਪਾਵਨ ਸੰਕਲਪ ਨੂੰ ਸਾਕਾਰ ਰੂਪ ਦਿੰਦੇ ਹੋਏ ਸੰਤ ਨਿਰੰਕਾਰੀ ਮਿਸ਼ਨ 'ਅੰਤਰਰਾਸ਼ਟਰੀ ਯੋਗ ਦਿਵਸ' ਦੇ ਮੌਕੇ 'ਤੇ ਇੱਕ ਵਿਆਪਕ ਯੋਗ ਅਤੇ ਅਧਿਆਤਮਿਕ ਚੇਤਨਾ ਮੁਹਿੰਮ ਦਾ ਆਯੋਜਨ ਕਰ ਰਿਹਾ ਹੈ। ਸਤਿਗੁਰੂ ਮਾਤਾ ਸੁਦੀਕਸ਼ਾ ਮਹਾਰਾਜ ਦੇ ਪਾਵਨ ਅਸ਼ੀਰਵਾਦ ਅਤੇ ਦੂਰਅੰਦੇਸ਼ੀ ਮਾਰਗਦਰਸ਼ਨ ਹੇਠ ਚਲਾਈ ਜਾ ਰਹੀ ਇਹ ਪ੍ਰੇਰਨਾਦਾਇਕ ਮੁਹਿੰਮ ਮਨੁੱਖੀ ਭਲਾਈ, ਸਮੁੱਚੀ ਸਿਹਤ ਅਤੇ ਆਤਮਿਕ ਉੱਥਾਨ ਦੀ ਦਿਸ਼ਾ ਵਿੱਚ ਇੱਕ ਸਾਰਥਕ ਯਤਨ ਹੈ।

ਸਤਿਗੁਰੂ ਮਾਤਾ ਜੀ ਦਾ ਪ੍ਰੇਰਨਾਦਾਇਕ ਸੰਦੇਸ਼ - "ਸਵਸਥ ਮਨ, ਸਹਿਜ ਜੀਵਨ"ਇਸ ਸੱਚਾਈ ਨੂੰ ਪ੍ਰਗਟ ਕਰਦਾ ਹੈ ਕਿ ਜੀਵਨ ਦੀ ਅਸਲ ਖੁਸ਼ਹਾਲੀ ਕੇਵਲ ਸਰੀਰਕ ਸਿਹਤ ਵਿੱਚ ਨਹੀਂ, ਸਗੋਂ ਮਾਨਸਿਕ ਸੰਤੁਲਨ ਅਤੇ ਅਧਿਆਤਮਿਕ ਜਾਗਰੂਕਤਾ ਵਿੱਚ ਹੈ। ਸਤਿਗੁਰੂ ਮਾਤਾ ਜੀ ਦੇ ਅਨੁਸਾਰ ਮਨੁੱਖੀ ਸਰੀਰ ਪ੍ਰਮਾਤਮਾ ਦੀ ਇੱਕ ਅਨੋਖੀ ਦੇਣ ਹੈ, ਜਿਸ ਦੀ ਦੇਖਭਾਲ ਅਤੇ ਮਜ਼ਬੂਤੀ ਮਨੁੱਖ ਨੂੰ ਆਪਣੀਆਂ ਅਧਿਆਤਮਿਕ, ਸਮਾਜਿਕ ਅਤੇ ਮਾਨਵੀ ਜ਼ਿੰਮੇਵਾਰੀਆਂ ਨੂੰ ਬਿਹਤਰ ਤਰੀਕੇ ਨਾਲ ਨਿਭਾਉਣ ਦੇ ਯੋਗ ਬਣਾਉਂਦੀ ਹੈ। ਇਹ ਮੁਹਿੰਮ ਯੋਗ ਨੂੰ ਕੇਵਲ ਸਰੀਰਕ ਕਸਰਤ ਨਾ ਮੰਨ ਕੇ, ਆਤਮ-ਗਿਆਨ, ਅੰਦਰੂਨੀ ਸ਼ਾਂਤੀ, ਮਨੁੱਖੀ ਏਕਤਾ ਅਤੇ ਵਿਸ਼ਵ ਭਾਈਚਾਰੇ ਦੀ ਭਾਵਨਾ ਨੂੰ ਵਿਕਸਤ ਕਰਨ ਵਾਲੀ ਇੱਕ ਸਮੁੱਚੀ ਜੀਵਨ ਸਾਧਨਾ ਵਜੋਂ ਅਪਣਾਉਣ ਦਾ ਸੰਦੇਸ਼ ਦਿੰਦੀ ਹੈ।




ਇਸੇ ਪ੍ਰੇਰਨਾਦਾਇਕ ਭਾਵਨਾ ਤਹਿਤ ਸੰਤ ਨਿਰੰਕਾਰੀ ਮਿਸ਼ਨ ਵੱਲੋਂ ਐਤਵਾਰ, 21 ਜੂਨ 2026 ਨੂੰ ਸਵੇਰੇ 6:00 ਵਜੇ ਭਾਰਤ ਦੇ ਲਗਭਗ 1500 ਤੋਂ ਵੱਧ ਕੇਂਦਰਾਂ 'ਤੇ ਇੱਕੋ ਸਮੇਂ ਯੋਗ ਸੈਸ਼ਨ ਆਯੋਜਿਤ ਕੀਤੇ ਜਾਣਗੇ। ਮਿਸ਼ਨ ਦੀਆਂ ਵੱਖ-ਵੱਖ ਸ਼ਾਖਾਵਾਂ ਵਿੱਚ ਸਥਾਨਕ ਯੋਗ ਟ ?ਰੇਨਰਾਂ ਦੀ ਅਗਵਾਈ ਹੇਠ ਖੁੱਲ੍ਹੇ ਮੈਦਾਨਾਂ ਅਤੇ ਪਾਰਕਾਂ ਵਿੱਚ ਆਯੋਜਿਤ ਇਨ੍ਹਾਂ ਪ੍ਰੋਗਰਾਮਾਂ ਵਿੱਚ ਸ਼ਰਧਾਲੂ, ਸੇਵਾਦਲ ਦੇ ਵਲੰਟੀਅਰ ਅਤੇ ਸਥਾਨਕ ਨਾਗਰਿਕ ਉਤਸ਼ਾਹ ਨਾਲ ਹਿੱਸਾ ਲੈਣਗੇ।

# ਪਿੰਡ ਪੋਹਲੋ ਮਾਜਰਾ ਵਿੱਚ 28 ਜੂਨ ਨੂੰ ਹੋਵੇਗਾ ਸਮੂਹਿਕ ਵਿਆਹ ਸਮਾਗਮ

**ਆ ਜ਼ਾਦ ਸੋਚ**
**ਜਗਵਿੰਦਰ ਸਿੰਘ/ ਖਰੜ , 20 ਜੂਨ**

ਪਿੰਡ ਪੋਹਲੋ ਮਾਜਰਾ ਵਿਖੇ 28 ਜੂਨ ਨੂੰ ਹੋਣ ਵਾਲੇ ਸਮੂਹਿਕ ਵਿਆਹ ਸਮਾਗਮ ਦੇ ਪੋਸਟਰ ਜ਼ਿਲ੍ਹਾ ਕਾਂਗਰਸ ਕਮੇਟੀ ਮੋਹਾਲੀ ਦੇ ਪ੍ਰਧਾਨ ਕਮਲ ਕਿਸ਼ੋਰ ਸ਼ਰਮਾ ਵੱਲੋਂ ਜਾਰੀ ਕੀਤਾ ਗਿਆ। ਇਸ ਸਬੰਧੀ ਜਾਣਕਾਰੀ ਦਿੰਦਿਆ ਸ਼ਰਮਾ ਨੇ ਦੱਸਿਆ ਕਿ ਇਹ ਸਮਾਗਮ ਮੁੱਖ ਪ੍ਰਬੰਧਕ ਬਾਬਾ ਦਿਲਬਾਗ ਸਿੰਘ ਪੋਹਲੋ ਮਾਜਰੇ ਵਾਲਿਆਂ ਦੀ ਅਗਵਾਈ ਹੇਠ ਕਰਵਾਇਆ ਜਾ ਰਿਹਾ ਹੈ। ਸਮਾਜ ਸੇਵਾ ਦੇ ਖੇਤਰ ਵਿੱਚ ਅਜਿਹੇ ਉਪਰਾਲੇ ਬਹੁਤ ਹੀ ਸ਼ਲਾਘਾਯੋਗ ਹਨ, ਜੋ ਆਰਥਿਕ ਤੌਰ 'ਤੇ ਕਮਜ਼ੋਰ ਅਤੇ ਲੋੜਵੰਦ ਪਰਿਵਾਰਾਂ ਦੀਆਂ ਧੀਆਂ ਦੇ ਵਿਆਹ ਕਰਵਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ। ਉਨ੍ਹਾਂ ਕਿਹਾ ਕਿ ਜਿਨ੍ਹਾਂ ਲੋੜਵੰਦ ਪਰਿਵਾਰਾਂ ਨੂੰ ਆਪਣੀਆਂ ਧੀਆਂ ਦੇ ਵਿਆਹ ਲਈ ਸਹਾਇਤਾ ਦੀ ਲੋੜ ਹੈ, ਉਹ ਮੁੱਖ ਪ੍ਰਬੰਧਕ ਬਾਬਾ ਦਿਲਬਾਗ ਸਿੰਘ ਨਾਲ ਸੰਪਰਕ ਕਰ ਸਕਦੇ ਹਨ। ਉਨ੍ਹਾਂ ਸਮਾਜ ਦੇ ਸਮਰੱਥ ਵਰਗ, ਧਾਰਮਿਕ ਸੰਸਥਾਵਾਂ ਅਤੇ ਸਮਾਜਿਕ ਸੰਗਠਨਾਂ ਨੂੰ ਵੀ ਇਸ ਨੇਕ ਕਾਰਜ ਵਿੱਚ ਵੱਧ-ਚੜ੍ਹ ਕੇ ਯੋਗਦਾਨ ਪਾਉਣ ਦੀ ਅਪੀਲ ਕੀਤੀ। ਇਸ ਮੌਕੇ ਅਰਵਿੰਦਰ ਸਿੰਘ (ਰੌਕੀ) ਅਤੇ ਮਨਜੀਤ ਸਿੰਘ ਰਿੰਕੂ ਐਮ.ਡੀ. ਦੀਪ ਹੋਮਜ਼, ਦੀਪੂ ਕੁਰਾਲੀ, ਹਰਜੀਤ ਸਿੰਘ ਸਾਹੀ, ਗੁਰਿੰਦਰ ਗੌਰੀ, ਮਨਿੰਦਰ ਪਾਲ ਸਿੰਘ, ਅਮਨਦੀਪ ਕੌਰ ਅਤੇ ਗੁਰਵਿੰਦਰ ਸਿੰਘ ਕੈਂਥ ਸਮੇਤ ਹੋਰ ਆਗੂਆਂ ਅਤੇ ਸਹਿਯੋਗੀਆਂ ਨੇ ਵੀ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਸਮਾਗਮ ਦੀ ਕਾਮਯਾਬੀ ਲਈ ਆਪਣਾ ਪੂਰਾ ਸਹਿਯੋਗ ਦੇਣ ਦਾ ਭਰੋਸਾ ਦਿੱਤਾ।




# ਮਹਾਰਾਜਾ ਰਣਜੀਤ ਸਿੰਘ ਦੀ ਬਰਸੀ ਮੌਕੇ ਪਾਕਿਸਤਾਨ ਜਾਣ ਲਈ 290 ਸ਼ਰਧਾਲੂਆਂ ਨੂੰ ਮਿਲੇ ਵੀਜ਼ੇ: ਗੁਰਿੰਦਰ ਸਿੰਘ ਮਥਰੇਵਾਲ

ਨਵੀਂ ਦਿੱਲੀ, 20 ਜੂਨ (ਸੁਖਰਾਜ ਸਿੰਘ):ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਮਹਾਰਾਜਾ ਰਣਜੀਤ ਸਿੰਘ ਦੀ ਬਰਸੀ ਮੌਕੇ ਪਾਕਿਸਤਾਨ ਭੇਜੇ ਜਾਣ ਵਾਲੇ ਜਥੇ ਲਈ 290 ਸ਼ਰਧਾਲੂਆਂ ਨੂੰ ਵੀਜ਼ੇ ਪ੍ਰਾਪਤ ਹੋਏ ਹਨ। ਇਹ ਜਥਾ 21 ਜੂਨ ਨੂੰ ਸਵੇਰੇ ਸ਼ ?ਰੋਮਣੀ ਕਮੇਟੀ ਦੇ ਮੁੱਖ ਦਫ਼ਤਰ ਤੋਂ ਪਾਕਿਸਤਾਨ ਲਈ ਰਵਾਨਾ ਹੋਵੇਗਾ। ਇਸ ਸਬੰਧੀ ਜਾਣਕਾਰੀ ਦਿੰਦਿਆਂ ਧਰਮ ਪ੍ਰਚਾਰ ਕਮੇਟੀ ਦੇ ਸਕੱਤਰ ਸ. ਗੁਰਿੰਦਰ ਸਿੰਘ ਮਥਰੇਵਾਲ ਨੇ ਦੱਸਿਆ ਹੈ ਕਿ ਮਹਾਰਾਜਾ ਰਣਜੀਤ ਸਿੰਘ ਦੀ ਬਰਸੀ ਸਬੰਧੀ ਗੁਰਦੁਆਰਾ ਸ੍ਰੀ ਡੇਰਾ ਸਾਹਿਬ ਲਾਹੌਰ ਵਿਖੇ ਹੋਣ ਵਾਲੇ ਸਮਾਗਮ ਵਿਚ ਸ਼ਮੂਲੀਅਤ ਕਰਨ ਦੇ ਨਾਲ ਪਾਕਿਸਤਾਨ ਸਥਿਤ ਹੋਰ ਗੁਰਧਾਮਾਂ ਦੇ ਦਰਸ਼ਨਾਂ ਲਈ 302 ਸ਼ਰਧਾਲੂਆਂ ਦੇ ਪਾਸਪੋਰਟ ਵੀਜ਼ਾ ਲਗਵਾਉਣ ਲਈ ਭੇਜੇ ਗਏ ਸਨ, ਜਿਨ੍ਹਾਂ ਵਿਚੋਂ 290 ਨੂੰ ਵੀਜ਼ੇ ਪ੍ਰਾਪਤ ਹੋਏ ਹਨ, ਜਦਕਿ ਦਿੱਲੀ ਸਥਿਤ ਪਾਕਿਸਤਾਨ ਦੂਤਾਵਾਸ ਵੱਲੋਂ 12 ਸ਼ਰਧਾਲੂਆਂ ਨੂੰ ਵੀਜ਼ਾ ਪ੍ਰਾਪਤ ਨਹੀਂ ਹੋਇਆ। ਉਨ੍ਹਾਂ ਦੱਸਿਆ ਕਿ ਇਹ ਜਥਾ ਵੱਖ-ਵੱਖ ਗੁਰਧਾਮਾਂ ਦੇ ਦਰਸ਼ਨਾਂ ਉਪਰੰਤ 29 ਜੂਨ ਨੂੰ ਮਹਾਰਾਜਾ ਰਣਜੀਤ ਸਿੰਘ ਦੇ ਬਰਸੀ ਸਮਾਗਮਾਂ 'ਚ ਸ਼ਮੂਲੀਅਤ ਕਰਨ ਮਗਰੋਂ 30 ਜੂਨ ਨੂੰ ਵਾਪਸ ਭਾਰਤ ਪਰਤੇਗਾ। ਉਨ੍ਹਾਂ ਕਿਹਾ ਕਿ ਸ਼ਰਧਾਲੂ ਵੀਜ਼ਾ ਲੱਗੇ ਪਾਸਪੋਰਟ 20 ਤੇ 21 ਜੂਨ ਨੂੰ ਸ਼ ?ਰੋਮਣੀ ਕਮੇਟੀ ਦੇ ਦਫ਼ਤਰ ਤੋਂ ਪ੍ਰਾਪਤ ਕਰਨ। ਉਨ੍ਹਾਂ ਦੱਸਿਆ ਕਿ ਜਿਨ੍ਹਾਂ ਸ਼ਰਧਾਲੂਆਂ ਦੇ ਵੀਜ਼ਾ ਨਹੀਂ ਲੱਗੇ ਉਨ੍ਹਾਂ ਦੇ ਸੀਰੀਅਲ ਨੰ: 33, 66, 67, 68, 76, 131, 143, 144, 145, 151, 291 ਤੇ 292 ਹਨ।



# ਸੀਐਮ ਭਗਵੰਤ ਮਾਨ ਖ਼ਿਲਾਫ਼ ਨਕਲੀ ਵੀਡੀਓ ਰਾਹੀਂ ਕੀਤੀ ਜਾ ਰਹੀ ਹੈ ਸਾਜ਼ਿਸ਼: ਵਿਧਾਇਕ ਕੁਲਜੀਤ ਸਿੰਘ ਰੰਧਾਵਾ

## ਵਿਧਾਇਕ ਰੰਧਾਵਾ ਨੇ ਕਿਹਾ ਵਿਰੋਧੀਆਂ ਦੀਆਂ ਕੋਝੀਆਂ ਚਾਲਾਂ ਨਹੀਂ ਹੋਣਗੀਆਂ ਕਾਮਯਾਬ

ਜ਼ੀਰਕਪੁਰ, 20 ਜੂਨ,(ਅਵਤਾਰ ਸੈਣੀ):- ਹਲਕਾ ਡੇਰਾਬੱਸੀ ਦੇ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨਾਲ ਸੰਬੰਧਿਤ ਸੋਸ਼ਲ ਮੀਡੀਆ 'ਤੇ ਚੱਲ ਰਹੀ ਕਥਿਤ ਨਕਲੀ ਵੀਡੀਓ ਨੂੰ ਲੈ ਕੇ ਤਿੱਖੀ ਪ੍ਰਤੀਕਿਰਿਆ ਦਿੰਦਿਆਂ ਕਿਹਾ ਹੈ ਕਿ ਇਹ ਪੰਜਾਬ ਦੇ ਮੁੱਖ ਮੰਤਰੀ ਦੀ ਛਵੀ ਨੂੰ ਖ਼ਰਾਬ ਕਰਨ ਅਤੇ ਲੋਕਾਂ ਨੂੰ ਗੁੰਮਰਾਹ ਕਰਨ ਦੀ ਇੱਕ ਸੋਚੀ-ਸਮਝੀ ਸਾਜ਼ਿਸ਼ ਹੈ। ਉਨ੍ਹਾਂ ਦੋਸ਼ ਲਾਇਆ ਕਿ ਵਿਰੋਧੀ ਪਾਰਟੀਆਂ ਵੱਲੋਂ ਰਾਜਨੀਤਿਕ ਲਾਭ ਲਈ ਅਜਿਹੇ ਹਥਕੰਡੇ ਅਪਣਾਏ ਜਾ ਰਹੇ ਹਨ, ਪਰ ਪੰਜਾਬ ਦੇ ਲੋਕ ਸੱਚਾਈ ਨੂੰ ਭਲੀਭਾਂਤ ਜਾਣਦੇ ਹਨ।

ਇੱਕ ਬਿਆਨ ਜਾਰੀ ਕਰਦਿਆਂ ਵਿਧਾਇਕ ਰੰਧਾਵਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਇੱਕ ਸਾਫ਼-ਸੁਥਰੀ ਅਤੇ ਲੋਕਪੱਖੀ ਛਵੀ ਵਾਲੇ ਆਗੂ ਹਨ। ਉਨ੍ਹਾਂ ਕਿਹਾ ਕਿ ਜਿਸ ਵਿਅਕਤੀ ਨੇ ਆਪਣਾ ਇਸ਼ਟ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਮੰਨਿਆ ਹੋਵੇ ਅਤੇ ਜੋ ਇੱਕ ਸਿੱਖ ਪਰਿਵਾਰ ਵਿੱਚ ਪੈਦਾ ਹੋਇਆ ਹੋਵੇ, ਉਹ ਅਜਿਹੀ ਕੋਈ ਵੀ ਹਰਕਤ ਨਹੀਂ ਕਰ ਸਕਦਾ ਜਿਸ ਨਾਲ ਸਮਾਜਿਕ ਜਾਂ ਧਾਰਮਿਕ ਭਾਵਨਾਵਾਂ ਨੂੰ ਠੇਸ ਪਹੁੰਚੇ। ਉਨ੍ਹਾਂ ਕਿਹਾ ਕਿ ਨਕਲੀ ਵੀਡੀਓ ਤਿਆਰ ਕਰਕੇ ਲੋਕਾਂ ਵਿੱਚ ਭਰਮ ਫੈਲਾਉਣ ਦੀ ਕੋਸ਼ਿਸ਼ ਕਰਨ ਵਾਲੇ ਤੱਤਾਂ ਦੇ ਮਨਸੂਬੇ ਕਦੇ ਕਾਮਯਾਬ ਨਹੀਂ ਹੋਣਗੇ।

ਰੰਧਾਵਾ ਨੇ ਕਿਹਾ ਕਿ ਵਿਰੋਧੀ ਧਿਰਾਂ ਨੂੰ ਇਸ ਗੱਲ ਦਾ ਡਰ ਸਤਾ ਰਿਹਾ ਹੈ ਕਿ ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਲੋਕਪ੍ਰਿਯਤਾ ਲਗਾਤਾਰ ਵੱਧ ਰਹੀ ਹੈ ਅਤੇ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਸਰਕਾਰ ਵੱਲੋਂ ਕੀਤੇ ਜਾ ਰਹੇ ਲੋਕ ਭਲਾਈ ਦੇ ਕੰਮਾਂ ਨੂੰ ਪੰਜਾਬ ਦੀ ਜਨਤਾ ਵੱਡਾ ਸਮਰਥਨ ਦੇ ਰਹੀ ਹੈ। ਇਸ ਕਾਰਨ ਵਿਰੋਧੀ ਪਾਰਟੀਆਂ ਲੋਕਾਂ ਦਾ ਧਿਆਨ ਅਸਲ ਮੁੱਦਿਆਂ ਤੋਂ ਹਟਾਉਣ ਲਈ ਝੂਠੀਆਂ ਅਤੇ ਮਨਘੜਤ ਵੀਡੀਓਜ਼ ਦਾ ਸਹਾਰਾ ਲੈ ਰਹੀਆਂ ਹਨ। ਉਨ੍ਹਾਂ ਕਿਹਾ ਕਿ ਸਾਲ 2027 ਦੀਆਂ ਵਿਧਾਨ ਸਭਾ ਚੋਣਾਂ ਨੂੰ ਲੈ ਕੇ ਵਿਰੋਧੀ ਪਾਰਟੀਆਂ ਵਿੱਚ ਹੁਣ ਤੋਂ ਹੀ ਬੇਚੈਨੀ ਨਜ਼ਰ ਆ ਰਹੀ ਹੈ। ਇਸੇ ਕਾਰਨ ਉਹ ਮੁੱਖ ਮੰਤਰੀ ਦੀ ਛਵੀ ਨੂੰ ਨੁਕਸਾਨ ਪਹੁੰਚਾਉਣ ਲਈ ਅਜਿਹੀਆਂ ਕੋਝੀਆਂ ਚਾਲਾਂ ਚੱਲ ਰਹੀਆਂ ਹਨ।




# ਖੇਤੀਬਾੜੀ ਮਸ਼ੀਨਰੀ ਸਬਸਿਡੀ ਲਈ ਸੀ.ਆਰ.ਐਮ., ਸਮੈਮ ਤੇ ਸੀ.ਡੀ.ਪੀ. ਸਕੀਮਾਂ ਦਾ ਡਰਾਅ ਕੱਢਿਆ

## 23 ਕਰੋੜ ਰੁਪਏ ਦੀ ਸਬਸਿਡੀ ਨਾਲ ਕਿਸਾਨਾਂ ਨੂੰ ਮਿਲੇਗੀ ਆਧੁਨਿਕ ਮਸ਼ੀਨਰੀ

**ਆ ਜ਼ਾਦ ਸੋਚ**
**ਪਰਮਜੀਤ ਸਿੰਘ ਪੰਮਾ**
**ਮੌੜ ਮੰਡੀ 20 ਜੂਨ**

ਡਿਪਟੀ ਕਮਿਸ਼ਨਰ ਸ੍ਰੀ ਰਾਜੇਸ਼ ਧੀਮਾਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਮੈਡਮ ਕੰਚਨ ਦੀ ਅਗਵਾਈ ਹੇਠ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਸੀ.ਆਰ.ਐਮ., ਸਮੈਮ ਅਤੇ ਸੀ.ਡੀ.ਪੀ. ਸਕੀਮਾਂ ਅਧੀਨ ਖੇਤੀਬਾੜੀ ਮਸ਼ੀਨਰੀ ਸਬਸਿਡੀ ਲਈ ਬਿਨੈਕਾਰਾਂ ਦਾ ਡਰਾਅ ਪਾਰਦਰਸ਼ੀ ਢੰਗ ਨਾਲ ਕੱਢਿਆ ਗਿਆ। ਇਸ ਮੌਕੇ ਜ਼ਿਲ੍ਹਾ ਪੱਧਰੀ ਕਾਰਜਕਾਰੀ ਕਮੇਟੀ ਦੇ ਮੈਂਬਰਾਂ ਅਤੇ ਕਿਸਾਨਾਂ ਦੀ ਹਾਜ਼ਰੀ ਵਿੱਚ ਡਰਾਅ ਪ੍ਰਕਿਰਿਆ ਨੂੰ ਅੰਜ਼ਾਮ ਦਿੱਤਾ ਗਿਆ। ਮੈਡਮ ਕੰਚਨ ਨੇ ਦੱਸਿਆ ਕਿ ਬਠਿੰਡਾ ਜ਼ਿਲ੍ਹੇ ਵਿੱਚ ਇਨ੍ਹਾਂ ਤਿੰਨਾਂ ਸਕੀਮਾਂ ਤਹਿਤ ਕਰੀਬ 23 ਕਰੋੜ ਰੁਪਏ ਦੀ ਸਬਸਿਡੀ ਮੁਹੱਈਆ ਕਰਵਾਈ ਗਈ ਹੈ, ਜਿਸ ਨਾਲ ਕਿਸਾਨਾਂ ਨੂੰ ਆਧੁਨਿਕ ਖੇਤੀਬਾੜੀ ਮਸ਼ੀਨਰੀ ਖਰੀਦਣ ਵਿੱਚ ਵੱਡੀ ਸਹਾਇਤਾ ਮਿਲੇਗੀ। ਉਨ੍ਹਾਂ ਦੱਸਿਆ ਕਿ 1 ਅਪ੍ਰੈਲ ਤੋਂ 12 ਮਈ 2026 ਤੱਕ ਵਿਭਾਗ ਦੇ ਪੋਰਟਲ 'ਤੇ ਪ੍ਰਾਪਤ ਹੋਈਆਂ ਅਰਜ਼ੀਆਂ ਵਿੱਚੋਂ ਯੋਗ ਬਿਨੈਕਾਰਾਂ ਦੀ ਚੋਣ ਲਈ ਡਰਾਅ ਕੱਢਿਆ ਗਿਆ।ਉਨ੍ਹਾਂ ਕਿਹਾ ਕਿ ਝੋਨੇ ਦੀ ਪਰਾਲੀ ਨੂੰ ਅੱਗ ਲਗਾਉਣ ਦੀ ਬਜਾਏ ਇਸ ਦਾ ਵਿਗਿਆਨਕ ਅਤੇ ਸੁਚੱਜਾ ਪ੍ਰਬੰਧਨ ਕਰਨਾ ਸਮੇਂ ਦੀ ਲੋੜ ਹੈ। ਸਰਕਾਰ ਵੱਲੋਂ ਸੀ.ਆਰ.ਐਮ. ਸਕੀਮ ਤਹਿਤ ਸੁਪਰ ਸੀਡਰ, ਹੈਪੀ ਸੀਡਰ, ਬੇਲਰ, ਰੇਕ, ਮਲਚਰ ਅਤੇ ਹੋਰ ਆਧੁਨਿਕ ਮਸ਼ੀਨਾਂ 'ਤੇ ਸਬਸਿਡੀ ਦਿੱਤੀ ਜਾ ਰਹੀ ਹੈ ਤਾਂ ਜੋ ਕਿਸਾਨ ਪਰਾਲੀ ਪ੍ਰਬੰਧਨ ਨੂੰ ਅਪਣਾਉਣ। ਮੁੱਖ ਖੇਤੀਬਾੜੀ ਅਫਸਰ ਡਾ. ਹਰਪ੍ਰੀਤ ਪਾਲ ਕੌਰ ਨੇ ਦੱਸਿਆ ਕਿ ਡਰਾਅ ਪ੍ਰਕਿਰਿਆ ਪੂਰੀ ਨਿਰਪੱਖਤਾ ਅਤੇ ਪਾਰਦਰਸ਼ਤਾ ਨਾਲ ਸਰਕਾਰੀ ਹਦਾਇਤਾਂ ਅਨੁਸਾਰ ਕਰਵਾਈ ਗਈ ਹੈ। ਫੰਡਾਂ ਦੀ ਉਪਲਬਧਤਾ ਦੇ ਆਧਾਰ 'ਤੇ ਚੁਣੇ ਗਏ ਬਿਨੈਕਾਰਾਂ ਨੂੰ ਲੋੜੀਂਦੇ ਦਸਤਾਵੇਜ਼ ਜਮ ?ਹਾਂ ਕਰਵਾਉਣ ਉਪਰੰਤ ਮਸ਼ੀਨਰੀ ਖਰੀਦਣ ਲਈ ਪ੍ਰਵਾਨਗੀ ਪੱਤਰ ਜਾਰੀ ਕੀਤੇ ਜਾਣਗੇ। ਉਨ੍ਹਾਂ ਦੱਸਿਆ ਕਿ ਬਿਨੈਕਾਰ ਆਪਣੇ ਨਾਮ ਦੀ ਪੁਸ਼ਟੀ ਲਈ ਸਬੰਧਤ ਬਲਾਕ ਖੇਤੀਬਾੜੀ ਅਫਸਰ ਦੇ ਦਫ਼ਤਰ ਨਾਲ ਸੰਪਰਕ ਕਰ ਸਕਦੇ ਹਨ। ਇਸ ਦੇ ਨਾਲ ਹੀ ਖੇਤੀਬਾੜੀ ਵਿਭਾਗ ਵੱਲੋਂ ਪਰਾਲੀ ਪ੍ਰਬੰਧਨ ਸਬੰਧੀ ਜਾਗਰੂਕਤਾ ਮੁਹਿੰਮ ਵੀ ਚਲਾਈ ਜਾ ਰਹੀ ਹੈ ਤਾਂ ਜੋ ਜ਼ਿਲ੍ਹੇ ਨੂੰ ਪਰਾਲੀ ਸਾੜਨ ਦੀ ਸਮੱਸਿਆ ਤੋਂ ਮੁਕਤ ਬਣਾਇਆ ਜਾ ਸਕੇ।



# ਪਿੰਡ ਛੱਤ ਨੂੰ ਮਿਲਿਆ ਵੱਡਾ ਤੋਹ.ਫਾ: 51 ਲੱਖ ਦੀ ਲਾਗਤ ਨਾਲ ਸਰਕਾਰੀ ਡਿਸਪੈਂਸਰੀ ਦੇ ਅਪਗ੍ਰੇਡੇਸ਼ਨ ਦਾ ਕੰਮ ਜੰਗੀ ਪੱਧਰ 'ਤੇ ਸ਼ੁਰੂ

## ਵਿਧਾਇਕ ਰੰਧਾਵਾ ਦੇ ਯਤਨਾਂ ਨਾਲ ਪਿੰਡ ਛੱਤ ਨੂੰ ਵੱਡਾ ਤੋਹਫ਼ਾ : ਕੌਂਸਲਰ ਪਰਵਿੰਦਰ ਕੌਰ

**ਆ ਜ਼ਾਦ ਸੋਚ**
**ਅਵਤਾਰ ਸੈਣੀ/ਜ਼ੀਰਕਪੁਰ , 20 ਜੂਨ**

ਜ਼ੀਰਕਪੁਰ ਨਗਰ ਕੌਂਸਲ ਦੇ ਇਤਿਹਾਸਕ ਪਿੰਡ ਛੱਤ ਅਤੇ ਇਲਾਕਾ ਨਿਵਾਸੀਆਂ ਲਈ ਇੱਕ ਬਹੁਤ ਹੀ ਖੁਸ਼ੀ ਦੀ ਖ਼ਬਰ ਸਾਹਮਣੇ ਆਈ ਹੈ। ਹਲਕਾ ਡੇਰਾਬੱਸੀ ਦੇ ਮਾਣਯੋਗ ਐਮ.ਐਲ.ਏ. ਕੁਲਜੀਤ ਸਿੰਘ ਰੰਧਾਵਾ ਜੀ ਦੇ ਦਿਸ਼ਾ-ਨਿਰਦੇਸ਼ਾਂ ਅਤੇ ਵਿਸ਼ੇਸ਼ ਯਤਨਾਂ ਸਦਕਾ ਪਿੰਡ ਦੀ ਸਰਕਾਰੀ ਡਿਸਪੈਂਸਰੀ ਨੂੰ ਅਪਗ੍ਰੇਡ ਕਰਨ ਦਾ ਕੰਮ ਪੂਰੇ ਜ਼ੋਰ-ਸ਼ੋਰ ਨਾਲ ਸ਼ੁਰੂ ਹੋ ਚੁੱਕਾ ਹੈ। ਇਲਾਕੇ ਦੇ ਲੋਕਾਂ ਨੂੰ ਬਿਹਤਰ ਸਿਹਤ ਸਹੂਲਤਾਂ ਮੁਹੱਈਆ ਕਰਵਾਉਣ ਦੇ ਮਕਸਦ ਨਾਲ ਇਸ ਡਿਸਪੈਂਸਰੀ ਦੇ ਨਵੀਨੀਕਰਨ ਲਈ 51 ਲੱਖ ਰੁਪਏ ਦੀ ਲਾਗਤ ਦਾ ਐਸਟੀਮੇਟ ਪਾਸ ਕੀਤਾ ਗਿਆ ਹੈ, ਜਿਸ ਦਾ ਨਿਰਮਾਣ ਕਾਰਜ ਆਉਣ ਵਾਲੇ ਕੁਝ ਹੀ ਦਿਨਾਂ ਵਿੱਚ ਮੁਕੰਮਲ ਹੋ ਕੇ ਤਿਆਰ ਹੋ ਜਾਵੇਗਾ। ਇਸ ਸਬੰਧੀ ਜਾਣਕਾਰੀ ਦਿੰਦਿਆਂ ਵਾਰਡ ਨੰਬਰ 24 ਦੀ ਨਵੀਂ ਚੁਣੀ ਗਈ ਕੌਂਸਲਰ ਪਰਵਿੰਦਰ ਕੌਰ ਨੇ ਦਸਿਆ ਕਿ ਇਸ ਅਪਗ੍ਰੇਡੇਸ਼ਨ ਤਹਿਤ ਡਿਸਪੈਂਸਰੀ ਵਿੱਚ ਨਵੇਂ ਪੰਜ ਕਮਰਿਆਂ ਦਾ ਵਿਸ਼ੇਸ਼ ਨਿਰਮਾਣ ਕੀਤਾ ਜਾ ਰਿਹਾ ਹੈ। ਉਨ੍ਹਾਂ ਦਸਿਆ ਕਿ ਪਿੰਡ ਵਾਸੀਆਂ ਸਮੇਤ ਆਸ ਪਾਸ ਦੇ ਪਿੰਡਾਂ ਅਤੇ ਕੋਲੋਨੀਆਂ ਦੇ ਵਸਨੀਕਾਂ ਨੂੰ ਹੁਣ ਛੋਟੇ-ਮੋਟੇ ਟੈਸਟਾਂ ਲਈ ਸ਼ਹਿਰਾਂ ਵੱਲ ਨਹੀਂ ਭੱਜਣਾ ਪਵੇਗਾ, ਕਿਉਂਕਿ ਇਸ ਨਵੀਂ ਸਰਕਾਰੀ ਡਿਸਪੈਂਸਰੀ ਵਿੱਚ ਇੱਕ ਆਧੁਨਿਕ ਲੈਬੋਰਟਰੀ ਵੀ ਬਣਾਈ ਜਾ ਰਹੀ ਹੈ। ਉਨ੍ਹਾਂ ਦਸਿਆ ਕਿ ਇਸ ਤੋਂ ਇਲਾਵਾ ਇਮਾਰਤ ਵਿੱਚ 1 ਆਧੁਨਿਕ ਡਾਕਟਰ ਰੂਮ, 4 ਮਰੀਜ਼ ਰੂਮ ਤਾਂ ਜੋ ਲੋੜ ਪੈਣ 'ਤੇ ਮਰੀਜ਼ਾਂ ਨੂੰ ਆਰਾਮ ਨਾਲ ਰੱਖਿਆ ਜਾ ਸਕੇ,1 ਰਸੋਈ ਅਤੇ 2 ਹਾਈਜੀਨਿਕ ਬਾਥਰੂਮ ਦਾ ਵਿਸ਼ੇਸ਼ ਪ੍ਰਬੰਧ ਕੀਤਾ ਜਾ ਰਿਹਾ ਹੈ। ਅੱਗੇ ਜਾਣਕਾਰੀ ਦਿੰਦਿਆਂ ਕੌਂਸਲਰ ਪਰਵਿੰਦਰ ਕੌਰ ਦੇ ਪਤੀ ਕੁਲਵੰਤ ਸਿੰਘ ਨੇ ਦਸਿਆ ਕਿ ਇਸ ਪ੍ਰੋਜੈਕਟ ਦੇ ਪੂਰਾ ਹੋਣ ਨਾਲ ਪਿੰਡ ਛੱਤ ਦੇ ਨਾਲ-ਨਾਲ ਆਸ-ਪਾਸ ਦੇ ਦਰਜਨਾਂ ਪਿੰਡਾਂ ਦੇ ਗਰੀਬ ਅਤੇ ਮੱਧਮ ਵਰਗ ਦੇ ਲੋਕਾਂ ਨੂੰ ਵੱਡੀ ਰਾਹਤ ਮਿਲੇਗੀ ਅਤੇ ਉਨ੍ਹਾਂ ਨੂੰ ਘਰ ਦੇ ਨੇੜੇ ਹੀ ਮਿਆਰੀ ਸਿਹਤ ਸੇਵਾਵਾਂ ਉਪਲਬਧ ਹੋਣਗੀਆਂ।



**ਪਿੰਡ ਵਾਸੀਆਂ ਨੇ ਵਿਧਾਇਕ ਰੰਧਾਵਾ ਅਤੇ ਕੌਂਸਲਰ ਦਾ ਜਿਤਾਇਆ ਧੰਨਵਾਦ** : ਪਿੰਡ ਨੂੰ ਮਿਲੇ ਇਸ ਵੱਡੇ ਅਤੇ ਇਤਿਹਾਸਕ ਤੋਹਫ਼ੇ ਬਦਲੇ ਸਮੂਹ ਪਿੰਡ ਵਾਸੀਆਂ ਵਿੱਚ ਖੁਸ਼ੀ ਦੀ ਲਹਿਰ ਦੌੜ ਗਈ ਹੈ। ਡਿਸਪੈਂਸਰੀ ਦੇ ਕੰਮ ਦੀ ਸ਼ੁਰੂਆਤ ਦੀ ਖੁਸ਼ੀ ਵਿੱਚ ਪਿੰਡ ਵਾਸੀਆਂ ਨੇ ਹਲਕਾ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਦਾ ਤਹਿ ਦਿਲੋਂ ਧੰਨਵਾਦ ਕੀਤਾ। ਇਸ ਦੇ ਨਾਲ ਹੀ ਪਿੰਡ ਵਾਸੀਆਂ ਵੱਲੋਂ ਵਾਰਡ ਨੰਬਰ 24 ਦੀ ਕੌਂਸਲਰ ਡਾਕਟਰ ਪਰਵਿੰਦਰ ਕੌਰ ਅਤੇ ਉਨ੍ਹਾਂ ਦੇ ਪਤੀ ਕੁਲਵੰਤ ਸਿੰਘ ਦਾ ਵੀ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ ਗਿਆ, ਜਿਨ੍ਹਾਂ ਨੇ ਪਿੰਡ ਦੀ ਇਸ ਮੰਗ ਨੂੰ ਪ੍ਰਸ਼ਾਸਨ ਅਤੇ ਵਿਧਾਇਕ ਤੱਕ ਪਹੁੰਚਾਉਣ ਅਤੇ ਇਸ ਕਾਰਜ ਨੂੰ ਨੇਪਰੇ ਚਾੜ੍ਹਨ ਵਿੱਚ ਦਿਨ-ਰਾਤ ਇੱਕ ਕਰਕੇ ਅਹਿਮ ਭੂਮਿਕਾ ਨਿਭਾਈ। ਪਿੰਡ ਵਾਸੀਆਂ ਦਾ ਕਹਿਣਾ ਹੈ ਕਿ ਮੌਜੂਦਾ ਸਰਕਾਰ ਅਤੇ ਵਿਧਾਇਕ ਰੰਧਾਵਾ ਦੀ ਅਗਵਾਈ ਹੇਠ ਇਲਾਕੇ ਦਾ ਸਰਵਪੱਖੀ ਵਿਕਾਸ ਬਿਨਾਂ ਕਿਸੇ ਪੱਖਪਾਤ ਦੇ ਹੋ ਰਿਹਾ ਹੈ।

# ਮੇਅਰ ਪਦਮਜੀਤ ਸਿੰਘ ਮਹਿਤਾ ਨੇ ਗ੍ਰੀਨ ਸਿਟੀ ਰੋਡ 'ਤੇ 10 ਲੱਖ ਰੁਪਏ ਦੀਆਂ ਨਵੀਆਂ ਸਟਰੀਟ ਲਾਈਟਾਂ ਲੋਕਾਂ ਨੂੰ ਸਮਰਪਿਤ ਕੀਤੀਆਂ



**ਆ ਜ਼ਾਦ ਸੋਚ**
**ਪਰਮਜੀਤ ਸਿੰਘ ਪੰਮਾ**
**ਬਠਿੰਡਾ, 20 ਜੂਨ**

ਸ਼ਹਿਰ ਦੇ ਵਾਰਡ ਨੰਬਰ 4 ਅਧੀਨ ਗ੍ਰੀਨ ਸਿਟੀ ਰੋਡ 'ਤੇ ਕਰੀਬ 10 ਲੱਖ ਰੁਪਏ ਦੀ ਲਾਗਤ ਨਾਲ ਲਗਾਈਆਂ ਗਈਆਂ ਨਵੀਆਂ ਸਟ ?ਰੀਟ ਲਾਈਟਾਂ ਦਾ ਉਦਘਾਟਨ ਮੇਅਰ ਸ੍ਰੀ ਪਦਮਜੀਤ ਸਿੰਘ ਮਹਿਤਾ ਵੱਲੋਂ ਸਵਿੱਚ ਆਨ ਕਰਕੇ ਕੀਤਾ ਗਿਆ। ਇਸ ਮੌਕੇ ਕੌਂਸਲਰ ਸ੍ਰੀ ਉਮੇਸ਼ ਗਰਗ 'ਗੋਗੀ', ਨਗਰ ਨਿਗਮ ਦੇ ਐਕਸੀਅਨ ਸ੍ਰੀ ਨੀਰਜ ਕੁਮਾਰ ਅਤੇ ਇਲਾਕੇ ਦੇ ਵਸਨੀਕ ਹਾਜ਼ਰ ਸਨ।ਉਦਘਾਟਨ ਸਮਾਰੋਹ ਦੌਰਾਨ ਮੇਅਰ ਸ੍ਰੀ ਮਹਿਤਾ ਨੇ ਕਿਹਾ ਕਿ ਸ਼ਹਿਰ ਦੇ ਹਰੇਕ ਵਾਰਡ ਵਿੱਚ ਬੁਨਿਆਦੀ ਸਹੂਲਤਾਂ ਨੂੰ ਮਜ਼ਬੂਤ ਕਰਨਾ ਨਗਰ ਨਿਗਮ ਦੀ ਪਹਿਲੀ ਤਰਜੀਹ ਹੈ। ਉਨ੍ਹਾਂ ਕਿਹਾ ਕਿ ਨਵੀਆਂ ਸਟ ?ਰੀਟ ਲਾਈਟਾਂ ਲੱਗਣ ਨਾਲ ਗ੍ਰੀਨ ਸਿਟੀ ਰੋਡ 'ਤੇ ਰਾਤ ਸਮੇਂ ਆਵਾਜਾਈ ਹੋਰ ਸੁਰੱਖਿਅਤ ਅਤੇ ਸੁਵਿਧਾਜਨਕ ਬਣੇਗੀ। ਬਿਹਤਰ ਰੌਸ਼ਨੀ ਪ੍ਰਬੰਧ ਨਾਲ ਸੜਕ ਹਾਦਸਿਆਂ ਵਿੱਚ ਕਮੀ ਆਉਣ ਦੇ ਨਾਲ-ਨਾਲ ਸਮਾਜ ਵਿਰੋਧੀ ਅਨਸਰਾਂ 'ਤੇ ਵੀ ਨਜ਼ਰ ਰੱਖਣ ਵਿੱਚ ਮਦਦ ਮਿਲੇਗੀ।ਉਨ੍ਹਾਂ ਦੱਸਿਆ ਕਿ ਨਗਰ ਨਿਗਮ ਵੱਲੋਂ ਸ਼ਹਿਰ ਦੇ ਵੱਖ-ਵੱਖ ਖੇਤਰਾਂ ਵਿੱਚ ਵਿਕਾਸ ਕਾਰਜ ਤੇਜ਼ੀ ਨਾਲ ਕਰਵਾਏ ਜਾ ਰਹੇ ਹਨ ਅਤੇ ਲੋਕਾਂ ਦੀਆਂ ਲੋੜਾਂ ਨੂੰ ਧਿਆਨ ਵਿੱਚ ਰੱਖਦਿਆਂ ਨਵੀਆਂ ਵਿਕਾਸ ਯੋਜਨਾਵਾਂ ਵੀ ਤਿਆਰ ਕੀਤੀਆਂ ਜਾ ਰਹੀਆਂ ਹਨ। ਮੇਅਰ ਨੇ ਸ਼ਹਿਰ ਵਾਸੀਆਂ ਨੂੰ ਸਫ਼ਾਈ ਅਤੇ ਸੁੰਦਰਤਾ ਬਰਕਰਾਰ ਰੱਖਣ ਲਈ ਨਿਗਮ ਦਾ ਸਹਿਯੋਗ ਕਰਨ ਦੀ ਅਪੀਲ ਵੀ ਕੀਤੀ।ਇਸ ਮੌਕੇ ਕੌਂਸਲਰ ਸ੍ਰੀ ਉਮੇਸ਼ ਗਰਗ 'ਗੋਗੀ' ਨੇ ਮੇਅਰ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਲਾਕਾ ਨਿਵਾਸੀਆਂ ਦੀ ਲੰਬੇ ਸਮੇਂ ਤੋਂ ਚੱਲੀ ਆ ਰਹੀ ਬਿਹਤਰ ਰੌਸ਼ਨੀ ਪ੍ਰਬੰਧ ਦੀ ਮੰਗ ਨੂੰ ਪੂਰਾ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਨਵੀਆਂ ਸਟ ?ਰੀਟ ਲਾਈਟਾਂ ਨਾਲ ਲੋਕਾਂ ਨੂੰ ਵੱਡੀ ਰਾਹਤ ਮਿਲੇਗੀ ਅਤੇ ਇਲਾਕੇ ਦੇ ਵਿਕਾਸ ਨੂੰ ਹੋਰ ਗਤੀ ਮਿਲੇਗੀ।

# ਸਫਾਈ ਯੂਨੀਅਨ ਪੰਜਾਬ ਵੱਲੋਂ 24 ਨੂੰ ਖਰੜ ਵਿੱਚ ਵਿਸ਼ਾਲ ਮਹਾਂ ਰੈਲੀ



**ਆ ਜ਼ਾਦ ਸੋਚ**
**ਜਗਵਿੰਦਰ ਸਿੰਘ / ਖਰੜ , 20 ਜੂਨ**

ਸਫਾਈ ਯੂਨੀਅਨ ਪੰਜਾਬ ਦੀ ਇੱਕ ਅਹਿਮ ਖਰੜ ਵਿਖੇ ਮੀਟਿੰਗ ਹੋਈ। ਇਸ ਮੀਟਿੰਗ ਵਿੱਚ ਸੂਬਾ ਪ੍ਰਧਾਨ ਅਸ਼ੋਕ ਸਾਲਵਾੜ ਵਿਸ਼ੇਸ਼ ਤੌਰ 'ਤੇ ਸ਼ਾਮਿਲ ਹੋਏ। ਇਸ ਮੌਕੇ ਪ੍ਰਧਾਨ ਨੇ ਗੱਲਬਾਤ ਕਰਦਿਆਂ ਆਖਿਆ ਕਿ ਯੂਨੀਅਨ ਵੱਲੋਂ 24 ਜੂਨ ਨੂੰ ਖਰੜ ਵਿੱਚ ਸੂਬਾ ਪੱਧਰੀ ਵਿਸ਼ਾਲ ਮਹਾਂ ਰੈਲੀ ਕਰਨ ਜਾ ਰਹੇ ਹਨ। ਪੰਜਾਬ ਸਰਕਾਰ ਉਹਨਾਂ ਦੀਆਂ ਮੰਗਾਂ ਵੱਲ ਬਿਲਕੁਲ ਧਿਆਨ ਨਹੀਂ ਦੇ ਰਹੀ ਹੈ। ਆਗੂਆਂ ਨੇ ਚੇਤਾਵਨੀ ਦਿੱਤੀ ਕਿ ਜੇਕਰ ਸਰਕਾਰ ਨੇ ਉਨ੍ਹਾਂ ਦੀਆਂ ਮੰਗਾਂ ਤੁਰੰਤ ਨਾ ਮੰਨੀਆਂ ਤਾਂ ਉਹ ਤਿੱਖਾ ਸੰਘਰਸ਼ ਵਿੱਢਣਗੇ। ਇਸ ਤਹਿਤ ਸੜਕਾਂ ਜਾਮ ਕੀਤੀਆਂ ਜਾਣਗੀਆਂ ਅਤੇ ਸਰਕਾਰ ਖਿਲਾਫ ਵੱਡੇ ਪੱਧਰ 'ਤੇ ਪ੍ਰਦਰਸ਼ਨ ਕੀਤੇ ਜਾਣਗੇ। ਇਸ ਮੌਕੇ ਨਗਰ ਕੌਂਸਲ ਕਰਮਚਾਰੀ ਯੂਨੀਅਨ ਖਰੜ ਦੇ ਪ੍ਰਧਾਨ ਅਮਿਤ ਕੁਮਾਰ ਸਮੇਤ ਕਈ ਹੋਰ ਸਥਾਨਕ ਆਗੂ ਅਤੇ ਸਫਾਈ ਕਰਮਚਾਰੀ ਵੀ ਮੌਜੂਦ ਸਨ।

# ਜ਼ੀਰਕਪੁਰ ਪੁਲਿਸ ਦੀ ਵੱਡੀ ਕਾਰਵਾਈ: ਕਿਰਾਏ ਦੇ ਫਲੈਟ 'ਚ ਚੱਲ ਰਹੇ ਚਿੱਟੇ ਦੇ ਧੰਦੇ ਦਾ ਪਰਦਾਫਾਸ਼, 4 ਤਸਕਰ ਗ੍ਰਿਫ਼ਤਾਰ

**ਆ ਜ਼ਾਦ ਸੋਚ**
**ਅਵਤਾਰ ਸੈਣੀ**
**ਜ਼ੀਰਕਪੁਰ, 20 ਜੂਨ**

ਨਸ਼ਾ ਤਸਕਰਾਂ ਖ਼ ?ਲਾਫ਼ ਚਲਾਈ ਜਾ ਰਹੀ ਮੁਹਿੰਮ ਤਹਿਤ ਜ਼ੀਰਕਪੁਰ ਪੁਲਿਸ ਨੂੰ ਇੱਕ ਅਹਿਮ ਸਫਲਤਾ ਹਾਸਲ ਹੋਈ ਹੈ। ਗੁਪਤ ਸੂਚਨਾ ਦੇ ਆਧਾਰ 'ਤੇ ਕੀਤੀ ਗਈ ਛਾਪੇਮਾਰੀ ਦੌਰਾਨ ਪੁਲਿਸ ਨੇ ਕਿਰਾਏ ਦੇ ਇੱਕ ਫਲੈਟ ਵਿੱਚੋਂ ਚਾਰ ਕਥਿਤ ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕਰਕੇ ਉਨ੍ਹਾਂ ਦੇ ਕਬਜ਼ੇ ਵਿੱਚੋਂ 30 ਗ੍ਰਾਮ ਹੈਰੋਇਨ ÷ਚਿੱਟਾ÷, 60 ਹਜ਼ਾਰ ਰੁਪਏ ਦੀ ਡਰੱਗ ਮਨੀ, ਇੱਕ ਵੇਇੰਗ ਸਕੇਲ ਅਤੇ ਨਸ਼ਾ ਪੈਕ ਕਰਨ ਲਈ ਵਰਤੇ ਜਾਂਦੇ ਪਲਾਸਟਿਕ ਦੇ ਲਿਫ਼ਾਫੇ ਬਰਾਮਦ ਕੀਤੇ ਹਨ। ਮਾਮਲੇ ਸਬੰਧੀ ਜਾਣਕਾਰੀ ਦਿੰਦਿਆਂ ਥਾਣਾ ਮੁਖੀ ਐਸਐਚਓ ਸਤਿੰਦਰ ਸਿੰਘ ਨੇ ਦੱਸਿਆ ਕਿ ਸਬ-ਇੰਸਪੈਕਟਰ ਜੀਵਨ ਸਿੰਘ ਆਪਣੀ ਪੁਲਿਸ ਟੀਮ ਸਮੇਤ ਇਲਾਕੇ ਵਿੱਚ ਗਸ਼ਤ ਕਰ ਰਹੇ ਸਨ। ਇਸ ਦੌਰਾਨ ਇੱਕ ਭਰੋਸੇਯੋਗ ਮੁਖਬਰ ਨੇ ਸੂਚਨਾ ਦਿੱਤੀ ਕਿ ਸਿਗਮਾ ਸਿਟੀ ਐਕਸਟੈਂਸ਼ਨ ਸਥਿਤ ਇੱਕ ਫਲੈਟ ਵਿੱਚ ਰਹਿ ਰਹੇ ਕੁਝ ਵਿਅਕਤੀ ਚਿੱਟੇ ਦੀ ਸਪਲਾਈ ਦਾ ਗੈਰ-ਕਾਨੂੰਨੀ ਕਾਰੋਬਾਰ ਕਰ ਰਹੇ ਹਨ। ਸੂਚਨਾ ਮਿਲਣ ਉਪਰੰਤ ਪੁਲਿਸ ਨੇ ਤੁਰੰਤ ਕਾਰਵਾਈ ਕਰਦਿਆਂ ਫਲੈਟ 'ਤੇ ਛਾਪਾ ਮਾਰਿਆ ਅਤੇ ਚਾਰ ਵਿਅਕਤੀਆਂ ਨੂੰ ਕਾਬੂ ਕਰ ਲਿਆ। ਤਲਾਸ਼ੀ ਦੌਰਾਨ ਉਨ੍ਹਾਂ ਕੋਲੋਂ ਹੈਰੋਇਨ, ਨਸ਼ਾ ਵੇਚ ਕੇ ਇਕੱਠੀ ਕੀਤੀ ਗਈ ਨਕਦੀ ਅਤੇ ਹੋਰ ਸਾਮਾਨ ਬਰਾਮਦ ਹੋਇਆ। ਐਸਐਚਓ ਨੇ ਦੱਸਿਆ ਕਿ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮਾਂ ਵਿੱਚੋਂ ਤਿੰਨ ਚੰਡੀਗੜ੍ਹ ਅਤੇ ਇੱਕ ਹਿਮਾਚਲ ਪ੍ਰਦੇਸ਼ ਦੇ ਕਾਂਗੜਾ ਖੇਤਰ ਨਾਲ ਸਬੰਧਤ ਹੈ। ਸਾਰੇ ਮੁਲਜ਼ਮ ਫਲੈਟ ਵਿੱਚ ਕਿਰਾਏਦਾਰ ਵਜੋਂ ਰਹਿ ਰਹੇ ਸਨ। ਉਨ੍ਹਾਂ ਕਿਹਾ ਕਿ ਮੁਲਜ਼ਮਾਂ ਨੂੰ ਅਦਾਲਤ ਵਿੱਚ ਪੇਸ਼ ਕਰਕੇ ਪੁਲਿਸ ਰਿਮਾਂਡ ਹਾਸਲ ਕੀਤਾ ਜਾਵੇਗਾ। ਰਿਮਾਂਡ ਦੌਰਾਨ ਇਹ ਪਤਾ ਲਗਾਇਆ ਜਾਵੇਗਾ ਕਿ ਨਸ਼ੀਲੇ ਪਦਾਰਥ ਕਿੱਥੋਂ ਲਿਆਂਦੇ ਜਾਂਦੇ ਸਨ ਅਤੇ ਕਿਹੜੇ-ਕਿਹੜੇ ਖੇਤਰਾਂ ਵਿੱਚ ਸਪਲਾਈ ਕੀਤੇ ਜਾਂਦੇ ਸਨ। ਪੁਲਿਸ ਵੱਲੋਂ ਮਾਮਲੇ ਦੀ ਡੂੰਘਾਈ ਨਾਲ ਜਾਂਚ ਕੀਤੀ ਜਾ ਰਹੀ ਹੈ।



# ਲੋਕ ਨਿਰਮਾਣ ਮੰਤਰੀ ਹਰਭਜਨ ਸਿੰਘ ਈ.ਟੀ.ਓ. ਵੱਲੋਂ ਜੰਡਿਆਲਾ ਗੁਰੂ ਦੇ ਵਾਰਡਾਂ ਵਿੱਚ ਲੋਕ ਮਿਲਣੀਆਂ

## ਜੁਲਾਈ ਤੋਂ ਜਨਰਲ ਵਰਗ ਦੀਆਂ ਔਰਤਾਂ ਨੂੰ 1000 ਰੁਪਏ ਅਤੇ ਐਸ.ਸੀ. ਵਰਗ ਦੀਆਂ ਔਰਤਾਂ ਨੂੰ 1500 ਰੁਪਏ ਪ੍ਰਤੀ ਮਹੀਨਾ ਸਨਮਾਨ ਰਾਸ਼ੀ ਦਿੱਤੀ ਜਾਵੇਗੀ: ਈ.ਟੀ.ਓ.



**ਆ ਜ਼ਾਦ ਸੋਚ**
**ਤਰੁਣ ਮਹਿਰਾ /ਅੰਮ੍ਰਿਤਸਰ, 20 ਜੂਨ**

ਸੂਬੇ ਦੇ ਲੋਕ ਨਿਰਮਾਣ ਮੰਤਰੀ ਅਤੇ ਵਿਧਾਨ ਸਭਾ ਹਲਕਾ ਜੰਡਿਆਲਾ ਗੁਰੂ ਦੇ ਵਿਧਾਇਕ ਸ. ਹਰਭਜਨ ਸਿੰਘ ਈ.ਟੀ.ਓ. ਵੱਲੋਂ ਅੱਜ ਜੰਡਿਆਲਾ ਗੁਰੂ ਦੇ ਵਾਰਡ ਨੰਬਰ 1, 14 ਅਤੇ 15 ਵਿੱਚ ਲੋਕ ਮਿਲਣੀਆਂ ਕਰਕੇ ਇਲਾਕਾ ਵਾਸੀਆਂ ਨਾਲ ਸਿੱਧਾ ਸੰਵਾਦ ਕੀਤਾ ਗਿਆ ਅਤੇ ਉਨ੍ਹਾਂ ਦੀਆਂ ਸਮੱਸਿਆਵਾਂ ਸੁਣੀਆਂ ਗਈਆਂ।

ਇਸ ਮੌਕੇ ਸੰਬੋਧਨ ਕਰਦਿਆਂ ਕੈਬਨਿਟ ਮੰਤਰੀ ਸ. ਹਰਭਜਨ ਸਿੰਘ ਈ.ਟੀ.ਓ. ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਆਪਣੀ ਅਖੀਰਲੀ ਗਰੰਟੀ ਨੂੰ ਵੀ ਪੂਰਾ ਕਰਨ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਜੁਲਾਈ ਮਹੀਨੇ ਤੋਂ ਜਨਰਲ ਵਰਗ ਦੀਆਂ ਯੋਗ ਔਰਤਾਂ ਨੂੰ 1000 ਰੁਪਏ ਪ੍ਰਤੀ ਮਹੀਨਾ ਅਤੇ ਐਸ.ਸੀ. ਵਰਗ ਨਾਲ ਸਬੰਧਤ ਔਰਤਾਂ ਨੂੰ 1500 ਰੁਪਏ ਪ੍ਰਤੀ ਮਹੀਨਾ ਸਨਮਾਨ ਰਾਸ਼ੀ ਦਿੱਤੀ ਜਾਵੇਗੀ।

ਉਨ੍ਹਾਂ ਕਿਹਾ ਕਿ ਪੰਜਾਬ ਦੇਸ਼ ਦਾ ਪਹਿਲਾ ਸੂਬਾ ਹੈ, ਜਿੱਥੇ ਹਰ ਨਾਗਰਿਕ ਨੂੰ 10 ਲੱਖ ਰੁਪਏ ਤੱਕ ਸਾਲਾਨਾ ਮੁਫ਼ਤ ਇਲਾਜ ਦੀ ਸਹੂਲਤ ਮੁਹੱਈਆ ਕਰਵਾਈ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਇਹ ਸਿਹਤ ਯੋਜਨਾ ਪੰਜਾਬ ਦੇ ਲੋਕਾਂ ਲਈ ਵਰਦਾਨ ਸਾਬਤ ਹੋ ਰਹੀ ਹੈ ਅਤੇ ਆਰਥਿਕ ਤੌਰ 'ਤੇ ਕਮਜ਼ੋਰ ਪਰਿਵਾਰ ਵੀ ਲੋੜ ਪੈਣ 'ਤੇ ਉੱਚ ਪੱਧਰੀ ਸਿਹਤ ਸੇਵਾਵਾਂ ਦਾ ਲਾਭ ਲੈ ਰਹੇ ਹਨ।

ਸ. ਈ.ਟੀ.ਓ. ਨੇ ਅੱਗੇ ਕਿਹਾ ਕਿ ਮੁਫ਼ਤ ਬਿਜਲੀ ਦੀ ਸਹੂਲਤ ਨਾਲ ਪਿਛਲੇ ਸਾਢੇ ਚਾਰ ਸਾਲਾਂ ਦੌਰਾਨ ਪੰਜਾਬ ਦੇ ਲੋਕਾਂ ਦੇ ਹਜ਼ਾਰਾਂ ਕਰੋੜ ਰੁਪਏ ਦੀ ਬੱਚਤ ਹੋਈ ਹੈ। ਉਨ੍ਹਾਂ ਦੱਸਿਆ ਕਿ ਸੂਬੇ ਦੇ 90 ਫ਼ੀਸਦੀ ਤੋਂ ਵੱਧ ਘਰਾਂ ਦੇ ਬਿਜਲੀ ਬਿੱਲ ਜ਼ੀਰੋ ਆ ਰਹੇ ਹਨ, ਜਿਸ ਨਾਲ ਆਮ ਲੋਕਾਂ ਨੂੰ ਵੱਡੀ ਆਰਥਿਕ ਰਾਹਤ ਮਿਲੀ ਹੈ।

ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਲੋਕ ਭਲਾਈ ਦੀਆਂ ਨੀਤੀਆਂ ਅਤੇ ਵਿਕਾਸ ਕਾਰਜਾਂ ਨੂੰ ਸਮਰਪਿਤ ਹੈ ਅਤੇ ਹਰ ਵਰਗ ਦੀ ਭਲਾਈ ਲਈ ਲਗਾਤਾਰ ਕੰਮ ਕਰ ਰਹੀ ਹੈ।

ਇਸ ਮੌਕੇ ਐਮ.ਸੀ. ਅਮਨ ਵਿਰਕ, ਰੋਬਿਨ, ਸਤਿੰਦਰ ਸਿੰਘ, ਇਲਾਕਾ ਨਿਵਾਸੀ ਅਤੇ ਵੱਡੀ ਗਿਣਤੀ ਵਿੱਚ ਪਤਵੰਤੇ ਹਾਜ਼ਰ ਸਨ।

# ਅਗਨੀਵੀਰ ਜਸਨਪ੍ਰੀਤ ਸਿੰਘ ਦੇ ਸੰਸਕਾਰ ਮੌਕੇ ਕਿਸੇ ਵੀ ਪ੍ਰਸ਼ਾਸਨਿਕ ਅਧਿਕਾਰੀ ਦਾ ਨਾ ਪੁੱਜਣਾ ਮੰਦਭਾਗਾ ਤੇ ਨਿੰਦਣਯੋਗ : ਕੈਪਟਨ ਸਿੱਧੂ

## ਪੰਜਾਬ ਸਰਕਾਰ ਸ਼ਹੀਦ ਅਗਨੀਵੀਰ ਜਸਨਪ੍ਰੀਤ ਸਿੰਘ ਦੇ ਪਰਿਵਾਰ ਨੂੰ ਦੇਵੇ ਇਕ ਕਰੋੜ ਦੀ ਸਹਾਇਤਾ: ਗੁਰਿੰਦਰ ਸਿੰਘ ਸਿੱਧੂ

**ਆ ਜ਼ਾਦ ਸੋਚ**
**ਸੁਖਰਾਜ ਸਿੰਘ/ਨਵੀਂ ਦਿੱਲੀ, 20 ਜੂਨ**

ਬਖਤਗੜ੍ਹ ਦੇ ਜੰਮਪਲ ਜਿਸ ਦਾ ਪਰਿਵਾਰ ਅੱਜਕਲ ਬਰਨਾਲਾ ਸ਼ਹਿਰ ਵਿੱਚ ਰਹਿ ਰਿਹਾ ਹੈ, ਅਗਨੀਵੀਰ ਜਸਨਪ੍ਰੀਤ ਸਿੰਘ ਦੀ ਡਿਊਟੀ ਦੌਰਾਨ ਦਿਲ ਦਾ ਦੌਰਾ ਪੈਣ ਕਾਰਨ ਮੌਤ ਹੋ ਗਈ ਸੀ, ਜਿਸ ਦਾ ਸੰਸਕਾਰ ਬੀਤੇ ਕੱਲ੍ਹ ਰਾਮਬਾਗ ਵਿੱਚ ਮਿਲਟਰੀ ਸਨਮਾਨਾਂ ਨਾਲ ਕੀਤਾ ਗਿਆ। ਇਸ ਸਮੇਂ ਜਿਲ੍ਹਾ ਬਰਨਾਲਾ ਦੇ ਕਿਸੇ ਵੀ ਪ੍ਰਸ਼ਾਸ਼ਨਿਕ ਅਧਿਕਾਰੀ ਦਾ ਨਾ ਪਹੁੰਚਣਾ ਅਤਿ ਮੰਦਭਾਗਾ ਤੇ ਨਿੰਦਣਯੋਗ ਹੈ।ਮੈਨੂੰ ਸਮਝ ਨਹੀਂ ਆਉਂਦੀ ਕਿ ਸਰਕਾਰੀ ਗੱਡੀਆਂ ਸਰਕਾਰੀ ਸਟਾਫ ਦੇ ਹੁੰਦਿਆਂ ਵੀ ਅਜਿਹੇ ਸਮੇਂ ਕੋਈ ਅਧਿਕਾਰੀ ਇਸ ਨੌਜਵਾਨ ਅਗਨੀਵੀਰ ਸੋਲਜ਼ਰ ਨੂੰ ਜਿਹੜਾ ਦੇਸ਼ ਦੀ ਰੱਖਿਆ ਕਰਨ ਲਈ ਘਰੋਂ ਨਿਕਲਿਆ ਸੀ, ਨੂੰ ਅੰਤਿਮ ਸਰਧਾਂਜਲੀ ਦੇਣ ਕਿਉਂ ਨਹੀਂ ਪਹੁੰਚਿਆ। ਇਹ ਵਿਚਾਰ ਭਾਜਪਾ ਦੇ ਸੀਨੀਅਰ ਆਗੂ ਅਤੇ ਪੰਜਾਬ ਸੈਨਿਕ ਵਿੰਗ ਦੇ ਸੂਬਾ ਪ੍ਰਧਾਨ ਕੈਪਟਨ ਗੁਰਜਿੰਦਰ ਸਿੰਘ ਸਿੱਧੂ ਨੇ ਪ੍ਰਗਟ ਕਰਦਿਆ ਪੰਜਾਬ ਸਰਕਾਰ ਤੋਂ ਪੁਰਜੋਰ ਮੰਗ ਕੀਤੀ ਕਿ ਪਰਿਵਾਰ ਦਾ 22 ਸਾਲਾ ਦਾ ਨੌਜਵਾਨ ਪੁੱਤ ਬੇਵਕਤ ਚਲਾ ਗਿਆ ਅਤੇ ਪਰਿਵਾਰ ਦੀਆਂ ਸਾਰੀਆਂ ਆਸਾਂ 'ਤੇ ਪਾਣੀ ਫਿਰ ਗਿਆ ਹੈ, ਮੁੱਖ ਮੰਤਰੀ ਆਪਣੇ ਵਾਧੇ ਅਨੁਸਾਰ ਇਸ ਪਰਿਵਾਰ ਨੂੰ ਪੰਜਾਬ ਸਰਕਾਰ ਵੱਲੋਂ ਇੱਕ ਕਰੋੜ ਦੀ ਸਹਾਇਤਾ ਭੇਜਣ, ਤਾਕਿ ਬਜ਼ੁਰਗ ਮਾਪਿਆਂ ਨੂੰ ਬੁਢਾਪੇ ਵਿੱਚ ਸਹਾਰਾ ਮਿਲ ਸਕੇ। ਇਸ ਮੌਕੇ ਸੂਬੇਦਾਰ ਮੇਜਰ ਰਾਜ ਸਿੰਘ, ਜਿਲ੍ਹਾ ਪ੍ਰਧਾਨ ਕੈਪਟਨ ਵਿਕਰਮ ਸਿੰਘ, ਸੂਬੇਦਾਰ ਮੇਜਰ ਅਮਰਜੀਤ ਸਿੰਘ, ਸੂਬੇਦਾਰ ਨਾਇਬ ਸਿੰਘ ਮਹਿਤਾ, ਸੂਬੇਦਾਰ ਕਮਲ ਜੀਤ ਸਿੰਘ ਸ਼ਰਮਾ, ਵਾਰੰਟ ਅਫ਼ਸਰ ਸਮਸ਼ੇਰ ਸਿੰਘ ਸੇਖੋਂ, ਵਾਰੰਟ ਅਫ਼ਸਰ ਅਵਤਾਰ ਸਿੰਘ ਸਿੱਧੂ, ਵਾਰੰਟ ਅਫ਼ਸਰ ਬਲਵਿੰਦਰ ਸਿੰਘ ਢੀਂਡਸਾ, ਸੂਬੇਦਾਰ ਸੌਦਾਗਰ ਸਿੰਘ, ਸੂਬੇਦਾਰ ਗੁਰਜੰਟ ਸਿੰਘ, ਨਾਇਵਾਲ ਹੌਲਦਾਰ ਬਸੰਤ ਸਿੰਘ ਉੱਗੋਕੇ, ਹੌਲਦਾਰ ਰੂਪ ਸਿੰਘ ਮਹਿਤਾ, ਹੌਲਦਾਰ ਬਲਦੇਵ ਸਿੰਘ ਹਮੀਦੀ ਅਤੇ ਨਾਇਕ ਜੰਗੀਰ ਸਿੰਘ ਆਦਿ ਹਾਜ਼ਰ ਸਨ।



# ਐੱਸ.ਆਈ.ਆਰ.-2026 ਤਹਿਤ ਬੂਥ ਲੈਵਲ ਏਜੰਟਾਂ ਦੀ ਟਰੇਨਿੰਗ ਕਰਵਾਈ

**ਆ ਜ਼ਾਦ ਸੋਚ**
**ਤਰੁਣ ਮਹਿਰਾ**
**ਅੰਮ੍ਰਿਤਸਰ, 20 ਜੂਨ**

ਭਾਰਤ ਚੋਣ ਕਮਿਸ਼ਨ ਵੱਲੋਂ ਜਾਰੀ ਦਿਸ਼ਾ-ਨਿਰਦੇਸ਼ਾਂ ਅਤੇ ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਅੰਮ੍ਰਿਤਸਰ ਸ੍ਰੀ ਦਲਵਿੰਦਰਜੀਤ ਸਿੰਘ ਦੇ ਆਦੇਸ਼ਾਂ ਅਨੁਸਾਰ ਸਪੈਸ਼ਲ ਇੰਟੇਨਸਿਵ ਰਿਵੀਜ਼ਨ (SIR)-2026 ਤਹਿਤ ਵਿਧਾਨ ਸਭਾ ਹਲਕਾ 019-ਅੰਮ੍ਰਿਤਸਰ ਦੱਖਣੀ ਦੇ ਵੱਖ-ਵੱਖ ਰਾਜਨੀਤਿਕ ਪਾਰਟੀਆਂ ਵੱਲੋਂ ਨਾਮਜ਼ਦ ਕੀਤੇ ਗਏ ਬੂਥ ਲੈਵਲ ਏਜੰਟਾਂ ਦੀ ਟਰੇਨਿੰਗ ਕਰਵਾਈ ਗਈ।

ਇਸ ਟ ?ਰੇਨਿੰਗ ਸੈਸ਼ਨ ਦੀ ਅਗਵਾਈ ਚੋਣਕਾਰ ਰਜਿਸਟ ?ਰੇਸ਼ਨ ਅਫ਼ਸਰ-ਕਮ-ਵਧੀਕ ਕਮਿਸ਼ਨਰ ਸ੍ਰੀ ਜੈ ਇੰਦਰ ਸਿੰਘ ਨੇ ਕੀਤੀ।

ਟਰੇਨਿੰਗ ਦੌਰਾਨ BLAs ਨੂੰ ਵਿਸ਼ੇਸ਼ ਤੀਬਰ ਸੋਧ 2026 ਦੇ ਸਮੁੱਚੇ ਪ੍ਰੋਗਰਾਮ, ਚੋਣ ਕਮਿਸ਼ਨ ਵੱਲੋਂ ਜਾਰੀ ਹਦਾਇਤਾਂ ਅਤੇ ਵੋਟਰ ਸੂਚੀਆਂ ਦੀ ਸ਼ੁੱਧਤਾ ਨੂੰ ਯਕੀਨੀ ਬਣਾਉਣ ਸਬੰਧੀ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ।

ਡਿਪਟੀ ਕਮਿਸ਼ਨਰ ਸ੍ਰੀ ਦਲਵਿੰਦਰਜੀਤ ਸਿੰਘ ਨੇ ਦੱਸਿਆ ਕਿ ਭਾਰਤ ਚੋਣ ਕਮਿਸ਼ਨ ਵੱਲੋਂ ਵੋਟਰ ਸੂਚੀਆਂ ਨੂੰ ਹੋਰ ਵਧੇਰੇ ਸਹੀ, ਪਾਰਦਰਸ਼ੀ ਅਤੇ ਅਪਡੇਟ ਬਣਾਉਣ ਲਈ ਐੱਸ.ਆਈ.ਆਰ ਮੁਹਿੰਮ ਚਲਾਈ ਜਾ ਰਹੀ ਹੈ। ਇਸ ਮੁਹਿੰਮ ਨੂੰ ਸਫਲ ਬਣਾਉਣ ਲਈ ਬੂਥ ਲੈਵਲ ਏਜੰਟਾਂ ਦੀ ਭੂਮਿਕਾ ਬਹੁਤ ਮਹੱਤਵਪੂਰਨ ਹੈ, ਕਿਉਂਕਿ ਉਹ ਰਾਜਨੀਤਿਕ ਪਾਰਟੀਆਂ ਅਤੇ ਚੋਣ ਪ੍ਰਸ਼ਾਸਨ ਦਰਮਿਆਨ ਇੱਕ ਅਹਿਮ ਕੜੀ ਵਜੋਂ ਕੰਮ ਕਰਦੇ ਹਨ।

ਉਨ੍ਹਾਂ ਕਿਹਾ ਕਿ 25 ਜੂਨ 2026 ਤੋਂ ਬੂਥ ਲੈਵਲ ਅਫ਼ਸਰ (BLOs) ਘਰ-ਘਰ ਜਾ ਕੇ ਵੋਟਰਾਂ ਨੂੰ ਗਣਨਾ ਫਾਰਮ ਵੰਡਣਗੇ। ਇਸ ਦੌਰਾਨ ਬੀ.ਐਲ.ਏ. ਵੱਲੋਂ ਬੀ.ਐਲ.ਓ. ਦਾ ਸਹਿਯੋਗ ਕਰਦਿਆਂ ਇਹ ਯਕੀਨੀ ਬਣਾਇਆ ਜਾਵੇਗਾ ਕਿ ਹਰ ਯੋਗ ਵੋਟਰ ਤੱਕ ਫਾਰਮ ਪਹੁੰਚੇ ਅਤੇ ਵੋਟਰ ਸੂਚੀਆਂ ਵਿੱਚ ਕਿਸੇ ਵੀ ਤਰ੍ਹਾਂ ਦੀ ਗਲਤੀ ਜਾਂ ਤਰੁੱਟੀ ਨੂੰ ਸਮੇਂ ਸਿਰ ਦਰੁਸਤ ਕੀਤਾ ਜਾ ਸਕੇ।ਟਰੇਨਿੰਗ ਦੌਰਾਨ ਬੀ.ਐਲ.ਏਜ਼ ਨੂੰ ਗਣਨਾ ਫਾਰਮ ਭਰਨ ਦੀ ਪ੍ਰਕਿਰਿਆ ਬਾਰੇ ਵਿਸਥਾਰ ਨਾਲ ਜਾਣੂ ਕਰਵਾਇਆ ਗਿਆ ਅਤੇ ਵੋਟਰ ਰਜਿਸਟ ?ਰੇਸ਼ਨ, ਨਾਮ ਸ਼ਾਮਲ ਕਰਨ, ਸੋਧ ਕਰਨ ਅਤੇ ਹੋਰ ਚੋਣੀ ਪ੍ਰਕਿਰਿਆਵਾਂ ਸਬੰਧੀ ਪ੍ਰਯੋਗਿਕ ਜਾਣਕਾਰੀ ਵੀ ਦਿੱਤੀ ਗਈ। ਅਧਿਕਾਰੀਆਂ ਨੇ ਭਾਗੀਦਾਰਾਂ ਦੇ ਸਵਾਲਾਂ ਦੇ ਜਵਾਬ ਦੇ ਕੇ ਉਨ੍ਹਾਂ ਦੀਆਂ ਸ਼ੰਕਾਵਾਂ ਦਾ ਨਿਵਾਰਣ ਕੀਤਾ।

ਇਸ ਮੌਕੇ ਚੋਣ ਕਾਨੂੰਨਗੋ ਸ੍ਰੀ ਰਾਜਵਿੰਦਰ ਸਿੰਘ ਬੱਲ ਅਤੇ ਚੋਣ ਇੰਚਾਰਜ ਸ੍ਰੀ ਸੰਜੀਵ ਕਾਲੀਆ ਨੇ ਦੱਸਿਆ ਕਿ BLOs ਨੂੰ ਐੱਸ.ਆਈ.ਆਰ.-2026 ਨਾਲ ਸਬੰਧਿਤ ਕਿੱਟਾਂ ਵੰਡ ਦਿੱਤੀਆਂ ਗਈਆਂ ਹਨ ਅਤੇ 25 ਜੂਨ ਤੋਂ ਗਣਨਾ ਫਾਰਮਾਂ ਦੀ ਵੰਡ ਦਾ ਕੰਮ ਸ਼ੁਰੂ ਕਰ ਦਿੱਤਾ ਜਾਵੇਗਾ।

ਡਿਪਟੀ ਕਮਿਸ਼ਨਰ ਸ੍ਰੀ ਦਲਵਿੰਦਰਜੀਤ ਸਿੰਘ ਨੇ ਸਮੂਹ ਰਾਜਨੀਤਿਕ ਪਾਰਟੀਆਂ, BLAs ਅਤੇ ਆਮ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਚੋਣ ਕਮਿਸ਼ਨ ਦੀ ਇਸ ਮਹੱਤਵਪੂਰਨ ਮੁਹਿੰਮ ਵਿੱਚ ਸਰਗਰਮ ਸਹਿਯੋਗ ਦੇਣ ਤਾਂ ਜੋ ਹਰ ਯੋਗ ਨਾਗਰਿਕ ਦਾ ਨਾਮ ਵੋਟਰ ਸੂਚੀ ਵਿੱਚ ਦਰਜ ਹੋ ਸਕੇ ਅਤੇ ਲੋਕਤੰਤਰਿਕ ਪ੍ਰਕਿਰਿਆ ਨੂੰ ਹੋਰ ਮਜ਼ਬੂਤੀ ਮਿਲ ਸਕੇ।



## ਸੰਪਾਦਕੀ

## ਆਜ਼ਾਦ ਸੋਚ

# ਕਾਂਗਰਸ ਫਿਰ ਉਸੇ ਮੋੜ 'ਤੇ

ਕੀ ਪੰਜਾਬ 'ਚ ਕਾਂਗਰਸ ਪਾਰਟੀ ਨੇ ਆਪਣੀਆਂ ਪਿਛਲੀਆਂ ਗ਼ਲਤੀਆਂ ਤੋਂ ਕੁਝ ਸਿੱਖਿਆ? ਪੰਜਾਬ ਕਾਂਗਰਸ ਇਕ ਵਾਰ ਫਿਰ ਆਪਣੇ ਪ੍ਰਧਾਨ ਦੀ ਤਬਦੀਲੀ ਨੂੰ ਲੈ ਕੇ ਲੰਬੀ ਕਵਾਇਦ 'ਚ ਰੁੱਝੀ ਹੋਈ ਹੈ। ਪਾਰਟੀ ਦੇ ਮੌਜੂਦਾ ਸੂਬਾ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਦੇ ਹਟਾਏ ਜਾਣ ਤੇ ਉਨ੍ਹਾਂ ਦੀ ਥਾਂ ਨਵੇਂ ਚਿਹਰੇ ਦੀ ਨਿਯੁਕਤੀ ਦੀਆਂ ਚਰਚਾਵਾਂ ਕਈ ਹਫ਼ਤਿਆਂ ਤੋਂ ਚੱਲ ਰਹੀਆਂ ਹਨ। ਦਿੱਲੀ 'ਚ ਮੀਟਿੰਗਾਂ ਦਾ ਦੌਰ ਜਾਰੀ ਹੈ, ਆਗੂਆਂ ਨੂੰ ਸੱਦ ਕੇ ਰਾਏ ਲਈ ਜਾ ਰਹੀ ਹੈ, ਵੱਖ-ਵੱਖ ਧੜਿਆਂ ਨਾਲ ਸਲਾਹ-ਮਸ਼ਵਰਾ ਕੀਤਾ ਜਾ ਰਿਹਾ ਹੈ ਅਤੇ ਪਾਰਟੀ ਹਾਈਕਮਾਨ ਵੱਲੋਂ 'ਜਲਦੀ ਫ਼ੈਸਲਾ' ਕਰਨ ਦੇ ਸੰਕੇਤ ਦਿੱਤੇ ਜਾ ਰਹੇ ਹਨ। ਇਸ ਮਾਮਲੇ ਨੂੰ ਸੁਲਝਾਉਣ ਲਈ ਤਿੰਨ ਮੈਂਬਰੀ ਕਮੇਟੀ ਵੀ ਬਣਾਈ ਗਈ, ਜਿਸ ਦੀ ਬੀਤੇ ਸ਼ਨਿੱਚਰਵਾਰ ਨੂੰ ਦਿੱਲੀ 'ਚ ਸਿਖ਼ਰਲੀ ਲੀਡਰਸ਼ਿਪ ਨਾਲ ਮੀਟਿੰਗ ਵੀ ਹੋਈ ਪਰ ਇਹ ਸਾਰਾ ਦ੍ਰਿਸ਼ ਪੰਜਾਬ ਦੀ ਸਿਆਸਤ ਨੂੰ ਦੇਖਣ ਵਾਲਿਆਂ ਲਈ ਨਵਾਂ ਨਹੀਂ ਹੈ। ਚਾਰ ਸਾਲ ਪਹਿਲਾਂ, 2021 'ਚ ਵੀ ਕਾਂਗਰਸ ਲਗਭਗ ਇਸੇ ਹਾਲਤ 'ਚ ਸੀ। ਉਸ ਵੇਲੇ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਨੂੰ ਲੈ ਕੇ ਪਾਰਟੀ ਅੰਦਰ ਵਿਧਾਇਕ ਤੇ ਹੋਰ ਸੀਨਿਅਰ ਨੇਤਾ ਅਸੰਤੁਸ਼ਟ ਸਨ। ਉਨ੍ਹਾਂ ਦੇ ਕਰੀਬੀ ਮੰਨੇ ਜਾਣ ਵਾਲੇ ਕਈ ਵਿਧਾਇਕ ਉਨ੍ਹਾਂ ਦੇ ਖ਼ ?ਲਾਫ਼ ਹੋ ਗਏ ਸਨ। ਨਵਜੋਤ ਸਿੰਘ ਸਿੱਧੂ ਅਤੇ ਕੈਪਟਨ ਵਿਚਾਲੇ ਟਕਰਾਅ ਖੁੱਲ੍ਹ ਕੇ ਸਾਹਮਣੇ ਆ ਚੁੱਕਾ ਸੀ। ਪਾਰਟੀ ਮਹੀਨਿਆਂ ਤੱਕ ਮੀਟਿੰਗਾਂ ਕਰਦੀ ਰਹੀ, ਨਿਰੀਖਿਅਕ ਭੇਜੇ ਗਏ, ਰਿਪੋਰਟਾਂ ਬਣੀਆਂ, ਆਗੂਆਂ ਨੂੰ ਦਿੱਲੀ ਤਲਬ ਕੀਤਾ ਗਿਆ ਅਤੇ ਫ਼ੈਸਲਾ ਟਾਲਿਆ ਜਾਂਦਾ ਰਿਹਾ। ਜਦੋਂ ਅਖ਼ ?ਰਕਾਰ ਫ਼ੈਸਲਾ ਹੋਇਆ, ਤਦ ਤੱਕ ਬਹੁਤ ਦੇਰ ਹੋ ਚੁੱਕੀ ਸੀ। ਕੈਪਟਨ ਨੂੰ ਹਟਾ ਦਿੱਤਾ ਗਿਆ, ਚਰਨਜੀਤ ਸਿੰਘ ਚੰਨੀ ਨੂੰ ਮੁੱਖ ਮੰਤਰੀ ਬਣਾਇਆ ਗਿਆ ਅਤੇ ਸਿੱਧੂ ਨੂੰ ਸੂਬਾ ਪ੍ਰਧਾਨ ਦੀ ਜ਼ਿੰਮੇਵਾਰੀ ਦਿੱਤੀ ਗਈ ਪਰ ਪਾਰਟੀ ਅੰਦਰੂਨੀ ਲੜਾਈਆਂ ਤੋਂ ਉਭਰ ਨਾ ਸਕੀ। ਨਤੀਜਾ 2022 ਦੀਆਂ ਵਿਧਾਨ ਸਭਾ ਚੋਣਾਂ 'ਚ ਸਾਹਮਣੇ ਆਇਆ, ਜਦੋਂ ਕਾਂਗਰਸ 77 ਸੀਟਾਂ ਤੋਂ ਸਿਮਟ ਕੇ 18 ਸੀਟਾਂ 'ਤੇ ਆ ਗਈ ਅਤੇ ਆਮ ਆਦਮੀ ਪਾਰਟੀ ਨੇ ਇਤਿਹਾਸਕ ਜਿੱਤ ਦਰਜ ਕੀਤੀ। ਅੱਜ, 2026 'ਚ ਸਵਾਲ ਇਹ ਹੈ ਕਿ ਕੀ ਕਾਂਗਰਸ ਨੇ ਉਸ ਤਜਰਬੇ ਤੋਂ ਕੁਝ ਸਿੱਖਿਆ ਹੈ? ਰਾਜਾ ਵੜਿੰਗ ਨੂੰ 2022 ਦੀ ਹਾਰ ਤੋਂ ਬਾਅਦ ਸੂਬਾ ਪ੍ਰਧਾਨ ਬਣਾਇਆ ਗਿਆ ਸੀ। ਉਨ੍ਹਾਂ ਨੂੰ ਇਕ ਅਜਿਹੇ ਆਗੂ ਵਜੋਂ ਪੇਸ਼ ਕੀਤਾ ਗਿਆ, ਜੋ ਸੜਕਾਂ 'ਤੇ ਸੰਘਰਸ਼ ਕਰ ਸਕਦਾ ਹੈ ਅਤੇ ਪਾਰਟੀ ਨੂੰ ਮੁੜ ਜ਼ਿੰਦਾ ਕਰ ਸਕਦਾ ਹੈ। ਪਿਛਲੇ ਚਾਰ ਸਾਲਾਂ 'ਚ ਉਨ੍ਹਾਂ ਨੇ ਸਰਕਾਰ ਖ਼ ?ਲਾਫ਼ ਕਈ ਮੁੱਦਿਆਂ 'ਤੇ ਆਵਾਜ਼ ਉਠਾਈ ਅਤੇ ਪਾਰਟੀ ਦੇ ਸੰਗਠਨ ਨੂੰ ਸਰਗਰਮ ਰੱਖਣ ਦੀ ਕੋਸ਼ਿਸ਼ ਕੀਤੀ। ਹਾਲਾਂਕਿ, ਲੋਕ ਸਭਾ ਚੋਣਾਂ ਤੋਂ ਬਾਅਦ ਉਨ੍ਹਾਂ ਨੂੰ ਕੇਂਦਰੀ ਰਾਜਨੀਤੀ 'ਚ ਵੱਡੀ ਭੂਮਿਕਾ ਮਿਲਣ ਦੀ ਸੰਭਾਵਨਾ ਅਤੇ ਪੰਜਾਬ 'ਚ ਨਵੀਂ ਲੀਡਰਸ਼ਿਪ ਦੀ ਲੋੜ ਨੂੰ ਲੈ ਕੇ ਚਰਚਾਵਾਂ ਤੇਜ਼ ਹੋ ਗਈਆਂ ਹਨ ਪਰ ਮੁੱਦਾ ਇਹ ਨਹੀਂ ਕਿ ਰਾਜਾ ਵੜਿੰਗ ਨੂੰ ਬਦਲਿਆ ਜਾਵੇ ਜਾਂ ਨਹੀਂ। ਮੁੱਦਾ ਇਹ ਹੈ ਕਿ ਪਾਰਟੀ ਇਕ ਵਾਰ ਫਿਰ ਫ਼ੈਸਲਾ ਲੈਣ 'ਚ ਬੇਵਜ ?ਹਾ ਦੇਰੀ ਕਰ ਰਹੀ ਹੈ।




Published, Printed and Owned by Anil Kumar Garg, Published at Street No-11, Manshahia Colony, Near Grewal Filling Station, Sangrur, Punjab State, Pin-148001, Printed at- Tejas Printers, Opposite Government High School, Patiala Cant., Dhamomajra Road, Patiala, Punjab State, Pin-147001. Editor- Surinder Kumar

# ਯੋਗ ਕਿਸੇ ਧਰਮ, ਭਾਸ਼ਾ, ਸੱਭਿਆਚਾਰ ਜਾਂ ਸਰਹੱਦ ਨਾਲ ਬੱਝਿਆ ਨਹੀਂ ਹੈ। ਇਹ ਭਾਰਤ ਦਾ ਮਨੁੱਖਤਾ ਨੂੰ ਅਨਮੋਲ ਤੋਹਫ਼ਾ ਹੈ, ਜਿਸ ਨੇ ਲੱਖਾਂ ਲੋਕਾਂ ਨੂੰ ਸਿਹਤ, ਸੰਤੁਲਨ ਅਤੇ ਅੰਦਰੂਨੀ ਸ਼ਾਂਤੀ ਦਾ ਰਸਤਾ ਦਿਖਾਇਆ ਹੈ।




**12ਵਾਂ ਅੰਤਰਰਾਸ਼ਟਰੀ ਯੋਗ ਦਿਵਸ, 21 ਜੂਨ, 2026, ਸਿਰਫ਼ ਇੱਕ ਸਮਾਗਮ ਨਹੀਂ ਹੈ, ਸਗੋਂ ਇੱਕ ਸ਼ੁਭ ਮੌਕਾ ਹੈ ਕਿ ਇਸਨੂੰ ਇੱਕ ਸਿਹਤਮੰਦ ਅਤੇ ਖੁਸ਼ਹਾਲ ਜੀਵਨ ਲਈ ਇੱਕ ਵਿਸ਼ਵਵਿਆਪੀ ਸੰਕਲਪ ਵਜੋਂ ਅਪਣਾਉਣ ਦਾ ਪ੍ਰਣ ਲਿਆ ਜਾਵੇ - ਐਡਵੋਕੇਟ ਕਿਸ਼ਨ ਸੰਮੁਖਦਾਸ ਭਵਾਨੀ, ਗੋਂਡੀਆ, ਮਹਾਰਾਸ਼ਟਰ**

ਗੋਂਡੀਆ - ਪੂਰਾ ਵਿਸ਼ਵ 21 ਜੂਨ, 2026 ਨੂੰ 12ਵਾਂ ਅੰਤਰਰਾਸ਼ਟਰੀ ਯੋਗ ਦਿਵਸ ਮਨਾ ਰਿਹਾ ਹੈ। ਅੱਜ, ਯੋਗ ਸਿਰਫ਼ ਇੱਕ ਪ੍ਰਾਚੀਨ ਭਾਰਤੀ ਪਰੰਪਰਾ ਨਹੀਂ ਹੈ, ਸਗੋਂ ਇੱਕ ਵਿਸ਼ਵਵਿਆਪੀ ਸਿਹਤ ਲਹਿਰ ਬਣ ਗਈ ਹੈ। 2014 ਵਿੱਚ ਸੰਯੁਕਤ ਰਾਸ਼ਟਰ ਦੁਆਰਾ ਮਾਨਤਾ ਪ੍ਰਾਪਤ ਹੋਣ ਤੋਂ ਬਾਅਦ, ਯੋਗ ਨੂੰ ਦੁਨੀਆ ਭਰ ਵਿੱਚ ਜਿਸ ਗਤੀ ਨਾਲ ਮਾਨਤਾ ਮਿਲੀ ਹੈ ਉਹ ਮਨੁੱਖੀ ਇਤਿਹਾਸ ਵਿੱਚ ਸਭ ਤੋਂ ਤੇਜ਼ ਹੈ। ਇਸਨੂੰ ਸਭ ਤੋਂ ਸਫਲ ਸੱਭਿਆਚਾਰਕ ਅਤੇ ਸਿਹਤ ਟੂਰਾਂ ਵਿੱਚੋਂ ਇੱਕ ਮੰਨਿਆ ਜਾ ਸਕਦਾ ਹੈ। ਅੱਜ, ਦੁਨੀਆ ਦੇ ਲਗਭਗ ਹਰ ਦੇਸ਼ ਵਿੱਚ ਯੋਗਾ ਦਾ ਅਭਿਆਸ ਕੀਤਾ ਜਾਂਦਾ ਹੈ, ਅਤੇ ਲੱਖਾਂ ਲੋਕ ਇਸਨੂੰ ਇੱਕ ਸਿਹਤਮੰਦ ਜੀਵਨ ਸ਼ੈਲੀ ਦੀ ਨੀਂਹ ਵਜੋਂ ਅਪਣਾ ਰਹੇ ਹਨ। 2026 ਦਾ ਥੀਮ ÷ਸਿਹਤਮੰਦ ਉਮਰ ਲਈ ਯੋਗਾ÷ ਹੈ। ਇਹ ਥੀਮ ਨਾ ਸਿਰਫ਼ ਲੰਬੀ ਉਮਰ ਨੂੰ ਸੰਬੋਧਿਤ ਕਰਦਾ ਹੈ, ਸਗੋਂ ਬੁਢਾਪੇ ਵਿੱਚ ਵੀ ਸਰਗਰਮ, ਸਵੈ-ਨਿਰਭਰ, ਊਰਜਾਵਾਨ ਅਤੇ ਮਾਨਸਿਕ ਤੌਰ 'ਤੇ ਸਿਹਤਮੰਦ ਰਹਿਣ ਦੀ ਮਹੱਤਤਾ 'ਤੇ ਵੀ ਜ਼ੋਰ ਦਿੰਦਾ ਹੈ। ਮੈਂ, ਐਡਵੋਕੇਟ ਕਿਸ਼ਨ ਸੰਮੁਖਦਾਸ ਭਵਨਾਨੀ, ਗੋਂਡੀਆ, ਮਹਾਰਾਸ਼ਟਰ, ਭਰੋਸੇ ਨਾਲ ਕਹਿ ਸਕਦਾ ਹਾਂ ਕਿ ਆਧੁਨਿਕ ਡਾਕਟਰੀ ਵਿਗਿਆਨ ਹੁਣ ਇਹ ਮੰਨ ਰਿਹਾ ਹੈ ਕਿ ਨਿਯਮਤ ਯੋਗਾ ਅਭਿਆਸ, ਪ੍ਰਾਣਾਯਾਮ ਅਤੇ ਧਿਆਨ ਬੁਢਾਪੇ ਦੀ ਪ੍ਰਕਿਰਿਆ ਨੂੰ ਸੰਤੁਲਿਤ ਕਰਨ, ਤਣਾਅ ਘਟਾਉਣ, ਦਿਲ ਦੀ ਸਿਹਤ ਨੂੰ ਬਿਹਤਰ ਬਣਾਉਣ ਅਤੇ ਮਾਨਸਿਕ ਤਾਜ਼ਗੀ ਬਣਾਈ ਰੱਖਣ ਵਿੱਚ ਬਹੁਤ ਮਦਦਗਾਰ ਹਨ। 2026 ਲਈ ਮੁੱਖ ਰਾਸ਼ਟਰੀ ਸਮਾਗਮ ਪੱਛਮੀ ਬੰਗਾਲ ਦੀ ਰਾਜਧਾਨੀ ਕੋਲਕਾਤਾ ਦੇ ਇਤਿਹਾਸਕ ਰੈੱਡ ਰੋਡ 'ਤੇ ਆਯੋਜਿਤ ਕੀਤਾ ਜਾ ਰਿਹਾ ਹੈ, ਅਤੇ ਇਸਦੀ ਅਗਵਾਈ ਭਾਰਤ ਦੇ ਪ੍ਰਧਾਨ ਮੰਤਰੀ ਕਰ ਰਹੇ ਹਨ। ਖੁਸ਼ੀ ਦੇ ਸ਼ਹਿਰ ਵਜੋਂ ਜਾਣਿਆ ਜਾਂਦਾ ਕੋਲਕਾਤਾ, ਇਸ ਮੌਕੇ ਯੋਗਾ ਦੀ ਵਿਸ਼ਵਵਿਆਪੀ ਰਾਜਧਾਨੀ ਵਿੱਚ ਬਦਲ ਗਿਆ ਹੈ। ਲੱਖਾਂ ਲੋਕਾਂ ਦੀ ਭਾਗੀਦਾਰੀ ਅਤੇ ਇੱਕ ਵਿਸ਼ਾਲ ਇਕੱਠ ਦੇ ਨਾਲ, ਯੋਗ ਅਭਿਆਸਾਂ, ਸੱਭਿਆਚਾਰਕ ਪ੍ਰਦਰਸ਼ਨਾਂ ਅਤੇ ਆਧੁਨਿਕ ਤਕਨਾਲੋਜੀ ਦੇ ਸ਼ਾਮਲ ਹੋਣ ਨੇ ਇਸ ਸਮਾਗਮ ਨੂੰ ਇਤਿਹਾਸਕ ਬਣਾ ਦਿੱਤਾ ਹੈ।

ਦੋਸਤੋ, ਇਸ ਸਾਲ ਦੇ ਯੋਗ ਦਿਵਸ ਦਾ ਸਭ ਤੋਂ ਵੱਡਾ ਆਕਰਸ਼ਣ ਯੋਗ ਸੰਗਮ ਹੈ। ਅੰਤਰਰਾਸ਼ਟਰੀ ਯੋਗ ਦਿਵਸ ਦੇ 11 ਸਫਲ ਸਾਲਾਂ ਤੋਂ ਬਾਅਦ, 12ਵੇਂ ਐਡੀਸ਼ਨ ਵਿੱਚ, ਦੇਸ਼ ਭਰ ਵਿੱਚ ਹਜ਼ਾਰਾਂ ਥਾਵਾਂ 'ਤੇ ਇੱਕ ਸਾਂਝੇ ਯੋਗ ਪ੍ਰੋਟੋਕੋਲ 'ਤੇ ਅਧਾਰਤ ਸਮੂਹਿਕ ਯੋਗ ਪ੍ਰਦਰਸ਼ਨ ਇੱਕੋ ਸਮੇਂ ਆਯੋਜਿਤ ਕੀਤੇ ਜਾ ਰਹੇ ਹਨ। ਇਹ ਭਾਰਤ ਤੱਕ ਸੀਮਤ ਨਹੀਂ ਹੈ; ਦੁਨੀਆ ਭਰ ਦੇ ਕਈ ਦੇਸ਼ਾਂ ਵਿੱਚ ਯੋਗ ਪ੍ਰੋਗਰਾਮ ਇੱਕੋ ਸਮੇਂ ਆਯੋਜਿਤ ਕੀਤੇ ਜਾ ਰਹੇ ਹਨ। ਇਹ ਵਰਤਾਰਾ ਸੱਚਮੁੱਚ ÷ਇੱਕ ਧਰਤੀ, ਇੱਕ ਸਿਹਤ, ਇੱਕ ਮਨੁੱਖਤਾ÷ ਦੀ ਭਾਵਨਾ ਨੂੰ ਦਰਸਾਉਂਦਾ ਹੈ। 2026 ਦੇ ਸਮਾਗਮ ਦੀ ਇੱਕ ਹੋਰ ਖਾਸ ਗੱਲ ਡਿਜੀਟਲ ਭਾਗੀਦਾਰੀ ਹੈ। ਲੱਖਾਂ ਨਾਗਰਿਕਾਂ ਨੇ ਇਸ ਵਿਸ਼ਵਵਿਆਪੀ ਜਸ਼ਨ ਵਿੱਚ ਆਪਣੀ ਭਾਗੀਦਾਰੀ ਨੂੰ ਯਕੀਨੀ ਬਣਾਉਣ ਲਈ MyBharat ਪਲੇਟਫਾਰਮ ਅਤੇ ਯੋਗ ਸੰਗਮ ਪੋਰਟਲ ਰਾਹੀਂ ਰਜਿਸਟਰ ਕੀਤਾ ਹੈ। ਡਿਜੀਟਲ ਤਕਨਾਲੋਜੀ ਨੇ ਪਿੰਡਾਂ ਤੋਂ ਲੈ ਕੇ ਮਹਾਂਨਗਰਾਂ ਤੱਕ ਅਤੇ ਭਾਰਤ ਤੋਂ ਦੁਨੀਆ ਦੇ ਦੂਰ-ਦੁਰਾਡੇ ਖੇਤਰਾਂ ਵਿੱਚ ਯੋਗ ਨੂੰ ਫੈਲਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ ਹੈ। ਇਹ ਯੋਗ ਦਿਵਸ ਤਕਨਾਲੋਜੀ ਅਤੇ ਪਰੰਪਰਾ ਦੇ ਏਕੀਕਰਨ ਦੀ ਇੱਕ ਸ਼ਾਨਦਾਰ ਉਦਾਹਰਣ ਪੇਸ਼ ਕਰ ਰਿਹਾ ਹੈ।

ਦੋਸਤੋ, ਇਸ ਸਾਲ, ਯੋਗ ਨੂੰ ਕੇਂਦਰ ਵਿੱਚ ਰੱਖਿਆ ਗਿਆ ਹੈ, ਖਾਸ ਕਰਕੇ ਬਜ਼ੁਰਗਾਂ ਅਤੇ ਬਹੁਤ ਬਜ਼ੁਰਗਾਂ ਲਈ। ਆਯੁਸ਼ ਮੰਤਰਾਲੇ ਨੇ ਯੋਗ ਆਸਣ ਵਿਕਸਤ ਕੀਤੇ ਹਨ, ਪ੍ਰਾਣਾਯਾਮ ਅਤੇ ਧਿਆਨ ਅਭਿਆਸਾਂ ਨੂੰ ਉਤਸ਼ਾਹਿਤ ਕੀਤਾ ਜਾ ਰਿਹਾ ਹੈ, ਜੋ ਜੋੜਾਂ ਦੀ ਸਿਹਤ, ਸੰਤੁਲਨ, ਲਚਕਤਾ, ਸਾਹ ਲੈਣ ਦੀ ਸਮਰੱਥਾ ਅਤੇ ਮਾਨਸਿਕ ਸ਼ਾਂਤੀ ਨੂੰ ਉਤਸ਼ਾਹਿਤ ਕਰਦੇ ਹਨ। ਅੱਜ, ਜਿਵੇਂ-ਜਿਵੇਂ ਦੁਨੀਆ ਤੇਜ਼ੀ ਨਾਲ ਬੁੱਢੀ ਹੋ ਰਹੀ ਹੈ, ਸਿਹਤਮੰਦ ਬੁਢਾਪੇ ਲਈ ਯੋਗ ਦਾ ਸੰਦੇਸ਼ ਬਹੁਤ ਹੀ ਪ੍ਰਸੰਗਿਕ ਹੋ ਗਿਆ ਹੈ। ਬੁਢਾਪੇ ਨੂੰ ਬਿਮਾਰੀ ਦਾ ਸਮਾਨਾਰਥੀ ਸਮਝਣ ਦੀ ਬਜਾਏ, ਯੋਗਾ ਸਰਗਰਮ ਅਤੇ ਸਨਮਾਨਜਨਕ ਜੀਵਨ ਲਈ ਪ੍ਰੇਰਿਤ ਕਰਦਾ ਹੈ।

ਦੋਸਤੋ, ਯੋਗ ਦਿਵਸ 2026 ਦਾ ਇੱਕ ਮਹੱਤਵਪੂਰਨ ਆਕਰਸ਼ਣ ਕੋਲਕਾਤਾ ਵਿੱਚ ਹੁਗਲੀ ਨਦੀ 'ਤੇ ਲਗਭਗ 500 ਕਿਸ਼ਤੀਆਂ 'ਤੇ ਸਮੂਹਿਕ ਯੋਗ ਅਭਿਆਸ ਅਤੇ ਲਗਭਗ 3,000 ਡਰੋਨਾਂ ਵਾਲਾ ਇੱਕ ਮੈਗਾ ਡਰੋਨ ਸ਼ੋਅ ਹੈ। ਪਰੰਪਰਾ ਅਤੇ ਆਧੁਨਿਕ ਤਕਨਾਲੋਜੀ ਦਾ ਇਹ ਸੰਗਮ ਦੁਨੀਆ ਨੂੰ ਇਹ ਸੰਦੇਸ਼ ਦਿੰਦਾ ਹੈ ਕਿ ਯੋਗਾ ਨਾ ਸਿਰਫ਼ ਅਤੀਤ ਦੀ ਵਿਰਾਸਤ ਹੈ, ਸਗੋਂ ਭਵਿੱਖ ਦੀ ਜ਼ਰੂਰਤ ਵੀ ਹੈ। ਅਜਿਹੇ ਸ਼ਾਨਦਾਰ ਸਮਾਗਮ ਨੌਜਵਾਨਾਂ ਅਤੇ ਬੱਚਿਆਂ ਵਿੱਚ ਯੋਗਾ ਪ੍ਰਤੀ ਦਿਲਚਸਪੀ ਵਧਾਉਣ ਵਿੱਚ ਵੀ ਮਦਦਗਾਰ ਸਾਬਤ ਹੋ ਰਹੇ ਹਨ।

ਦੋਸਤੋ, ਵਿਸ਼ਵ ਪੱਧਰ 'ਤੇ ਯੋਗਾ ਦੀ ਵਧਦੀ ਪ੍ਰਸਿੱਧੀ ਦਾ ਇੱਕ ਮਹੱਤਵਪੂਰਨ ਸਬੂਤ ਹਾਲ ਹੀ ਵਿੱਚ ਆਯੋਜਿਤ ਪਹਿਲੀ ਵਿਸ਼ਵ ਯੋਗਾ ਚੈਂਪੀਅਨਸ਼ਿਪ 2026 ਹੈ। ਅਹਿਮਦਾਬਾਦ ਵਿੱਚ ਆਯੋਜਿਤ ਇਸ ਇਤਿਹਾਸਕ ਮੁਕਾਬਲੇ ਵਿੱਚ 79 ਦੇਸ਼ਾਂ ਦੇ 522 ਐਥਲੀਟਾਂ ਨੇ ਹਿੱਸਾ ਲਿਆ। ਭਾਰਤ ਨੇ ਇਸ ਮੁਕਾਬਲੇ ਵਿੱਚ ਬੇਮਿਸਾਲ ਪ੍ਰਦਰਸ਼ਨ ਕੀਤਾ। ਭਾਰਤ ਨੇ ਕੁੱਲ 114 ਤਗਮੇ ਜਿੱਤੇ, ਜਿਨ੍ਹਾਂ ਵਿੱਚ 102 ਸੋਨ ਤਗਮੇ ਸ਼ਾਮਲ ਹਨ। ਭਾਰਤ ਵਿਸ਼ਵ ਤਗਮਾ ਸੂਚੀ ਵਿੱਚ ਪਹਿਲੇ ਸਥਾਨ 'ਤੇ ਰਿਹਾ ਅਤੇ ਯੋਗ ਆਸਣ ਦੇ ਖੇਤਰ ਵਿੱਚ ਆਪਣੀ ਵਿਸ਼ਵ ਲੀਡਰਸ਼ਿਪ ਦਾ ਪ੍ਰਦਰਸ਼ਨ ਕੀਤਾ। 102 ਸੋਨ ਤਗਮਿਆਂ ਤੋਂ ਇਲਾਵਾ, ਭਾਰਤ ਨੇ ਬਾਕੀ ਚਾਂਦੀ ਅਤੇ ਕਾਂਸੀ ਦੇ ਤਗਮੇ ਪ੍ਰਾਪਤ ਕੀਤੇ, ਜਿਸ ਨਾਲ ਵਿਸ਼ਵ ਯੋਗ ਮੰਚ 'ਤੇ ਆਪਣੀ ਸਰਵਉੱਚਤਾ ਸਥਾਪਿਤ ਹੋਈ। ਵਿਸ਼ਵ ਯੋਗਾਸਨ ਚੈਂਪੀਅਨਸ਼ਿਪ ਵਿੱਚ ਇਹ ਸਫਲਤਾ ਸਿਰਫ਼ ਇੱਕ ਖੇਡ ਪ੍ਰਾਪਤੀ ਨਹੀਂ ਹੈ; ਇਹ ਇਸ ਤੱਥ ਦਾ ਵੀ ਪ੍ਰਮਾਣ ਹੈ ਕਿ ਯੋਗਾ, ਭਾਰਤ ਦੀ ਸੱਭਿਆਚਾਰਕ ਵਿਰਾਸਤ ਹੋਣ ਦੇ ਨਾਲ-ਨਾਲ, ਇੱਕ ਵਿਸ਼ਵਵਿਆਪੀ ਪ੍ਰਤੀਯੋਗੀ ਖੇਡ ਵਜੋਂ ਵੀ ਵਿਕਸਤ ਹੋ ਰਿਹਾ ਹੈ। ਅੱਜ, ਬਹੁਤ ਸਾਰੇ ਦੇਸ਼ਾਂ ਵਿੱਚ ਨੌਜਵਾਨ ਯੋਗਾ ਨੂੰ ਖੇਡ, ਤੰਦਰੁਸਤੀ ਅਤੇ ਮਾਨਸਿਕ ਵਿਕਾਸ ਲਈ ਇੱਕ ਮਾਧਿਅਮ ਵਜੋਂ ਅਪਣਾ ਰਹੇ ਹਨ। ਇਸ ਨਾਲ ਭਵਿੱਖ ਵਿੱਚ ਪ੍ਰਮੁੱਖ ਅੰਤਰਰਾਸ਼ਟਰੀ ਖੇਡ ਸਮਾਗਮਾਂ ਵਿੱਚ ਯੋਗਾ ਨੂੰ ਵਧੇਰੇ ਮਾਨਤਾ ਮਿਲਣ ਦੀ ਸੰਭਾਵਨਾ ਮਜ਼ਬੂਤ ?ਹੋਈ ਹੈ।

ਦੋਸਤੋ, ਆਯੁਸ਼ ਮੰਤਰਾਲੇ ਦੁਆਰਾ ਚਲਾਈ ਜਾ ਰਹੀ ÷ਯੋਗਾ 365÷ ਮੁਹਿੰਮ ਇਸ ਸਾਲ ਵਿਸ਼ੇਸ਼ ਚਰਚਾ ਦਾ ਵਿਸ਼ਾ ਰਹੀ ਹੈ। ਇਸਦਾ ਉਦੇਸ਼ ਲੋਕਾਂ ਨੂੰ ਇਹ ਸਮਝਾਉਣਾ ਹੈ ਕਿ ਯੋਗਾ ਸਿਰਫ਼ 21 ਜੂਨ ਦਾ ਪ੍ਰੋਗਰਾਮ ਨਹੀਂ ਹੋਣਾ ਚਾਹੀਦਾ, ਸਗੋਂ ਸਾਲ ਦੇ ਸਾਰੇ 365 ਦਿਨਾਂ ਲਈ ਜੀਵਨ ਦਾ ਇੱਕ ਤਰੀਕਾ ਹੋਣਾ ਚਾਹੀਦਾ ਹੈ। ਯੋਗਾ ਨੂੰ ਰੋਜ਼ਾਨਾ ਦੇ ਕੰਮਾਂ ਵਿੱਚ ਸ਼ਾਮਲ ਕਰਨ ਨਾਲ ਮੋਟਾਪਾ, ਸ਼ੂਗਰ, ਹਾਈ ਬਲੱਡ ਪ੍ਰੈਸ਼ਰ, ਦਿਲ ਦੀ ਬਿਮਾਰੀ, ਤਣਾਅ, ਡਿਪਰੈਸ਼ਨ ਅਤੇ ਇਨਸੌਮਨੀਆ ਸਮੇਤ ਕਈ ਸਮੱਸਿਆਵਾਂ ਤੋਂ ਬਚਿਆ ਜਾ ਸਕਦਾ ਹੈ।ਨੌਜਵਾਨਾਂ ਲਈ ÷21 ਦਿਨ, 21 ਮਿੰਟ÷ ਮੁਹਿੰਮ ਵੀ ਇੱਕ ਬਹੁਤ ਹੀ ਪ੍ਰੇਰਨਾਦਾਇਕ ਪਹਿਲਕਦਮੀ ਸਾਬਤ ਹੋਈ ਹੈ। ਮਾਈਭਾਰਤ ਪਲੇਟਫਾਰਮ ਰਾਹੀਂ, ਨੌਜਵਾਨਾਂ ਨੂੰ ਦਿਨ ਵਿੱਚ ਘੱਟੋ-ਘੱਟ 21 ਮਿੰਟ ਯੋਗਾ ਕਰਨ ਲਈ ਉਤਸ਼ਾਹਿਤ ਕੀਤਾ ਗਿਆ ਹੈ। ਅੱਜ ਦੀ ਡਿਜੀਟਲ ਦੁਨੀਆ ਵਿੱਚ, ਜਿੱਥੇ ਮੋਬਾਈਲ ਫੋਨ, ਸੋਸ਼ਲ ਮੀਡੀਆ ਅਤੇ ਮੁਕਾਬਲੇ ਕਾਰਨ ਤਣਾਅ ਵਧ ਰਿਹਾ ਹੈ, ਯੋਗਾ ਮਾਨਸਿਕ ਸੰਤੁਲਨ ਅਤੇ ਆਤਮ-ਵਿਸ਼ਵਾਸ ਲਈ ਇੱਕ ਸ਼ਕਤੀਸ਼ਾਲੀ ਮਾਧਿਅਮ ਵਜੋਂ ਉਭਰਿਆ ਹੈ। ਵਿਦਿਆਰਥੀਆਂ ਲਈ, ਯੋਗਾ ਸਿਰਫ਼ ਇੱਕ ਸਰੀਰਕ ਕਸਰਤ ਨਹੀਂ ਹੈ, ਸਗੋਂ ਇੱਕ ਮਾਨਸਿਕ ਢਾਲ ਹੈ ਜੋ ਇਕਾਗਰਤਾ, ਯਾਦਦਾਸ਼ਤ ਅਤੇ ਫੈਸਲਾ ਲੈਣ ਵਿੱਚ ਸੁਧਾਰ ਕਰਦੀ ਹੈ।

ਦੋਸਤੋ, ਯੋਗਾ ਦੀ ਸਭ ਤੋਂ ਵੱਡੀ ਵਿਸ਼ੇਸ਼ਤਾ ਇਸਦੀ ਸਰਵਵਿਆਪਕਤਾ ਹੈ। ਇਹ ਕਿਸੇ ਖਾਸ ਧਰਮ, ਸੰਪਰਦਾ ਜਾਂ ਵਿਚਾਰਧਾਰਾ ਨਾਲ ਜੁੜਿਆ ਨਹੀਂ ਹੈ। ਯੋਗਾ ਮਨੁੱਖੀ ਸਰੀਰ, ਮਨ ਅਤੇ ਆਤਮਾ ਨੂੰ ਸੰਤੁਲਿਤ ਕਰਨ ਦਾ ਵਿਗਿਆਨ ਹੈ। ਇਸੇ ਲਈ ਅਮਰੀਕਾ, ਯੂਰਪ, ਏਸ਼ੀਆ, ਅਫਰੀਕਾ, ਆਸਟ ?ਰੇਲੀਆ ਅਤੇ ਲਾਤੀਨੀ ਅਮਰੀਕਾ ਸਮੇਤ ਦੁਨੀਆ ਦੇ ਲਗਭਗ ਹਰ ਖੇਤਰ ਵਿੱਚ ਯੋਗਾ ਨੂੰ ਅਪਣਾਇਆ ਜਾ ਰਿਹਾ ਹੈ। ਇੰਡੀਅਨ ਕੌਂਸਲ ਫਾਰ ਕਲਚਰਲ ਰਿਲੇਸ਼ਨਜ਼ ਅਤੇ ਭਾਰਤੀ ਮਿਸ਼ਨਾਂ ਰਾਹੀਂ, 210 ਤੋਂ ਵੱਧ ਦੇਸ਼ਾਂ ਅਤੇ ਪ੍ਰਦੇਸ਼ਾਂ ਵਿੱਚ 2,500 ਤੋਂ ਵੱਧ ਸਥਾਨਾਂ 'ਤੇ ਯੋਗਾ ਪ੍ਰੋਗਰਾਮ ਆਯੋਜਿਤ ਕੀਤੇ ਜਾ ਰਹੇ ਹਨ, ਜੋ ਇਸਦੀ ਵਿਸ਼ਵਵਿਆਪੀ ਸਵੀਕ੍ਰਿਤੀ ਦਾ ਪ੍ਰਮਾਣ ਹੈ। ਜਿਵੇਂ ਕਿ ਦੁਨੀਆ ਜੀਵਨ ਸ਼ੈਲੀ ਨਾਲ ਸਬੰਧਤ ਬਿਮਾਰੀਆਂ, ਮਾਨਸਿਕ ਤਣਾਅ, ਇਕੱਲਤਾ ਅਤੇ ਵਾਤਾਵਰਣ ਚੁਣੌਤੀਆਂ ਦਾ ਸਾਹਮਣਾ ਕਰ ਰਹੀ ਹੈ, ਯੋਗਾ ਇੱਕ ਸੰਪੂਰਨ ਹੱਲ ਪੇਸ਼ ਕਰਦਾ ਹੈ। ਯੋਗਾ ਸਰੀਰ ਨੂੰ ਮਜ਼ਬੂਤ ??ਬਣਾਉਂਦਾ ਹੈ, ਮਨ ਨੂੰ ਸਥਿਰ ਕਰਦਾ ਹੈ, ਅਤੇ ਜੀਵਨ ਨੂੰ ਇੱਕ ਸਕਾਰਾਤਮਕ ਦਿਸ਼ਾ ਪ੍ਰਦਾਨ ਕਰਦਾ ਹੈ। ਇਹੀ ਕਾਰਨ ਹੈ ਕਿ ਆਧੁਨਿਕ ਡਾਕਟਰੀ ਮਾਹਰ ਵੀ ਯੋਗਾ ਨੂੰ ਇੱਕ ਰੋਕਥਾਮ ਸਿਹਤ ਪ੍ਰਣਾਲੀ ਵਜੋਂ ਸਵੀਕਾਰ ਕਰ ਰਹੇ ਹਨ।

ਦੋਸਤੋ, ਅੰਤਰਰਾਸ਼ਟਰੀ ਯੋਗਾ ਦਿਵਸ 2026 ਸਾਨੂੰ ਇਹ ਸੰਦੇਸ਼ ਦਿੰਦਾ ਹੈ ਕਿ ਸਿਹਤ ਸਿਰਫ ਹਸਪਤਾਲਾਂ ਅਤੇ ਦਵਾਈਆਂ ਦੁਆਰਾ ਨਹੀਂ, ਬਲਕਿ ਸਾਡੀ ਜੀਵਨ ਸ਼ੈਲੀ ਦੁਆਰਾ ਬਣਾਈ ਜਾਂਦੀ ਹੈ। ਜੇਕਰ ਅਸੀਂ ਹਰ ਰੋਜ਼ ਕੁਝ ਸਮਾਂ ਯੋਗਾ, ਪ੍ਰਾਣਾਯਾਮ ਅਤੇ ਧਿਆਨ ਲਈ ਸਮਰਪਿਤ ਕਰਦੇ ਹਾਂ, ਤਾਂ ਨਾ ਸਿਰਫ ਸਾਡੀ ਸਿਹਤ ਵਿੱਚ ਸੁਧਾਰ ਹੋਵੇਗਾ, ਬਲਕਿ ਸਾਡਾ ਸਮਾਜ ਵੀ ਵਧੇਰੇ ਸੰਤੁਲਿਤ, ਸਕਾਰਾਤਮਕ ਅਤੇ ਉਤਪਾਦਕ ਬਣ ਜਾਵੇਗਾ। ÷ਬੁੱਢਾਪਾ ਇੱਕ ਕੁਦਰਤੀ ਪ੍ਰਕਿਰਿਆ ਹੈ, ਪਰ ਇੱਕ ਸਿਹਤਮੰਦ ਅਤੇ ਸੁਤੰਤਰ ਜੀਵਨ ਜਿਉਣਾ ਸਾਡੀ ਪਸੰਦ ਹੋ ਸਕਦੀ ਹੈ। 'ਸਿਹਤਮੰਦ ਉਮਰ ਲਈ ਯੋਗ' ਸਿਰਫ਼ ਇੱਕ ਨਾਅਰਾ ਨਹੀਂ ਹੈ, ਸਗੋਂ ਦੁਨੀਆ ਦੇ ਲੱਖਾਂ ਬਜ਼ੁਰਗਾਂ ਨੂੰ ਇੱਕ ਸਨਮਾਨਜਨਕ, ਸਰਗਰਮ ਅਤੇ ਖੁਸ਼ਹਾਲ ਜੀਵਨ ਪ੍ਰਦਾਨ ਕਰਨ ਲਈ ਇੱਕ ਵਿਸ਼ਵਵਿਆਪੀ ਮੁਹਿੰਮ ਹੈ।÷

ਇਸ ਲਈ, ਜੇਕਰ ਅਸੀਂ ਉਪਰੋਕਤ ਸਾਰੇ ਦਾ ਅਧਿਐਨ ਅਤੇ ਵਿਸ਼ਲੇਸ਼ਣ ਕਰੀਏ, ਤਾਂ ਅਸੀਂ ਪਾਵਾਂਗੇ ਕਿ ਅੰਤਰਰਾਸ਼ਟਰੀ ਯੋਗ ਦਿਵਸ 2026 ਸਿਰਫ਼ ਇੱਕ ਤਾਰੀਖ ਨਹੀਂ ਹੈ, ਸਗੋਂ ਮਨੁੱਖਤਾ ਲਈ ਸਿਹਤ, ਸ਼ਾਂਤੀ ਅਤੇ ਸੰਤੁਲਨ ਦਾ ਇੱਕ ਮਹਾਨ ਤਿਉਹਾਰ ਹੈ। ਆਓ ਅਸੀਂ ਯੋਗ ਨੂੰ 21 ਜੂਨ ਤੱਕ ਸੀਮਤ ਨਾ ਰੱਖਣ ਦਾ ਸੰਕਲਪ ਕਰੀਏ, ਸਗੋਂ ਇਸਨੂੰ ਆਪਣੇ ਜੀਵਨ ਦੇ ਹਰ ਦਿਨ ਦਾ ਹਿੱਸਾ ਬਣਾਈਏ। ਇਹ ਇੱਕ ਸਿਹਤਮੰਦ ਸਰੀਰ, ਇੱਕ ਸਿਹਤਮੰਦ ਮਨ, ਇੱਕ ਸਿਹਤਮੰਦ ਸਮਾਜ ਅਤੇ ਇੱਕ ਵਿਕਸਤ ਸੰਸਾਰ ਲਈ ਸਭ ਤੋਂ ਮਜ਼ਬੂਤ ??ਨੀਂਹ ਹੈ।

ਆਓ ਯੋਗ ਨੂੰ ਅਪਣਾਈਏ, ਸਿਹਤ ਨੂੰ ਤਰਜੀਹ ਦੇਈਏ, ਅਤੇ ਸਾਲ ਵਿੱਚ 365 ਦਿਨ ਯੋਗਾ ਨਾਲ ਇੱਕ ਨਵੇਂ, ਊਰਜਾਵਾਨ, ਸੰਤੁਲਿਤ ਅਤੇ ਸਿਹਤਮੰਦ ਜੀਵਨ ਵੱਲ ਵਧੀਏ। ਇਹ ਅੰਤਰਰਾਸ਼ਟਰੀ ਯੋਗ ਦਿਵਸ 2026 ਦਾ ਸੱਚਾ ਸੰਦੇਸ਼ ਹੈ।

**-ਕੰਪਾਈਲਰ ਲੇਖਕ - ਕਿਊਆਰ ਮਾਹਿਰ ਕਾਲਮਨਵੀਸ ਸਾਹਿਤਕਾਰ ਅੰਤਰਰਾਸ਼ਟਰੀ ਲੇਖਕ ਚਿੰਤਕ ਕਵੀ ਸੰਗੀਤ ਮੀਡੀਆ ਸੀਏ (ਏਟੀਸੀ) ਐਡਵੋਕੇਟ ਕਿਸ਼ਨ ਸੰਮੁਖਦਾਸ ਭਵਨਾਨੀ ਗੋਂਡੀਆ ਮਹਾਰਾਸ਼ਟਰ**
**9226229318**

ਦੋਸਤੋ, ਇਸ ਸਾਲ ਦੇ ਯੋਗ ਦਿਵਸ ਦਾ ਸਭ ਤੋਂ ਵੱਡਾ ਆਕਰਸ਼ਣ ਯੋਗ ਸੰਗਮ ਹੈ। ਅੰਤਰਰਾਸ਼ਟਰੀ ਯੋਗ ਦਿਵਸ ਦੇ 11 ਸਫਲ ਸਾਲਾਂ ਤੋਂ ਬਾਅਦ, 12ਵੇਂ ਐਡੀਸ਼ਨ ਵਿੱਚ, ਦੇਸ਼ ਭਰ ਵਿੱਚ ਹਜ਼ਾਰਾਂ ਥਾਵਾਂ 'ਤੇ ਇੱਕ ਸਾਂਝੇ ਯੋਗ ਪ੍ਰੋਟੋਕੋਲ 'ਤੇ ਅਧਾਰਤ ਸਮੂਹਿਕ ਯੋਗ ਪ੍ਰਦਰਸ਼ਨ ਇੱਕੋ ਸਮੇਂ ਆਯੋਜਿਤ ਕੀਤੇ ਜਾ ਰਹੇ ਹਨ। ਇਹ ਭਾਰਤ ਤੱਕ ਸੀਮਤ ਨਹੀਂ ਹੈ; ਦੁਨੀਆ ਭਰ ਦੇ ਕਈ ਦੇਸ਼ਾਂ ਵਿੱਚ ਯੋਗ ਪ੍ਰੋਗਰਾਮ ਇੱਕੋ ਸਮੇਂ ਆਯੋਜਿਤ ਕੀਤੇ ਜਾ ਰਹੇ ਹਨ। ਇਹ ਵਰਤਾਰਾ ਸੱਚਮੁੱਚ ÷ਇੱਕ ਧਰਤੀ, ਇੱਕ ਸਿਹਤ, ਇੱਕ ਮਨੁੱਖਤਾ÷ ਦੀ ਭਾਵਨਾ ਨੂੰ ਦਰਸਾਉਂਦਾ ਹੈ। 2026 ਦੇ ਸਮਾਗਮ ਦੀ ਇੱਕ ਹੋਰ ਖਾਸ ਗੱਲ ਡਿਜੀਟਲ ਭਾਗੀਦਾਰੀ ਹੈ। ਲੱਖਾਂ ਨਾਗਰਿਕਾਂ ਨੇ ਇਸ ਵਿਸ਼ਵਵਿਆਪੀ ਜਸ਼ਨ ਵਿੱਚ ਆਪਣੀ ਭਾਗੀਦਾਰੀ ਨੂੰ ਯਕੀਨੀ ਬਣਾਉਣ ਲਈ MyBharat ਪਲੇਟਫਾਰਮ ਅਤੇ ਯੋਗ ਸੰਗਮ ਪੋਰਟਲ ਰਾਹੀਂ ਰਜਿਸਟਰ ਕੀਤਾ ਹੈ। ਡਿਜੀਟਲ ਤਕਨਾਲੋਜੀ ਨੇ ਪਿੰਡਾਂ ਤੋਂ ਲੈ ਕੇ ਮਹਾਂਨਗਰਾਂ ਤੱਕ ਅਤੇ ਭਾਰਤ ਤੋਂ ਦੁਨੀਆ ਦੇ ਦੂਰ-ਦੁਰਾਡੇ ਖੇਤਰਾਂ ਵਿੱਚ ਯੋਗ ਨੂੰ ਫੈਲਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ ਹੈ। ਇਹ ਯੋਗ ਦਿਵਸ ਤਕਨਾਲੋਜੀ ਅਤੇ ਪਰੰਪਰਾ ਦੇ ਏਕੀਕਰਨ ਦੀ ਇੱਕ ਸ਼ਾਨਦਾਰ ਉਦਾਹਰਣ ਪੇਸ਼ ਕਰ ਰਿਹਾ ਹੈ। ਦੋਸਤੋ, ਇਸ ਸਾਲ, ਯੋਗ ਨੂੰ ਕੇਂਦਰ ਵਿੱਚ ਰੱਖਿਆ ਗਿਆ ਹੈ, ਖਾਸ ਕਰਕੇ ਬਜ਼ੁਰਗਾਂ ਅਤੇ ਬਹੁਤ ਬਜ਼ੁਰਗਾਂ ਲਈ। ਆਯੁਸ਼ ਮੰਤਰਾਲੇ ਨੇ ਯੋਗ ਆਸਣ ਵਿਕਸਤ ਕੀਤੇ ਹਨ, ਪ੍ਰਾਣਾਯਾਮ ਅਤੇ ਧਿਆਨ ਅਭਿਆਸਾਂ ਨੂੰ ਉਤਸ਼ਾਹਿਤ ਕੀਤਾ ਜਾ ਰਿਹਾ ਹੈ, ਜੋ ਜੋੜਾਂ ਦੀ ਸਿਹਤ, ਸੰਤੁਲਨ, ਲਚਕਤਾ, ਸਾਹ ਲੈਣ ਦੀ ਸਮਰੱਥਾ ਅਤੇ ਮਾਨਸਿਕ ਸ਼ਾਂਤੀ ਨੂੰ ਉਤਸ਼ਾਹਿਤ ਕਰਦੇ ਹਨ। ਅੱਜ, ਜਿਵੇਂ-ਜਿਵੇਂ ਦੁਨੀਆ ਤੇਜ਼ੀ ਨਾਲ ਬੁੱਢੀ ਹੋ ਰਹੀ ਹੈ, ਸਿਹਤਮੰਦ ਬੁਢਾਪੇ ਲਈ ਯੋਗ ਦਾ ਸੰਦੇਸ਼ ਬਹੁਤ ਹੀ ਪ੍ਰਸੰਗਿਕ ਹੋ ਗਿਆ ਹੈ। ਬੁਢਾਪੇ ਨੂੰ ਬਿਮਾਰੀ ਦਾ ਸਮਾਨਾਰਥੀ ਸਮਝਣ ਦੀ ਬਜਾਏ, ਯੋਗਾ ਸਰਗਰਮ ਅਤੇ ਸਨਮਾਨਜਨਕ ਜੀਵਨ ਲਈ ਪ੍ਰੇਰਿਤ ਕਰਦਾ ਹੈ। ਦੋਸਤੋ, ਯੋਗ ਦਿਵਸ 2026 ਦਾ ਇੱਕ ਮਹੱਤਵਪੂਰਨ ਆਕਰਸ਼ਣ ਕੋਲਕਾਤਾ ਵਿੱਚ ਹੁਗਲੀ ਨਦੀ 'ਤੇ ਲਗਭਗ 500 ਕਿਸ਼ਤੀਆਂ 'ਤੇ ਸਮੂਹਿਕ ਯੋਗ ਅਭਿਆਸ ਅਤੇ ਲਗਭਗ 3,000 ਡਰੋਨਾਂ ਵਾਲਾ ਇੱਕ ਮੈਗਾ ਡਰੋਨ ਸ਼ੋਅ ਹੈ। ਪਰੰਪਰਾ ਅਤੇ ਆਧੁਨਿਕ ਤਕਨਾਲੋਜੀ ਦਾ ਇਹ ਸੰਗਮ ਦੁਨੀਆ ਨੂੰ ਇਹ ਸੰਦੇਸ਼ ਦਿੰਦਾ ਹੈ ਕਿ ਯੋਗਾ ਨਾ ਸਿਰਫ਼ ਅਤੀਤ ਦੀ ਵਿਰਾਸਤ ਹੈ, ਸਗੋਂ ਭਵਿੱਖ ਦੀ ਜ਼ਰੂਰਤ ਵੀ ਹੈ। ਅਜਿਹੇ ਸ਼ਾਨਦਾਰ ਸਮਾਗਮ ਨੌਜਵਾਨਾਂ ਅਤੇ ਬੱਚਿਆਂ ਵਿੱਚ ਯੋਗਾ ਪ੍ਰਤੀ ਦਿਲਚਸਪੀ ਵਧਾਉਣ ਵਿੱਚ ਵੀ ਮਦਦਗਾਰ ਸਾਬਤ ਹੋ ਰਹੇ ਹਨ। ਦੋਸਤੋ, ਵਿਸ਼ਵ ਪੱਧਰ 'ਤੇ ਯੋਗਾ ਦੀ ਵਧਦੀ ਪ੍ਰਸਿੱਧੀ ਦਾ ਇੱਕ ਮਹੱਤਵਪੂਰਨ ਸਬੂਤ ਹਾਲ ਹੀ ਵਿੱਚ ਆਯੋਜਿਤ ਪਹਿਲੀ ਵਿਸ਼ਵ ਯੋਗਾ ਚੈਂਪੀਅਨਸ਼ਿਪ 2026 ਹੈ। ਅਹਿਮਦਾਬਾਦ ਵਿੱਚ ਆਯੋਜਿਤ ਇਸ ਇਤਿਹਾਸਕ ਮੁਕਾਬਲੇ ਵਿੱਚ 79 ਦੇਸ਼ਾਂ ਦੇ 522 ਐਥਲੀਟਾਂ ਨੇ ਹਿੱਸਾ ਲਿਆ। ਭਾਰਤ ਨੇ ਇਸ ਮੁਕਾਬਲੇ ਵਿੱਚ ਬੇਮਿਸਾਲ ਪ੍ਰਦਰਸ਼ਨ ਕੀਤਾ। ਭਾਰਤ ਨੇ ਕੁੱਲ 114 ਤਗਮੇ ਜਿੱਤੇ, ਜਿਨ੍ਹਾਂ ਵਿੱਚ 102 ਸੋਨ ਤਗਮੇ ਸ਼ਾਮਲ ਹਨ। ਭਾਰਤ ਵਿਸ਼ਵ ਤਗਮਾ ਸੂਚੀ ਵਿੱਚ ਪਹਿਲੇ ਸਥਾਨ 'ਤੇ ਰਿਹਾ ਅਤੇ ਯੋਗ ਆਸਣ ਦੇ ਖੇਤਰ ਵਿੱਚ ਆਪਣੀ ਵਿਸ਼ਵ ਲੀਡਰਸ਼ਿਪ ਦਾ ਪ੍ਰਦਰਸ਼ਨ ਕੀਤਾ। 102 ਸੋਨ ਤਗਮਿਆਂ ਤੋਂ ਇਲਾਵਾ, ਭਾਰਤ ਨੇ ਬਾਕੀ ਚਾਂਦੀ ਅਤੇ ਕਾਂਸੀ ਦੇ ਤਗਮੇ ਪ੍ਰਾਪਤ ਕੀਤੇ, ਜਿਸ ਨਾਲ ਵਿਸ਼ਵ ਯੋਗ ਮੰਚ 'ਤੇ ਆਪਣੀ ਸਰਵਉੱਚਤਾ ਸਥਾਪਿਤ ਹੋਈ। ਵਿਸ਼ਵ ਯੋਗਾਸਨ ਚੈਂਪੀਅਨਸ਼ਿਪ ਵਿੱਚ ਇਹ ਸਫਲਤਾ ਸਿਰਫ਼ ਇੱਕ ਖੇਡ ਪ੍ਰਾਪਤੀ ਨਹੀਂ ਹੈ; ਇਹ ਇਸ ਤੱਥ ਦਾ ਵੀ ਪ੍ਰਮਾਣ ਹੈ ਕਿ ਯੋਗਾ, ਭਾਰਤ ਦੀ ਸੱਭਿਆਚਾਰਕ ਵਿਰਾਸਤ ਹੋਣ ਦੇ ਨਾਲ-ਨਾਲ, ਇੱਕ ਵਿਸ਼ਵਵਿਆਪੀ ਪ੍ਰਤੀਯੋਗੀ ਖੇਡ ਵਜੋਂ ਵੀ ਵਿਕਸਤ ਹੋ ਰਿਹਾ ਹੈ। ਅੱਜ, ਬਹੁਤ ਸਾਰੇ ਦੇਸ਼ਾਂ ਵਿੱਚ ਨੌਜਵਾਨ ਯੋਗਾ ਨੂੰ ਖੇਡ, ਤੰਦਰੁਸਤੀ ਅਤੇ ਮਾਨਸਿਕ ਵਿਕਾਸ ਲਈ ਇੱਕ ਮਾਧਿਅਮ ਵਜੋਂ ਅਪਣਾ ਰਹੇ ਹਨ। ਇਸ ਨਾਲ ਭਵਿੱਖ ਵਿੱਚ ਪ੍ਰਮੁੱਖ ਅੰਤਰਰਾਸ਼ਟਰੀ ਖੇਡ ਸਮਾਗਮਾਂ ਵਿੱਚ ਯੋਗਾ ਨੂੰ ਵਧੇਰੇ ਮਾਨਤਾ ਮਿਲਣ ਦੀ ਸੰਭਾਵਨਾ ਮਜ਼ਬੂਤ ਹੋਈ ਹੈ।

21 ਜੂਨ : ਅੰਤਰਰਾਸ਼ਟਰੀ ਯੋਗ ਦਿਵਸ ਅਤੇ ਵਿਸ਼ਵ ਸੰਗੀਤ ਦਿਵਸ 'ਤੇ ਵਿਸ਼ੇਸ਼

# ਯੋਗ ਅਤੇ ਸੰਗੀਤ : ਤਨ, ਮਨ ਅਤੇ ਆਤਮਾ ਨੂੰ ਸੰਤੁਲਿਤ ਕਰਨ ਵਾਲੀ ਦਿਵਿਆ ਸਾਧਨਾ



ਹਰ ਸਾਲ 21 ਜੂਨ ਨੂੰ ਪੂਰੀ ਦੁਨੀਆ ਵਿੱਚ ਅੰਤਰਰਾਸ਼ਟਰੀ ਯੋਗ ਦਿਵਸ ਮਨਾਇਆ ਜਾਂਦਾ ਹੈ। ਇਸੇ ਦਿਨ ਵਿਸ਼ਵ ਸੰਗੀਤ ਦਿਵਸ ਵੀ ਬੜੇ ਉਤਸ਼ਾਹ ਨਾਲ ਮਨਾਇਆ ਜਾਂਦਾ ਹੈ। ਇਹ ਸਿਰਫ਼ ਇੱਕ ਸੰਯੋਗ ਨਹੀਂ, ਸਗੋਂ ਪ੍ਰਕਿਰਤੀ ਅਤੇ ਮਨੁੱਖੀ ਜੀਵਨ ਦੇ ਡੂੰਘੇ ਰਿਸ਼ਤੇ ਦਾ ਵੀ ਪ੍ਰਤੀਕ ਹੈ। ਯੋਗ ਅਤੇ ਸੰਗੀਤ ਮਨੁੱਖੀ ਜੀਵਨ ਨੂੰ ਸ਼ਾਂਤੀ, ਸੰਤੁਲਨ ਅਤੇ ਸਕਾਰਾਤਮਕ ਊਰਜਾ ਪ੍ਰਦਾਨ ਕਰਨ ਵਾਲੇ ਅਜਿਹੇ ਮਾਧਿਅਮ ਹਨ, ਜੋ ਸਰੀਰ, ਮਨ ਅਤੇ ਆਤਮਾ ਨੂੰ ਇੱਕ ਸੂਤਰ ਵਿੱਚ ਜੋੜਦੇ ਹਨ। ਅੱਜ ਦੀ ਤੇਜ਼ ਰਫ਼ਤਾਰ ਅਤੇ ਤਣਾਅ ਭਰੀ ਜ਼ਿੰਦਗੀ ਵਿੱਚ ਮਨੁੱਖ ਮਾਨਸਿਕ ਅਸ਼ਾਂਤੀ, ਉਦਾਸੀ, ਬੇਨੀਂਦਰਾ ਅਤੇ ਕਈ ਸਰੀਰਕ ਬਿਮਾਰੀਆਂ ਨਾਲ ਜੂਝ ਰਿਹਾ ਹੈ। ਅਜਿਹੇ ਸਮੇਂ ਵਿੱਚ ਯੋਗ ਅਤੇ ਸੰਗੀਤ ਜੀਵਨ ਨੂੰ ਨਵੀਂ ਦਿਸ਼ਾ ਦੇਣ ਵਾਲੇ ਦੋ ਅਮੋਲਕ ਵਰਦਾਨ ਬਣ ਕੇ ਸਾਹਮਣੇ ਆਉਂਦੇ ਹਨ। ਜਿੱਥੇ ਯੋਗ ਸਰੀਰ ਨੂੰ ਤੰਦਰੁਸਤ ਅਤੇ ਮਨ ਨੂੰ ਸਥਿਰ ਬਣਾਉਂਦਾ ਹੈ, ਉੱਥੇ ਸੰਗੀਤ ਆਤਮਾ ਨੂੰ ਖੁਸ਼ੀ ਅਤੇ ਸਕੂਨ ਪ੍ਰਦਾਨ ਕਰਦਾ ਹੈ।

ਯੋਗ ਭਾਰਤ ਦੀ ਪ੍ਰਾਚੀਨ ਆਧਿਆਤਮਿਕ ਪਰੰਪਰਾ ਦਾ ਇੱਕ ਮਹੱਤਵਪੂਰਨ ਅੰਗ ਹੈ। ਹਜ਼ਾਰਾਂ ਸਾਲਾਂ ਤੋਂ ਰਿਸ਼ੀਆਂ-ਮੁਨੀਆਂ ਨੇ ਯੋਗ ਦੇ ਜ਼ਰੀਏ ਆਤਮਿਕ ਸ਼ਕਤੀ ਅਤੇ ਮਾਨਸਿਕ ਏਕਾਗ੍ਰਤਾ ਪ੍ਰਾਪਤ ਕੀਤੀ ਹੈ। "ਯੋਗ" ਸ਼ਬਦ ਸੰਸਕ੍ਰਿਤ ਧਾਤੂ "ਯੁਜ" ਤੋਂ ਬਣਿਆ ਹੈ, ਜਿਸਦਾ ਅਰਥ ਹੈ ਜੋੜਨਾ, ਅਰਥਾਤ ਆਤਮਾ ਦਾ ਪਰਮਾਤਮਾ ਨਾਲ ਮਿਲਾਪ। ਯੋਗ ਕੇਵਲ ਕਸਰਤ ਨਹੀਂ, ਸਗੋਂ ਇੱਕ ਸੰਪੂਰਨ ਜੀਵਨ ਪੱਧਤੀ ਹੈ, ਜਿਸ ਵਿੱਚ ਆਸਨ, ਪ੍ਰਾਣਾਯਾਮ, ਧਿਆਨ ਅਤੇ ਅਨੁਸ਼ਾਸਿਤ ਜੀਵਨ ਸ਼ੈਲੀ ਸ਼ਾਮਲ ਹਨ।

ਸੰਯੁਕਤ ਰਾਸ਼ਟਰ ਮਹਾਸਭਾ ਵੱਲੋਂ ਸਾਲ 2014 ਵਿੱਚ 21 ਜੂਨ ਨੂੰ ਅੰਤਰਰਾਸ਼ਟਰੀ ਯੋਗ ਦਿਵਸ ਘੋਸ਼ਿਤ ਕੀਤਾ ਗਿਆ । ਇਸ ਤੋਂ ਬਾਅਦ ਦੁਨੀਆ ਭਰ ਵਿੱਚ ਕਰੋੜਾਂ ਲੋਕ ਯੋਗ ਨੂੰ ਅਪਣਾ ਕੇ ਸਿਹਤਮੰਦ ਜੀਵਨ ਵੱਲ ਅੱਗੇ ਵੱਧ ਰਹੇ ਹਨ। ਭਾਰਤ ਦੇ ਯੋਗਾਚਾਰੀਆਂ ਅਤੇ ਸੰਤਾਂ ਨੇ ਸਦੀਆਂ ਤੋਂ ਯੋਗ ਦੇ ਮਹੱਤਵ ਨੂੰ ਲੋਕਾਂ ਤੱਕ ਪਹੁੰਚਾਇਆ ਹੈ। ਅੱਜ ਅਮਰੀਕਾ, ਯੂਰਪ, ਜਪਾਨ, ਥਾਈਲੈਂਡ , ਮਲੇਸ਼ੀਆ, ਇੰਡੋਨੇਸ਼ੀਆ ਅਤੇ ਹੋਰ ਕਈ ਦੇਸ਼ਾਂ ਵਿੱਚ ਵੀ ਯੋਗ ਕੇਂਦਰ ਤੇਜ਼ੀ ਨਾਲ ਵਧ ਰਹੇ ਹਨ। ਯੋਗ ਦੇ ਨਿਯਮਿਤ ਅਭਿਆਸ ਨਾਲ ਸਰੀਰ ਲਚਕੀਲਾ ਅਤੇ ਊਰਜਾਵਾਨ ਬਣਦਾ ਹੈ। ਇਹ ਸ਼ੱਕਰ, ਉੱਚ ਰਕਤਚਾਪ, ਮੋਟਾਪੇ ਅਤੇ ਤਣਾਅ ਵਰਗੀਆਂ ਸਮੱਸਿਆਵਾਂ ਨੂੰ ਕਾਬੂ ਕਰਨ ਵਿੱਚ ਸਹਾਇਕ ਹੈ। ਧਿਆਨ ਅਤੇ ਪ੍ਰਾਣਾਯਾਮ ਮਾਨਸਿਕ ਸ਼ਾਂਤੀ ਪ੍ਰਦਾਨ ਕਰਦੇ ਹਨ ਅਤੇ ਵਿਅਕਤੀ ਦੀ ਕਾਰਗੁਜ਼ਾਰੀ ਨੂੰ ਵਧਾਉਂਦੇ ਹਨ। ਇਸੇ ਕਾਰਨ ਹੁਣ ਸਕੂਲਾਂ, ਦਫ਼ਤਰਾਂ ਅਤੇ ਫ਼ੌਜ ਵਿੱਚ ਵੀ ਯੋਗ ਨੂੰ ਅਪਣਾਇਆ ਜਾ ਰਿਹਾ ਹੈ। ਦੂਜੇ ਪਾਸੇ ਸੰਗੀਤ ਵੀ ਮਨੁੱਖੀ ਜੀਵਨ ਦਾ ਅਟੁੱਟ ਹਿੱਸਾ ਹੈ। ਸੰਗੀਤ ਕੇਵਲ ਮਨੋਰੰਜਨ ਦਾ ਸਾਧਨ ਨਹੀਂ, ਸਗੋਂ ਭਾਵਨਾਵਾਂ ਦਾ ਪ੍ਰਗਟਾਵਾ ਅਤੇ ਆਤਮਿਕ ਇਲਾਜ ਦਾ ਇੱਕ ਮਾਧਿਅਮ ਹੈ। ਜਦੋਂ ਸ਼ਬਦ ਮੌਨ ਹੋ ਜਾਂਦੇ ਹਨ ਤਾਂ ਸੰਗੀਤ ਮਨ ਦੀ ਭਾਸ਼ਾ ਬਣ ਜਾਂਦਾ ਹੈ। ਭਾਰਤੀ ਸ਼ਾਸਤਰੀ ਸੰਗੀਤ ਦੀ ਰਾਗ ਪਰੰਪਰਾ ਹੋਵੇ ਜਾਂ ਲੋਕ ਸੰਗੀਤ ਦੀ ਮਿੱਠਾਸ, ਹਰ ਸੁਰ ਮਨੁੱਖ ਦੇ ਅੰਦਰ ਨਵੀਂ ਊਰਜਾ ਭਰ ਦਿੰਦਾ ਹੈ।

ਵਿਸ਼ਵ ਸੰਗੀਤ ਦਿਵਸ ਦਾ ਉਦੇਸ਼ ਸੰਗੀਤ ਨੂੰ ਜਨ-ਜਨ ਤੱਕ ਪਹੁੰਚਾਉਣਾ ਅਤੇ ਕਲਾਕਾਰਾਂ ਨੂੰ ਮੰਚ ਪ੍ਰਦਾਨ ਕਰਨਾ ਹੈ। ਸੰਗੀਤ ਜਾਤੀ, ਭਾਸ਼ਾ ਅਤੇ ਸਰਹੱਦਾਂ ਤੋਂ ਪਰੇ ਮਨੁੱਖਤਾ ਨੂੰ ਜੋੜਨ ਦੀ ਤਾਕਤ ਰੱਖਦਾ ਹੈ। ਇੱਕ ਮਿੱਠੀ ਧੁਨ ਦੁਖੀ ਮਨ ਨੂੰ ਸਕੂਨ ਦਿੰਦੀ ਹੈ ਅਤੇ ਨਿਰਾਸ਼ ਜੀਵਨ ਵਿੱਚ ਨਵਾਂ ਉਤਸ਼ਾਹ ਭਰ ਦਿੰਦੀ ਹੈ। ਵਿਗਿਆਨਕ ਖੋਜਾਂ ਨੇ ਵੀ ਸਾਬਤ ਕੀਤਾ ਹੈ ਕਿ ਸੰਗੀਤ ਚਿਕਿਤਸਾ ਮਾਨਸਿਕ ਤਣਾਅ ਨੂੰ ਘਟਾਉਣ ਅਤੇ ਮਰੀਜ਼ਾਂ ਨੂੰ ਰਾਹਤ ਦੇਣ ਵਿੱਚ ਪ੍ਰਭਾਵਸ਼ਾਲੀ ਹੈ। ਮਿੱਠਾ ਸੰਗੀਤ ਸੁਣਨ ਨਾਲ ਰਕਤਚਾਪ ਨਿਯੰਤਰਿਤ ਰਹਿੰਦਾ ਹੈ ਅਤੇ ਦਿਮਾਗ ਵਿੱਚ ਸਕਾਰਾਤਮਕ ਹਾਰਮੋਨ ਸਰਗਰਮ ਹੋ ਜਾਂਦੇ ਹਨ। ਇਸੇ ਕਾਰਨ ਅੱਜ ਕਈ ਹਸਪਤਾਲਾਂ ਅਤੇ ਇਲਾਜ ਕੇਂਦਰਾਂ ਵਿੱਚ ਮਿਊਜ਼ਿਕ ਥੈਰੇਪੀ ਦਾ ਪ੍ਰਯੋਗ ਕੀਤਾ ਜਾ ਰਿਹਾ ਹੈ। ਯੋਗ ਅਤੇ ਸੰਗੀਤ ਦਾ ਆਪਸੀ ਸਬੰਧ ਵੀ ਬਹੁਤ ਡੂੰਘਾ ਹੈ। ਧਿਆਨ ਦੌਰਾਨ ਮਿੱਠਾ ਸੰਗੀਤ ਮਨ ਨੂੰ ਏਕਾਗ੍ਰ ਕਰਨ ਵਿੱਚ ਮਦਦ ਕਰਦਾ ਹੈ। ਭਾਰਤੀ ਪਰੰਪਰਾ ਵਿੱਚ ਭਜਨ, ਕੀਰਤਨ ਅਤੇ ਮੰਤਰ ਉਚਾਰਨ ਨੂੰ ਵੀ ਆਧਿਆਤਮਿਕ ਯੋਗ ਦਾ ਹਿੱਸਾ ਮੰਨਿਆ ਗਿਆ ਹੈ। ਜਦੋਂ ਯੋਗ ਦੀ ਸ਼ਾਂਤੀ ਅਤੇ ਸੰਗੀਤ ਦੀ ਮਿੱਠਾਸ ਇਕੱਠੇ ਮਿਲਦੇ ਹਨ, ਤਾਂ ਜੀਵਨ ਵਿੱਚ ਅਦਭੁੱਤ ਸੰਤੁਲਨ ਪੈਦਾ ਹੁੰਦਾ ਹੈ।

ਅੱਜ ਲੋੜ ਇਸ ਗੱਲ ਦੀ ਹੈ ਕਿ ਅਸੀਂ ਆਧੁਨਿਕ ਜੀਵਨ ਦੀ ਭੱਜ-ਦੌੜ ਵਿੱਚ ਯੋਗ ਅਤੇ ਸੰਗੀਤ ਨੂੰ ਆਪਣੀ ਰੋਜ਼ਾਨਾ ਜ਼ਿੰਦਗੀ ਦਾ ਹਿੱਸਾ ਬਣਾਈਏ। ਬੱਚਿਆਂ ਨੂੰ ਛੋਟੀ ਉਮਰ ਤੋਂ ਹੀ ਯੋਗ ਅਤੇ ਸੰਗੀਤ ਦੀ ਸਿੱਖਿਆ ਦਿੱਤੀ ਜਾਵੇ ਤਾਂ ਜੋ ਉਹ ਮਾਨਸਿਕ ਤੌਰ 'ਤੇ ਮਜ਼ਬੂਤ ਅਤੇ ਸੰਸਕਾਰਵਾਨ ਬਣ ਸਕਣ ।ਅੰਤਰਰਾਸ਼ਟਰੀ ਯੋਗ ਦਿਵਸ ਅਤੇ ਵਿਸ਼ਵ ਸੰਗੀਤ ਦਿਵਸ ਸਾਨੂੰ ਇਹ ਸੰਦੇਸ਼ ਦਿੰਦੇ ਹਨ ਕਿ ਤੰਦਰੁਸਤ ਸਰੀਰ, ਸ਼ਾਂਤ ਮਨ ਅਤੇ ਪ੍ਰਸੰਨ ਆਤਮਾ ਹੀ ਸੱਚੇ ਸੁੱਖ ਦਾ ਆਧਾਰ ਹਨ। ਯੋਗ ਸਾਨੂੰ ਅੰਦਰੋਂ ਮਜ਼ਬੂਤ ਬਣਾਉਂਦਾ ਹੈ ਅਤੇ ਸੰਗੀਤ ਜੀਵਨ ਨੂੰ ਮਿਠਾਸ ਨਾਲ ਭਰ ਦਿੰਦਾ ਹੈ। ਜੇਕਰ ਮਨੁੱਖੀ ਜੀਵਨ ਵਿੱਚ ਇਨ੍ਹਾਂ ਦੋਵਾਂ ਦਾ ਮਿਲਾਪ ਹੋ ਜਾਵੇ ਤਾਂ ਤਣਾਅ, ਹਿੰਸਾ ਅਤੇ ਅਸ਼ਾਂਤੀ ਨਾਲ ਭਰੀ ਦੁਨੀਆ ਨੂੰ ਸ਼ਾਂਤੀ ਅਤੇ ਸਕਾਰਾਤਮਕਤਾ ਦੀ ਨਵੀਂ ਦਿਸ਼ਾ ਮਿਲ ਸਕਦੀ ਹੈ।

**— ਮੋਹਿਤ ਸਿੰਗਲਾ**
**ਮੋ- 90412-95900.**

**ਲੇਖਕ ਆਪਣੀਆਂ ਰਚਨਾਵਾਂ ਸਬੰਧੀ ਕਿਸੇ ਵੀ ਤਰ੍ਹਾਂ ਦੀ ਜਾਣਕਾਰੀ ਲਈ ਮੋਬਾਇਲ ਨੰਬਰ 79860-87886'ਤੇ ਸੰਪਰਕ ਕਰਨ।**

**ਰੋਜ਼ਾਨਾ ਆਜ਼ਾਦ ਸੋਚ 'ਚ ਛਪਣ ਵਾਲੀ ਲੇਖ ਸਮਗਰੀ ਲੇਖਕਾਂ ਦੇ ਨਿਜੀ ਵਿਚਾਰ ਹੁੰਦੇ ਹਨ। ਇੰਨਾਂ ਨਾਲ ਅਖਬਾਰ ਦਾ ਕੋਈ ਲੈਣਾ ਦੇਣਾ ਨਹੀਂ ਹੈ। ਪਾਠਕ ਸਾਹਿਬਾਨ ਨੋਟ ਕਰਨ। ਪ੍ਰਕਾਸ਼ਤ ਸਮੱਗਰੀ ਬਾਰੇ ਕੋਈ ਵੀ ਇਤਰਾਜ਼ ਸਬੰਧਤ ਲੇਖਕ ਕੋਲ ਹੀ ਉਠਾਇਆ ਜਾਵੇ। - ਸੰਪਾਦਕ**

# ਫਰੀਦਕੋਟ ਪੁਲਿਸ ਵੱਲੋ ਅਰਸ਼ ਡਾਲਾ ਗਿਰੋਹ ਦੇ ਗੁਰਗਿਆ ਨੂੰ 2 ਵਿਦੇਸ਼ੀ ਪਿਸਟਲਾਂ ਅਤੇ ਜਿੰਦਾ ਰੌਂਦਾਂ ਸਮੇਤ ਕਾਬੂ ਕਰਕੇ ਵੱਡੀ ਵਾਰਦਾਤ ਨੂੰ ਕੀਤਾ ਨਾਕਾਮ



**ਆਜ਼ਾਦ ਸੋਚ, ਕੰਵਲ ਸਰਾਂ, ਫਰੀਦਕੋਟ, 20 ਜੂਨ :**
=============

ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਵੱਲੋਂ ਪੰਜਾਬ ਨੂੰ ਇੱਕ ਸੁਰੱਖਿਅਤ ਸੂਬਾ ਬਣਾਈ ਰੱਖਣ ਦੀ ਮੁਹਿੰਮ ਅਤੇ ਸ਼੍ਰੀ ਗੌਰਵ ਯਾਦਵ ਡੀ.ਜੀ.ਪੀ ਪੰਜਾਬ ਜੀ ਦੇ ਹੁੱਕਮਾ ਅਨੁਸਾਰ ਮਾੜੇ ਅਨਸਰਾਂ ਖਿਲਾਫ ਜੀਰੋ ਟਾਲਰੈਸ ਦੀ ਨੀਤੀ ਤਹਿਤ ਕਾਰਵਾਈ ਅਮਲ ਵਿੱਚ ਲਿਆਦੀ ਜਾ ਰਹੀ ਹੈ। ਇਸ ਮੁਹਿੰਮ ਦੇ ਹਿੱਸੇ ਵਜੋਂ ਸ਼੍ਰੀਮਤੀ ਨਿਲਾਂਬਰੀ ਜਗਦਲੇ ਆਈ.ਜੀ ਫਰੀਦਕੋਟ ਰੇਂਜ ਦੀ ਰਹਿਨੁਮਾਈ ਅਤੇ ਸ਼੍ਰੀ ਗੁਰਬੰਸ ਸਿੰਘ ਬੈਂਸ, ਐਸ.ਐਸ.ਪੀ ਫਰੀਦਕੋਟ ਜੀ ਦੀ ਅਗਵਾਈ ਹੇਠ ਫਰੀਦਕੋਟ ਪੁਲਿਸ ਵੱਲੋ ਅਰਸ਼ ਡਾਲਾ ਗਿਰੋਹ ਦੇ 02 ਗੁਰਗਿਆ ਨੂੰ ਕਾਬੂ ਕਰਕੇ ਕਿਸੇ ਸੰਭਾਵਿਤ ਵੱਡੀ ਵਾਰਦਾਤ ਨੂੰ ਰੋਕਣ ਵਿੱਚ ਸਫਲਤਾ ਹਾਸਿਲ ਕੀਤੀ ਗਈ ਹੈ। ਕਾਰਵਾਈ ਦੇ ਵੇਰਵਿਆ ਮੁਤਾਬਿਕ ਮਿਤੀ 16 ਜੂਨ ਨੂੰ ਸਹਾਇਕ ਥਾਣੇਦਾਰ ਗੁਰਬਚਨ ਸਿੰਘ ਪੁਲਿਸ ਪਾਰਟੀ ਸਮੇਤ ਚੈਕਿੰਗ ਦੇ ਸਬੰਧ ਵਿੱਚ ਏਰੀਆ ਵਿੱਚ ਮੌਜੂਦ ਸੀ ਤਾਂ, ਜਦ ਪੁਲਿਸ ਪਾਰਟੀ ਪਿੰਡ ਪੰਜਗਰਾਈ ਕਲਾ ਤੋ ਪਿੰਡ ਢਿੱਲਵਾ ਨੂੰ ਜਾਦੀ ਲਿੰਕ ਰੋਡ ਪਰ ਬਣੀ ਕੱਸੀ ਪੁੱਲ ਪਾਸ ਪੁੱਜੀ ਤਾਂ 02 ਨੌਜਵਾਨ ਪੁੱਲ ਕੱਸੀ ਪਾਸ ਖੜੇ ਦਿਖਾਈ ਦਿੱਤੇ, ਜਿਹਨਾ ਨੇ ਪੁਲਿਸ ਪਾਰਟੀ ਦੀ ਸਰਕਾਰੀ ਗੱਡੀ ਦੇਖ ਕੇ ਮੌਕਾ ਤੋ ਖਿਸਕਣ ਦੀ ਕੋਸ਼ਿਸ਼ ਕੀਤੀ ਤਾਂ ਪੁਲਿਸ ਪਾਰਟੀ ਨੇ ਸ਼ੱਕ ਦੀ ਬਿਨਾਅ ਪਰ ਰੋਕ ਕੇ ਤਲਾਸ਼ੀ ਕੀਤੀ ਤਾਂ ਦੋਸ਼ੀਆ ਪਾਸੋ 01 ਵਿਦੇਸ਼ੀ ਪਿਸਟਲ .30 ਬੋਰ ਬਰੇਟਾ ਸਮੇਤ 02 ਰੌਦ ਅਤੇ 01 ਵਿਦੇਸ਼ੀ ਪਿਸਟਲ ਗਲੋਕ 9 ਐਮ.ਐਮ ਸਮੇਤ 02 ਰੌਂਦ ਬਰਾਮਦ ਕੀਤੇ ਗਏ। ਗ੍ਰਿਫਤਾਰ ਵਿਅਕਤੀਆ ਦੀ ਪਹਿਚਾਣ ਉਪਜਿੰਦਰ ਸਿੰਘ ਉਰਫ ਗਗਨਾ (ਵਾਸੀ ਪਿੰਡ ਪੰਜਗਰਾਈ ਕਲਾ, ਫਰੀਦਕੋਟ) ਅਤੇ ਤਲਵਿੰਦਰ ਸਿੰਘ ਉਰਫ ਹੈਪੀ (ਵਾਸੀ ਪਿੰਡ ਕਰਮਗੜ੍ਹ ਜਿਲਾ ਬਰਨਾਲਾ) ਵਜੋ ਹੋਈ ਹੈ। ਸ਼ੁਰੂਆਤੀ ਜਾਚ ਦੌਰਾਨ ਗ੍ਰਿਫਤਾਰ ਵਿਅਕਤੀਆਂ ਦੇ ਸਬੰਧ ਅਰਸ਼ ਡੱਲਾਂ ਗੈਗ ਨਾਲ ਸਬੰਧਿਤ ਨਵਜੋਤ ਸਿੰਘ ਉਰਫ ਨੀਟੂ ਨਾਲ ਸਾਹਮਣੇ ਆਏ ਹਨ, ਜੋ ਕਿ ਕੇਦਰੀ ਜੇਲ, ਫਰੀਦਕੋਟ ਅੰਦਰ ਬੰਦ ਸੀ, ਜਿਸ ਨੂੰ ਕਿ ਪੁਲਿਸ ਟੀਮ ਵੱਲੋਂ ਪ੍ਰੋਡਕਸ਼ਨ ਵਾਰੰਟ ਹਾਸਿਲ ਕੀਤਾ ਗਿਆ ਹੈ, ਜਿਸ ਦੌਰਾਨ ਹੋਰ ਖੁਲਾਸੇ ਹੋਣ ਦੀ ਸੰਭਾਵਨਾ ਹੈ।

ਫਰੀਦਕੋਟ ਪੁਲਿਸ ਵੱਲੋ ਇਹ ਆਪਰੇਸ਼ਨ ਸ਼੍ਰੀ ਜੋਗੇਸ਼ਵਰ ਸਿੰਘ ਗੋਰਾਇਆ ਐਸ.ਪੀ(ਇੰਨਵੈਸਟੀਗੇਸ਼ਨ) ਫਰੀਦਕੋਟ ਦੀ ਰਹਿਨੁਮਾਈ ਅਤੇ ਸ਼੍ਰੀ ਅਵਤਾਰ ਸਿੰਘ ਡੀ.ਐਸ.ਪੀ (ਇੰਨਵੈਸਟੀਗੇਸ਼ਨ) ਫਰੀਦਕੋਟ ਦੀ ਸਿੱਧੀ ਸੁਪਰਵੀਜਨ ਹੇਠ ਚਲਾਇਆ ਗਿਆ ਹੈ, ਜਿਸ ਦੌਰਾਨ ਇੰਸਪੈਕਟਰ ਅਮਰਿੰਦਰ ਸਿੰਘ ਇੰਚਾਰਜ ਸੀ.ਆਈ.ਏ ਸਟਾਫ ਦੀ ਨਿਗਰਾਨੀ ਹੇਠ ਸੀ.ਆਈ.ਏ ਸਟਾਫ ਦੀਆ ਟੀਮਾਂ ਨੇ ਅਹਿਮ ਭੂਮਿਕਾ ਨਿਭਾਈ ਗਈ ਹੈ। ਫਰੀਦਕੋਟ ਪੁਲਿਸ ਇਹਨਾ ਦੋਸ਼ੀਆਂ ਨੂੰ ਗ੍ਰਿਫਤਾਰ ਕਰਨ ਨਾਲ ਕਿਸੇ ਸੰਭਾਵਿਤ ਵੱਡੀ ਵਾਰਦਾਤ ਨੂੰ ਰੋਕਣ ਵਿੱਚ ਸਫਲਤਾ ਹਾਸਿਲ ਕੀਤੀ ਗਈ ਹੈ। ਇੱਥੇ ਇਹ ਵੀ ਦੱਸਣਯੋਗ ਹੈ ਕਿ ਗ੍ਰਿਫਤਾਰ ਵਿਅਕਤੀਆਂ ਉਪਜਿੰਦਰ ਸਿੰਘ ਉਰਫ ਗਗਨਾ ਅਤੇ ਤਲਵਿੰਦਰ ਸਿੰਘ ਉਰਫ ਹੈਪੀ ਦਾ ਪੁਰਾਣਾ ਰਿਕਾਰਡ ਵੀ ਕ੍ਰਿਮੀਨਲ ਹੈ, ਇਹਨਾ ਦੇ ਖਿਲਾਫ ਇਸ ਤੋ ਪਹਿਲਾ ਅਸਲਾ ਐਕਟ, ਨਸ਼ੇ ਦੀ ਤਸਕਰੀ ਅਤੇ ਹੋਰ ਸੰਗੀਨ ਧਾਰਵਾ ਤਹਿਤ ਕੁੱਲ 07 ਮੁਕੱਦਮੇ ਦਰਜ ਰਜਿਸਟਰ ਹਨ। ਇਸ ਤੋ ਇਲਾਵਾ ਦੋਸ਼ੀ ਨਵਜੋਤ ਸਿੰਘ ਉਰਫ ਨੀਟੂ ਖਿਲਾਫ ਵੀ ਕਈ ਸੰਗੀਨ ਧਾਰਾਵਾ ਤਹਿਤ ਕੁੱਲ 07 ਮਾਮਲੇ ਦਰਜ ਹਨ। ਇਸ ਸਬੰਧ ਵਿੱਚ ਥਾਣਾ ਸਦਰ ਕੋਟਕਪੂਰਾ ਵਿਖੇ ਅਸਲਾ ਐਕਟ ਦੀਆ ਧਾਰਾਵਾ 25(6),25(7)/ 54/59 ਤਹਿਤ ਮੁਕੱਦਮਾ ਨੰਬਰ 137 ਮਿਤੀ 16.06.2026 ਦਰਜ ਰਜਿਸਟਰ ਕੀਤਾ ਗਿਆ ਹੈ।ਇਸ ਤੋ ਇਲਾਵਾ ਮਿਤੀ 13 ਜੂਨ ਨੂੰ ਜਿਲ੍ਹਾ ਮੋਗਾ ਨਾਲ ਸਬੰਧਿਤ ਜਸਪਾਲ ਸਿੰਘ ਉਰਫ ਪਾਲੂ ਨੂੰ ਕਾਬੂ ਕਰਕੇ ਉਸ ਪਾਸੋਂ 101 ਗ੍ਰਾਮ ਹੈਰੋਇਨ, 01 ਦੇਸੀ ਪਿਸਟਲ .32 ਬੋਰ ਸਮੇਤ ਮੈਗਜ਼ੀਨ ਅਤੇ 02 ਜਿੰਦਾ ਰੌਂਦ .32 ਬੋਰ ਬਰਾਮਦ ਕੀਤੇ ਗਏ। ਇਸ ਸਬੰਧੀ ਥਾਣਾ ਸਿਟੀ ਕੋਟਕਪੂਰਾ ਵਿਖੇ ਮੁਕੱਦਮਾ ਨੰਬਰ 114 ਮਿਤੀ 13.06.2026 ਅਧੀਨ ਧਾਰਾ 21(ਬੀ)/61/85 ਐਨ.ਡੀ.ਪੀ.ਐਸ. ਐਕਟ ਅਤੇ 25/54/59 ਅਸਲਾ ਐਕਟ ਤਹਿਤ ਅਗਲੇਰੀ ਕਾਰਵਾਈ ਅਮਲ ਵਿੱਚ ਲਿਆਂਦੀ ਜਾ ਰਹੀ ਹੈ।ਇਸੇ ਤਰ੍ਹਾਂ ਮਿਤੀ 12 ਜੂਨ ਨੂੰ ਤਰਨਤਾਰਨ ਜਿਲ੍ਹੇ ਦੇ ਰਿਹਾਇਸ਼ੀ ਸਰੂਪ ਸਿੰਘ ਨੂੰ ਕਾਬੂ ਕਰਕੇ ਉਸ ਪਾਸੋਂ 01 ਦੇਸੀ ਪਿਸਟਲ .32 ਬੋਰ ਸਮੇਤ 03 ਜਿੰਦਾ ਰੌਂਦ ਬਰਾਮਦ ਕੀਤੇ ਗਏ। ਇਸ ਸਬੰਧੀ ਥਾਣਾ ਸਿਟੀ ਫਰੀਦਕੋਟ ਵਿਖੇ ਮੁਕੱਦਮਾ ਨੰਬਰ 271 ਮਿਤੀ 12.06.2026 ਅਧੀਨ ਧਾਰਾ 25/ 54/59 ਅਸਲਾ ਐਕਟ ਤਹਿਤ ਕੇਸ ਦਰਜ ਕਰਕੇ ਮਾਮਲੇ ਦੀ ਡੂੰਘਾਈ ਨਾਲ ਜਾਂਚ ਕੀਤੀ ਜਾ ਰਹੀ ਹੈ। ਫਰੀਦਕੋਟ ਪੁਲਿਸ ਵੱਲੋਂ ਇਹਨਾਂ ਮਾਮਲਿਆਂ ਵਿੱਚ ਬੈਕਵਰਡ ਅਤੇ ਫਾਰਵਰਡ ਲਿੰਕਾ ਨੂੰ ਜੋੜਨ ਲਈ ਹੋਰ ਬਾਰੀਕੀ ਨਾਲ ਜਾਂਚ ਜਾਰੀ ਹੈ, ਜਿਸ ਦੌਰਾਨ ਅਗਲੇ ਦਿਨਾਂ ਵਿੱਚ ਹੋਰ ਗ੍ਰਿਫਤਾਰੀਆਂ ਅਤੇ ਬਰਾਮਦਗੀਆਂ ਹੋਣ ਦੀ ਸੰਭਾਵਨਾ ਹੈ।

# ਮੁੱਖ ਮੰਤਰੀ ਭਗਵੰਤ ਮਾਨ ਨੂੰ ਬਦਨਾਮ ਕਰਨ ਦੀ ਸਾਜ਼ਿਸ਼ ਬਰਦਾਸ਼ਤ ਨਹੀਂ ਕੀਤੀ ਜਾਵੇਗੀ: ਰਘਵੀਰ ਸਿੰਘ

**ਆਜ਼ਾਦ ਸੋਚ, ਅਭਿਸ਼ੇਕ ਸੂਦ, ਭਾਗ ਸਿੰਘ, ਘਨੌਰ, 20 ਜੂਨ:**
============

ਰਘਵੀਰ ਸਿੰਘ ਗੋਪਾਲਪੁਰ ਸਟੇਟ ਜੁਆਇੰਟ ਸੈਕਟਰੀ ਪੰਜਾਬ ਜਿਲ੍ਹਾ ਪ੍ਰਧਾਨ ਵਿਰਾਸਤ ਸੇਵਾ ਸੰਗਠਨ ਪਟਿਆਲਾ ਆਪਣੀ ਟੀਮ ਨਾਲ ਪਟਿਆਲਾ ਵਿਖੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਅਕਸ ਨੂੰ ਖ਼ਰਾਬ ਕਰਨ ਅਤੇ ਸੂਬੇ ਦੀ ਅਮਨ-ਸ਼ਾਂਤੀ ਨੂੰ ਭੰਗ ਕਰਨ ਦੀ ਨੀਅਤ ਨਾਲ ਬਣਾਈ ਗਈ ਫਰਜ਼ੀ




ਵੀਡੀਓ ਦੇ ਮਾਮਲੇ ਨੂੰ ਲੈ ਕੇ ਕਥਿਤ ਜਾਅਲੀ ਵੀਡੀਓ ਬਣਾਅ ਕੇ ਉਹਨਾਂ ਨੂੰ ਬਦਨਾਮ ਕਰਨ ਦੀ ਅਕਾਲੀ ਦੱਲ ਅਤੇ ਭਾਜਪਾ ਦੀ ਸਾਜਿਸ਼ ਦੇ ਵਿਰੋਧ ਵਿੱਚ ਪਟਿਆਲਾ ਵਿਖੇ ਰੋਸ ਪ੍ਰਦਰਸ਼ਨ ਕਰਨ ਪਹੁੰਚੇ।ਰਘਵੀਰ ਸਿੰਘ ਗੋਪਾਲਪੁਰ ਨੇ ਕਿਹਾ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਨੂੰ ਬਦਨਾਮ ਕਰਨ ਦੀ ਇੱਕ ਸੋਚੀ-ਸਮਝੀ ਸਾਜ਼ਿਸ਼ ਕਰਾਰ ਦਿੰਦਿਆਂ ਨੇ ਕਿਹਾ ਕਿ ਕੁਝ ਤਾਕਤਾਂ ਪੰਜਾਬ ਦੀ ਤਰੱਕੀ ਅਤੇ ਲੋਕਾਂ ਵੱਲੋਂ ਮਿਲ ਰਹੇ ਬੇਅੰਤ ਪਿਆਰ ਨੂੰ ਬਰਦਾਸ਼ਤ ਨਹੀਂ ਕਰ ਪਾ ਰਹੀਆਂ। ਇਸ ਮੌਕੇ ਪਾਰਟੀ ਦੀ ਸੀਨੀਅਰ ਲੀਡਰਸ਼ਿਪ, ਆਹੇਦਦਾਰ ਤੇ ਵਲੰਟੀਅਰ ਸਹਿਬਾਨ ਅਤੇ ਸਰਪੰਚ ਜਸਪਾਲ ਸਿੰਘ ਬਹਾਦਰਗੜ੍ਹ ਆਦਿ ਮੌਜੂਦ ਸਨ।

# ਪਾਰਟੀਬਾਜ਼ੀ ਤੋਂ ਉੱਪਰ ਉੱਠ ਕੇ ਬਲਾਕ ਭਵਾਨੀਗੜ੍ਹ ਦੇ ਸਰਪੰਚ ਇੱਕ ਦੂਜੇ ਦੇ ਨਾਲ ਮੋਢਾ ਨਾਲ ਮੋਢਾ ਲਾ ਕੇ ਖੜਨਗੇ : ਪੰਚਾਇਤ ਯੂਨੀਅਨ




**ਆਜ਼ਾਦ ਸੋਚ, ਸੰਜੀਵ, ਭਵਾਨੀਗੜ੍ਹ, 20 ਜੂਨ:**
=============

ਅੱਜ ਇੱਥੇ ਬਲਾਕ ਦੀ ਪੰਚਾਇਤ ਯੂਨੀਅਨ ਦੀ ਮੀਟਿੰਗ ਬਾਬਾ ਆਤਮਾ ਰਾਮ ਜੀ ਪੋਥੀ ਵਾਲਿਆਂ ਦੇ ਸਥਾਨ ਤੇ ਹੋਈ ।ਮੀਟਿੰਗ ਵਿੱਚ ਹਾਜ਼ਰ ਹੋਏ 35 ਸਰਪੰਚਾਂ ਨੇ ਆਪਣੇ ਆਪਣੇ ਵਿਚਾਰ ਰੱਖੇ । ਇਸ ਮੌਕੇ ਸਰਪੰਚ ਗੁਰਪ੍ਰੀਤ ਸਿੰਘ ਬਿੰਬੜ ,ਗੁਰਪ੍ਰੀਤ ਸਿੰਘ ਸਰਪੰਚ ਬਲਦ ਕਲਾਂ, ਵਿਕਰਮਜੀਤ ਸਿੰਘ ਵਿੱਕੀ ਭੜੋ, ਰਣਵੀਰ ਸਿੰਘ ਸਰਪੰਚ ਨਦਾਮਪੁਰ,ਕਰਨੈਲ ਸਿੰਘ ਬੁਟਰ ਮਾਝੀ ਬਿੰਦਰ ਸਿੰਘ ਸਰਪੰਚ ਬਟਰਿਆਣਾ ਆਦਿ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਸਾਰੇ ਪਿੰਡਾਂ ਦੇ ਸਰਪੰਚਾਂ ਨੇ ਮੀਟਿੰਗ ਵਿੱਚ ਫੈਸਲਾ ਕੀਤਾ ਕਿ ਕਿਸੇ ਵੀ ਸਰਪੰਚ ਨਾਲ ਥਾਣੇ ਜਾਂ ਕਚਹਿਰੀਆਂ ਜਾਂ ਪੰਚਾਇਤੀ ਦਫਤਰਾਂ ਵਿੱਚ ਕਿਸੇ ਅਫਸਰਾਂ ਵੱਲੋਂ ਕਿਸੇ ਸਰਪੰਚ ਨੂੰ ਤੰਗ ਪਰੇਸ਼ਾਨ ਕੀਤਾ ਜਾਂਦਾ ਹੈ ਤਾਂ ਸਾਰੇ ਸਰਪੰਚ ਇੱਕ ਦੂਜੇ ਦੇ ਨਾਲ ਮੋਢੇ ਨਾਲ ਮੋਢਾ ਲਾ ਕੇ ਖੜਨਗੇ।ਉਹਨਾਂ ਕਿਹਾ ਕਿ ਪਿੰਡਾਂ ਦੇ ਕੰਮ ਪੰਚਾਇਤਾਂ ਦੇ ਉੱਪਰ ਦੀ ਹੋ ਕੇ ਕਿਸੇ ਹੋਰ ਲੋਕਾਂ ਤੋਂ ਕੰਮ ਕਰਾਏ ਜਾਂਦੇ ਹਨ ਤਾਂ ਉਹ ਕੰਮ ਵੀ ਪੰਚਾਇਤਾਂ ਰਾਹੀਂ ਕਰਵਾਏ ਜਾਣ ,ਬੀਡੀਪੀਓ ਦਫਤਰ ਜਾਂ ਥਾਣਿਆਂ ਅਤੇ ਤਹਿਸੀਲ ਕੰਪਲੈਕਸਾਂ ਵਿੱਚ ਵਿੱਚ ਪਿੰਡ ਦੇ ਲੋਕਾਂ ਦੇ ਕੰਮ ਸੁਲਝਾਉਣ ਦੇ ਲਈ ਦਫਤਰਾਂ ਵਿੱਚ ਕਾਫੀ ਚੱਕਰ ਕੱਟਣੇ ਪੈਂਦੇ ਹਨ। ਉਹਨਾਂ ਕਿਹਾ ਕਿ ਇਲਾਕੇ ਦੇ ਸਰਪੰਚਾਂ ਨੂੰ ਇੱਕ ਝੰਡੇ ਥੱਲੇ ਇਕੱਠੇ ਕਰਕੇ ਆ ਰਹੀ ਹਾਂ ਮੁਸ਼ਕਿਲਾਂ ਸੰਬੰਧੀ ਵਿਚਾਰ ਵਟਾਂਦਰਾ ਕੀਤਾ ਜਾਵੇਗਾ। ਉਨਾਂ ਦੱਸਿਆ ਕਿ ਪਿੰਡਾਂ ਵਿੱਚ ਵਿਕਾਸ ਕਾਰਜਾਂ ਕਰਵਾਉਣ ਵੇਲੇ ਕਾਫੀ ਦਿੱਕਤਾਂ ਆ ਜਾਂਦੀਆਂ ਹਨ ,ਜਿਵੇਂ ਕਿ ਵਿਰੋਧੀ ਪਾਰਟੀਆਂ ਦੇ ਲੋਕ ਵਿਕਾਸ ਕਾਰਜਾਂ ਨੂੰ ਰੋਕਣ ਲਈ ਅੜੀਕਾ ਬਣ ਜਾਂਦੇ ਹਨ ਉਹਨਾਂ ਮਸਲਿਆਂ ਨੂੰ ਸੁਲਝਾਉਣ ਦੇ ਲਈ ਇਲਾਕੇ ਦੇ ਸਰਪੰਚ ਪਾਰਟੀਬਾਜੀ ਤੋਂ ਉੱਠ ਕੇ ਇੱਕ ਦੂਜੇ ਦੀ ਸਹਾਇਤਾ ਲਈ ਅੱਗੇ ਆਉਣਗੇ । ਸਰਪੰਚਾਂ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਸਰਪੰਚਾਂ ਦੇ ਕੰਮ ਪਹਿਲ ਦੇ ਅਧਾਰ ਤੇ ਕਰਵਾਏ ਜਾਣ ਤਾਂ ਕਿ ਸਰਪੰਚਾਂ ਨੂੰ ਖੱਜਲ ਖਵਾਰ ਨਾ ਹੋਣਾ ਪਵੇ। ਇਸ ਮੌਕੇ ਕੁਲਦੀਪ ਸਿੰਘ ਸਰਪੰਚ ਰਾਜਪੁਰਾ,ਅਮਰੀਕ ਸਿੰਘ ਸਰਪੰਚ ਭਰਾਜ, ਜਗਪਾਲ ਸਿੰਘ ਸਰਪੰਚ ਕਾਲਾਝਾੜ, ਗੁਰਪ੍ਰੀਤ ਸਿੰਘ ਚੰਨੋ,ਸਤਪਾਲ ਸਿੰਘ ਸਰਪੰਚ ਨੂਰਪੁਰਾ ,ਮਨਜੀਤ ਸਿੰਘ ਮਸਾਣੀ,ਜਿਉਣ ਸਿੰਘ ਸੰਗਤਪੁਰਾ, ਹਰਸਿਮਰਨ ਜੀਤ ਸਿੰਘ ਸਰਪੰਚ ਤੁਰੀ, ਸੁਖਚੈਨ ਸਿੰਘ ਸਰਪੰਚ ਫੰਮਣਵਾਲ, ਪਿਰਤਪਾਲ ਸਿੰਘ ਸਰਪੰਚ ਹਰਦਿਤਪੁਰਾ ,ਰਣਦੀਪ ਸਿੰਘ ਸਰਪੰਚ ਡੇਲੇਵਾਲ, ਜਗਦੀਪ ਸਿੰਘ ਸਰਪੰਚ ਖੇੜੀ ਗਿੱਲਾਂ, ਸੁਖਜਿੰਦਰ ਸਿੰਘ ਸਰਪੰਚ ਲੱਖੇਵਾਲ ,ਸੰਤਪਾਲ ਸਿੰਘ ਸਰਪੰਚ ਮੁਨਸ਼ੀ ਵਾਲਾ ਮੇਜਰ ਸਿੰਘ ਸਰਪੰਚ ਕਾਕੜਾ, ਜਸਵੀਰ ਸਿੰਘ, ਸਨਦੀਪ ਸਿੰਘ ਆਦਿ ਹਾਜਰ ਸਨ।

# ਪਿੱਪਲ ਵਾਲੇ ਪੀਰ 'ਤੇ ਸਾਲਾਨਾ ਭੰਡਾਰਾ ਲਾਇਆ



**ਆਜ਼ਾਦ ਸੋਚ, ਅਭਿਸ਼ੇਕ ਸੂਦ, ਭਾਗ ਸਿੰਘ, ਘਨੌਰ, 20 ਜੂਨ:**
============

ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਪਿੱਪਲ ਵਾਲੇ ਪੀਰ ਨੇੜੇ ਟਰੱਕ ਯੂਨੀਅਨ ਘਨੌਰ ਵਾਰਡ ਨੰਬਰ 4 ਵਿਖੇ ਘਨੌਰ ਨਿਵਾਸੀਆਂ ਵੱਲੋਂ ਦਾਲ, ਰੋਟੀ ਅਤੇ ਜਲੇਬੀਆਂ ਦਾ ਅਤੁੱਟ ਲੰਗਰ ਵਰਤਾਇਆ ਗਿਆ ਅਤੇ ਰਾਤ ਨੂੰ ਸਚਿਨ ਭਾਟੀਆ (ਮੋਰਿਡੇ) ਵੱਲੋਂ ਆਪਣੀ ਟੀਮ ਵੱਲੋਂ ਬਾਬਾ ਜੀ ਦੇ ਸ਼ਬਦ ਗਾ ਕੇ ਸੁਣਾਇਆ ਗਿਆ ।ਭੰਡਾਰੇ ਤੇ ਵਿਸ਼ੇਸ਼ ਤੌਰ ਤੇ ਗੁਰਦੀਪ ਸਿੰਘ ਉਟਸਰ ਸਾਬਕਾ ਪ੍ਰਧਾਨ ਜ਼ਿਲ੍ਹਾ ਪਟਿਆਲਾ ਤੇ ਜਗਵੀਰ ਸਿੰਘ ਲੰਜਾ ਸੀਨੀਅਰ ਕਾਂਗਰਸੀ ਆਗੂ ਅਤੇ ਕਮਲ ਸ਼ਰਮਾ ਘਨੌਰ ਪੀ ਏ ਮਦਨ ਲਾਲ ਜਲਾਲਪੁਰ ਜੀ ਨੇ ਆਪਣੀ ਹਾਜ਼ਰੀ ਲਗਵਾਈ । ਲਖਵੀਰ ਸਿੰਘ ਲੱਖਾ ਘਨੌਰ, ਸਤਪਾਲ ਸਿੰਘ ਪੇਂਟਰ, ਸ਼ਰਮਾ ਬੇਕਰੀ,ਬੰਬੇ ਸਵਿਟਸ ਸੌਦਾਗਰ ਬਾਬਾ ਲਾਛੜੂ ਵਾਲੇ,ਸੋਹਨ ਸਿੰਘ,ਸੰਜੂ ਪੇਂਟਰ, ਸੋਹਨ ਸਿੰਘ, ਗੁਲਾਬ ਸਿੰਘ, ਬਲਵਿੰਦਰ ਸਿੰਘ, ਕੁਲਜਿੰਦਰ ਸਿੰਘ ਸਾਬਕਾ ਐਮ ਸੀ, ਸੁਖਵਿੰਦਰ ਸਿੰਘ, ਅਭੀ, ਮੰਗੂ, ਗੁਰਪ੍ਰੀਤ,ਪ੍ਰਦੀਪ,ਹੈਰੀ ਵੱਲੋਂ ਭੰਡਾਰੇ ਤੇ ਆਪਣੀ ਸੇਵਾ ਬਾਖੂਬੀ ਨਿਭਾਈ ਗਈ।

# ਦਾਮਨ ਬਾਜਵਾ ਨੇ ਅਮਰੀਕੀ ਨਿਆਂ ਵਿਭਾਗ ਦੀ ਅਸਿਸਟੈਂਟ ਅਟਾਰਨੀ ਜਨਰਲ ਹਰਮੀਤ ਕੌਰ ਨਾਲ ਕੀਤੀ ਵਿਸ਼ੇਸ਼ ਮੁਲਾਕਾਤ

**ਆਜ਼ਾਦ ਸੋਚ, ਗੁਰਪ੍ਰੀਤ ਸਿੰਘ ਖਾਲਸਾ, ਲੌਂਗੋਵਾਲ,20 ਜੂਨ:**
============



ਭਾਜਪਾ ਜਿਲ੍ਹਾ ਸੰਗਰੂਰ - 2 ਦੇ ਪ੍ਰਧਾਨ ਦਾਮਨ ਬਾਜਵਾ ਨੇ ਵਾਸ਼ਿੰਗਟਨ ਡੀ.ਸੀ. ਵਿਖੇ ਅਮਰੀਕੀ ਨਿਆਂ ਵਿਭਾਗ ਦੇ ਸਿਵਲ ਰਾਈਟਸ ਡਿਵੀਜ਼ਨ ਦੀ ਅਸਿਸਟੈਂਟ ਅਟਾਰਨੀ ਜਨਰਲ ਹਰਮੀਤ ਕੌਰ ਢਿੱਲੋਂ ਨਾਲ ਉਨ੍ਹਾਂ ਦੇ ਦਫ਼ਤਰ ਵਿੱਚ ਵਿਸ਼ੇਸ਼ ਮੁਲਾਕਾਤ ਕੀਤੀ। ਇਹ ਮੁਲਾਕਾਤ ਪਰਿਵਾਰਕ ਸਾਂਝ ਅਤੇ ਮਾਣ ਨਾਲ ਭਰਿਆ ਇੱਕ ਵਿਸ਼ੇਸ਼ ਪਲ ਰਹੀ।
ਇਸ ਮੌਕੇ ਦਾਮਨ ਬਾਜਵਾ ਨੇ ਦੱਸਿਆ ਕਿ ਸਤਿਕਾਰਯੋਗ ਹਰਮੀਤ ਕੌਰ ਢਿੱਲੋਂ ਉਨ੍ਹਾਂ ਦੇ ਪਤੀ ਦੇ ਤਾਇਆ ਜੀ, ਏਅਰ ਮਾਰਸ਼ਲ (ਸੇਵਾਮੁਕਤ) ਡਾ. ਪੂਰਨ ਸਿੰਘ ਬਾਜਵਾ ਦੀ ਦੋਹਤੀ ਹਨ। ਡਾ. ਪੂਰਨ ਸਿੰਘ ਬਾਜਵਾ ਦਾ ਜੱਦੀ ਪਿੰਡ ਅਕਾਲਗੜ੍ਹ, ਸੁਨਾਮ (ਪੰਜਾਬ) ਹੈ। ਉਨ੍ਹਾਂ ਕਿਹਾ ਕਿ ਇਹ ਸਾਡੇ ਪਰਿਵਾਰ ਲਈ ਬਹੁਤ ਹੀ ਮਾਣ ਅਤੇ ਖੁਸ਼ੀ ਦੀ ਗੱਲ ਹੈ ਕਿ ਪਰਿਵਾਰ ਦੀ ਇੱਕ ਧੀ ਅੱਜ ਅਮਰੀਕਾ ਦੇ ਸਭ ਤੋਂ ਉੱਚੇ ਕਾਨੂੰਨੀ ਅਹੁਦਿਆਂ ਵਿੱਚੋਂ ਇੱਕ 'ਤੇ ਆਪਣੀਆਂ ਸੇਵਾਵਾਂ ਨਿਭਾ ਰਹੀ ਹੈ। ਦਾਮਨ ਬਾਜਵਾ ਨੇ ਕਿਹਾ ਕਿ ਇੰਨੇ ਉੱਚੇ ਅਹੁਦੇ 'ਤੇ ਹੋਣ ਦੇ ਬਾਵਜੂਦ ਹਰਮੀਤ ਕੌਰ ਢਿੱਲੋਂ ਦੀ ਸਾਦਗੀ, ਨਿਮਰਤਾ ਅਤੇ ਆਪਣੇ ਪਰਿਵਾਰ, ਵਿਰਾਸਤ ਅਤੇ ਪੰਜਾਬੀਅਤ ਨਾਲ ਜੁੜਾਅ ਬੇਹੱਦ ਪ੍ਰੇਰਨਾਦਾਇਕ ਹੈ। ਉਨ੍ਹਾਂ ਦੀ ਇਹ ਸਾਦਗੀ ਅਤੇ ਆਪਣੇ ਸੱਭਿਆਚਾਰ ਪ੍ਰਤੀ ਸਮਰਪਣ ਹਰ ਪੰਜਾਬੀ ਲਈ ਮਾਣ ਦੀ ਗੱਲ ਹੈ। ਉਨ੍ਹਾਂ ਕਿਹਾ ਕਿ ਇੱਕ ਸਿੱਖ, ਪੰਜਾਬੀ ਅਤੇ ਭਾਰਤੀ ਮੂਲ ਦੀ ਮਹਿਲਾ ਵਜੋਂ ਹਰਮੀਤ ਕੌਰ ਢਿੱਲੋਂ ਨੇ ਆਪਣੀ ਮਿਹਨਤ, ਇਮਾਨਦਾਰੀ ਅਤੇ ਲੋਕ ਸੇਵਾ ਪ੍ਰਤੀ ਸਮਰਪਣ ਸਦਕਾ ਵਿਸ਼ਵ ਪੱਧਰ 'ਤੇ ਵਿਲੱਖਣ ਪਛਾਣ ਬਣਾਈ ਹੈ, ਜੋ ਅਣਗਿਣਤ ਨੌਜਵਾਨਾਂ ਲਈ ਪ੍ਰੇਰਨਾ ਦਾ ਸਰੋਤ ਹੈ। ਅੰਤ ਵਿੱਚ ਦਾਮਨ ਬਾਜਵਾ ਨੇ ਹਰਮੀਤ ਕੌਰ ਢਿੱਲੋਂ ਦੀ ਚੜ੍ਹਦੀ ਕਲਾ ਅਤੇ ਲੰਬੀ ਉਮਰ ਦੀ ਅਰਦਾਸ ਕਰਦਿਆਂ ਕਿਹਾ ਕਿ ਉਹ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਨਿਆਂ ਅਤੇ ਲੋਕ ਸੇਵਾ ਦੇ ਖੇਤਰ ਵਿੱਚ ਨਵੀਆਂ ਉਚਾਈਆਂ ਹਾਸਲ ਕਰਦੇ ਰਹਿਣ। ਇਸ ਮੌਕੇ ਬੀਜੇਪੀ ਦੇ ਸੀਨੀਅਰ ਆਗੂ ਹਰਮਨਦੇਵ ਬਾਜਵਾ ਤੇ ਹਰਕੋਮਲ ਬਾਜਵਾ ਵਿਸ਼ੇਸ਼ ਤੌਰ ਤੇ ਹਾਜ਼ਰ ਰਹੇ।

# ਹਿਮਾਚਲ ਦੀਆਂ ਗੱਡੀਆਂ 'ਤੇ 'ਖਾਲਸਾ ਟੋਲ' ਲਗਾਉਣ ਦਾ ਐਲਾਨ ਫਿਲਹਾਲ ਟਲਿਆ



**ਆਜ਼ਾਦ ਸੋਚ, ਅੰਕੁਸ਼ ਕੁਮਾਰ, ਸ੍ਰੀ ਅਨੰਦਪੁਰ ਸਾਹਿਬ, 20 ਜੂਨ:**
============

ਹਿਮਾਚਲ ਪ੍ਰਦੇਸ਼ ਸਰਕਾਰ ਵੱਲੋਂ ਬਾਹਰੀ ਰਾਜਾਂ ਦੀਆਂ ਗੱਡੀਆਂ 'ਤੇ ਲਗਾਏ ਜਾ ਰਹੇ ਐਂਟਰੀ ਟੈਕਸ ਦੇ ਵਿਰੋਧ ਵਿੱਚ ਨਿਹੰਗ ਸਿੰਘ ਜਥੇਬੰਦੀਆਂ ਵੱਲੋਂ 21 ਜੂਨ ਤੋਂ ਹਿਮਾਚਲ ਨੰਬਰ ਵਾਲੀਆਂ ਗੱਡੀਆਂ ਤੋਂ 'ਖਾਲਸਾ ਟੋਲ' ਵਸੂਲਣ ਦੇ ਕੀਤੇ ਗਏ ਐਲਾਨ ਨੂੰ ਫਿਲਹਾਲ ਮੁਲਤਵੀ ਕਰ ਦਿੱਤਾ ਗਿਆ ਹੈ। ਇਹ ਫੈਸਲਾ ਸਥਾਨਕ ਪ੍ਰਸ਼ਾਸਨਿਕ ਅਧਿਕਾਰੀਆਂ ਨਾਲ ਹੋਈ ਮੀਟਿੰਗ ਅਤੇ ਮਸਲੇ ਦੇ ਹੱਲ ਲਈ ਸਰਕਾਰੀ ਪੱਧਰ 'ਤੇ ਭਰੋਸਾ ਮਿਲਣ ਤੋਂ ਬਾਅਦ ਲਿਆ ਗਿਆ।
ਅੱਜ ਨਿਹੰਗ ਸਿੰਘ ਬਾਬਾ ਅੱਛਰ ਸਿੰਘ ਮਹਾਂਕਾਲ ਦੀ ਅਗਵਾਈ ਹੇਠ ਇੱਕ ਵਫ਼ਦ ਨੇ ਤਹਿਸੀਲਦਾਰ ਸੰਦੀਪ ਕੁਮਾਰ ਅਤੇ ਕੀਰਤਪੁਰ ਸਾਹਿਬ ਦੇ ਐੱਸ.ਐੱਚ.ਓ. ਰਾਹੁਲ ਕੁਮਾਰ ਨੂੰ ਮੰਗ ਪੱਤਰ ਸੌਂਪਿਆ। ਇਸ ਮੌਕੇ ਜਥੇਬੰਦੀ ਦੇ ਆਗੂਆਂ ਨੇ ਕਿਹਾ ਕਿ ਹਿਮਾਚਲ ਪ੍ਰਦੇਸ਼ ਵਿੱਚ ਪੰਜਾਬ ਦੇ ਵਾਹਨਾਂ ਅਤੇ ਯਾਤਰੀਆਂ ਨਾਲ ਹੋ ਰਹੇ ਵਿਤਕਰੇ ਨੂੰ ਲੈ ਕੇ ਸੰਗਤਾਂ ਵਿੱਚ ਰੋਸ ਪਾਇਆ ਜਾ ਰਿਹਾ ਹੈ, ਜਿਸ ਕਾਰਨ 'ਖਾਲਸਾ ਟੋਲ' ਲਗਾਉਣ ਦਾ ਫੈਸਲਾ ਕੀਤਾ ਗਿਆ ਸੀ। ਬਾਬਾ ਅੱਛਰ ਸਿੰਘ ਮਹਾਂਕਾਲ ਨੇ ਦੱਸਿਆ ਕਿ ਬੀਤੇ ਦਿਨ ਉਨ੍ਹਾਂ ਦੀ ਮੁਲਾਕਾਤ ਡੀਐੱਸਪੀ ਨਾਲ ਵੀ ਹੋਈ ਸੀ, ਜਿਨ੍ਹਾਂ ਨੇ ਪ੍ਰਸ਼ਾਸਨ ਵੱਲੋਂ ਮਸਲੇ ਦੇ ਹੱਲ ਲਈ ਯਤਨ ਕੀਤੇ ਜਾਣ ਦਾ ਭਰੋਸਾ ਦਿੰਦਿਆਂ ਫਿਲਹਾਲ ਸੰਘਰਸ਼ ਨੂੰ ਟਾਲਣ ਦੀ ਅਪੀਲ ਕੀਤੀ ਸੀ। ਉਨ੍ਹਾਂ ਕਿਹਾ ਕਿ ਜਥੇਬੰਦੀ ਦਾ ਉਦੇਸ਼ ਕਿਸੇ ਵੀ ਵਰਗ ਨੂੰ ਪ੍ਰੇਸ਼ਾਨ ਕਰਨਾ ਨਹੀਂ, ਸਗੋਂ ਆਪਣੇ ਹੱਕਾਂ ਅਤੇ ਪੰਜਾਬ ਦੇ ਯਾਤਰੀਆਂ ਨਾਲ ਜੁੜੇ ਮੁੱਦਿਆਂ ਨੂੰ ਸਰਕਾਰ ਤੱਕ ਪਹੁੰਚਾਉਣਾ ਹੈ। ਤਹਿਸੀਲਦਾਰ ਸੰਦੀਪ ਕੁਮਾਰ ਨੇ ਪੁਸ਼ਟੀ ਕੀਤੀ ਕਿ ਜਥੇਬੰਦੀ ਵੱਲੋਂ ਟੋਲ ਅਤੇ ਐਂਟਰੀ ਟੈਕਸ ਨਾਲ ਸਬੰਧਤ ਮੰਗਾਂ ਦਾ ਮੰਗ ਪੱਤਰ ਦਿੱਤਾ ਗਿਆ ਹੈ। ਉਨ੍ਹਾਂ ਕਿਹਾ ਕਿ ਪ੍ਰਸ਼ਾਸਨ ਵੱਲੋਂ ਇਸ ਮਾਮਲੇ ਸਬੰਧੀ ਪੰਜਾਬ ਸਰਕਾਰ ਨਾਲ ਤਾਲਮੇਲ ਕਰਕੇ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਨਾਲ ਜਥੇਬੰਦੀ ਦੀ ਮੀਟਿੰਗ ਕਰਵਾਉਣ ਲਈ ਯਤਨ ਕੀਤੇ ਜਾ ਰਹੇ ਹਨ ਤਾਂ ਜੋ ਪੈਦਾ ਹੋਏ ਵਿਵਾਦ ਦਾ ਸਥਾਈ ਹੱਲ ਕੱਢਿਆ ਜਾ ਸਕੇ।
ਪ੍ਰਸ਼ਾਸਨ ਵੱਲੋਂ ਦਿੱਤੇ ਗਏ ਭਰੋਸੇ ਮਗਰੋਂ ਨਿਹੰਗ ਸਿੰਘ ਜਥੇਬੰਦੀਆਂ ਨੇ 21 ਜੂਨ ਤੋਂ ਸ਼ੁਰੂ ਕੀਤੇ ਜਾਣ ਵਾਲੇ 'ਖਾਲਸਾ ਟੋਲ' ਸਬੰਧੀ ਆਪਣੇ ਪ੍ਰੋਗਰਾਮ ਨੂੰ ਫਿਲਹਾਲ ਮੁਲਤਵੀ ਕਰਨ ਦਾ ਐਲਾਨ ਕਰ ਦਿੱਤਾ ਹੈ।

# ਪਿੰਡ ਸੁਰੋ 'ਚ ਸੰਤ ਬਾਬਾ ਸਾਹਿਬ ਸਿੰਘ ਜੀ ਭੱਲੇ ਦੀ ਯਾਦ 'ਚ 25 ਨੂੰ



**ਆਜ਼ਾਦ ਸੋਚ, ਅਭਿਸ਼ੇਕ ਸੂਦ, ਭਾਗ ਸਿੰਘ, ਘਨੌਰ, 20 ਜੂਨ:**
=============

ਭਾਰਤੀ ਕਿਸਾਨ ਮਜ਼ਦੂਰ ਯੂਨੀਅਨ ਭਾਰਤ ਦੇ ਦਫਤਰ ਵਿਖੇ ਕੌਮੀ ਪ੍ਰਧਾਨ ਮਨਜੀਤ ਸਿੰਘ ਘੁਮਾਣਾ ਤੇ ਉਨਾ ਦੇ ਸਾਥੀਆਂ ਨੂੰ ਪਿੰਡ ਸੁਰੋ ਚ ਸੰਤ ਬਾਬਾ ਸਾਹਿਬ ਸਿੰਘ ਜੀ ਭੱਲੇ ਦੀ ਯਾਦ ਵਿੱਚ 25 ਜੂਨ ਨੂੰ ਕਰਵਾਏ ਜਾ ਰਹੇ ਸਲਾਨਾ ਜੋੜ ਮੇਲੇ ਦਾ ਕਾਰਡ ਦੇਣ ਲਈ ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਤੇ ਪਿੰਡ ਦੇ ਪਤਵੰਤੇ ਸੱਜਣ ਪਹੁੰਚੇ ਇਸ ਸਲਾਨਾ ਜੋੜ ਮੇਲੇ ਵਿੱਚ ਦੇਸਾ,ਪ੍ਰਦੇਸਾ ਤੇ ਪੂਰੇ ਪੰਜਾਬ ਤੇ ਇਲਾਕੇ ਵਿੱਚੋ ਬਹੁਤ ਸੰਗਤਾਂ ਆਉਂਦੀਆਂ ਹਨ। ਇਸ ਮੌਕੇ ਮੇਰੇ ਨਾਲ ਭਾਰਤੀ ਕਿਸਾਨ ਮਜਦੂਰ ਯੂਨੀਅਨ ਭਾਰਤ ਤੋ ਲੱਖਾ ਸਿੰਘ ਕਬੂਲਪੁਰ ਮੀਤ ਪ੍ਰਧਾਨ ਪੰਜਾਬ, ਲੱਖਾ ਸਿੰਘ ਲੰਬੜਦਾਰ ਸੌਂਟੀ ਜਰਨਲ ਸਕੱਤਰ ਪੰਜਾਬ, ਬਲਕਾਰ ਸਿੰਘ ਸੈਦ ਖੇੜੀ ਸੂਬਾ ਸਕੱਤਰ ਪੰਜਾਬ,ਸੋਨੂ ਕਵਾਟਰਰ ਹਾਜਰ ਸਨ ਅਤੇ ਪਿੰਡ ਸੂਰੋਂ ਵਲੋਂ ਨੰਦ ਸਿੰਘ ਪ੍ਰਧਾਨ ਗੁਰਦੁਆਰਾ ਸਾਹਿਬ ਸੂਰੋਂ, ਕਿਰਪਾਲ ਸਿੰਘ ਸਾਬਕਾ ਪ੍ਰਧਾਨ,ਅਮਰੀਕ ਸਿੰਘ ਖਜਾਨਚੀ, ਮੰਗਲ ਸਿੰਘ,ਬਲਵਿੰਦਰ ਸਿੰਘ, ਮਹਿੰਦਰ ਸਿੰਘ,ਲੰਬੜਦਾਰ ਜਸਵੀਰ ਸਿੰਘ ਟੀਟੂ ਸਾਰੇ ਪਿੰਡ ਸੁਰੋਂ ਸੱਦਾ ਪੱਤਰ ਦੇਣ ਪਹੁੰਚੇ।

# ਸੰਗਤਾਂ ਦੇ ਤੀਰਥ ਯਾਤਰਾ ਡਰਾਅ ਕੱਢੇ ਗਏ



**ਆਜ਼ਾਦ ਸੋਚ, ਸੂਦ, ਭਾਗ, ਘਨੌਰ, 20 ਜੂਨ:**
============

ਪੰਜਾਬ ਸਰਕਾਰ ਵੱਲੋਂ ਚਲਾਈ ਮੁੱਖ ਮੰਤਰੀ ਤੀਰਥ ਯਾਤਰਾ ਦੇ ਸਬੰਧ ਵਿੱਚ ਹਲਕਾ ਰਾਜਪੁਰਾ ਦੇ ਵਾਰਡ ਨੰਬਰ:- 31, ਅਤੇ ਹਲਕਾ ਘਨੌਰ ਦੇ ਪਿੰਡ ਨਰੜੂ ਵਿਖੇ, ਸ: ਰਘਵੀਰ ਸਿੰਘ ਗੋਪਾਲਪੁਰ ਜਿਲ੍ਹਾ ਪ੍ਰਧਾਨ:- ਵਿਰਾਸਤ ਸੇਵਾ ਸੰਗਠਨ ਪਟਿਆਲਾ ਜੀ ਨੇ ਸੰਗਤਾਂ ਦੇ ਤੀਰਥ ਯਾਤਰਾ ਡਰਾਅ ਕੱਢੇ। ਇਸ ਮੌਕੇ ਵਾਰਡ ਕੌਂਸਲਰ ਦੇਸਰਾਜ ਜੀ, ਆਪ ਆਗੂ ਸਵਰਨ ਸਿੰਘ ਜੀ, ਯਾਤਰਾ ਮੈਨੇਜਰ ਤਰੁਣ ਸ਼ਰਮਾਂ ਜੀ, ਸ: ਸੁਖਦੇਵ ਸਿੰਘ ਜੀ, ਸਰਪੰਚ ਸ: ਤਾਰਾ ਸਿੰਘ ਜੀ ਨਰੜੂ , ਦਰਸ਼ਨ ਸਿੰਘ ਦਸਮੇਸ਼ ਨਗਰ ਜੀ, ਸ: ਸੰਦੀਪ ਸਿੰਘ ਜੀ, ਸ: ਅਵਨੀਤ ਸਿੰਘ ਜੀ, ਅਤੇ ਹੋਰ ਵੀ ਪਤਵੰਤੇ ਆਗੂ ਮੌਜੂਦ ਸਨ।

# ਤਨਾਅ-ਗ੍ਰਸਤ ਵਿਸ਼ਵ ਲਈ ਅਨਮੋਲ ਉਪਹਾਰ ਹੈ ਯੋਗ : ਅਨੀਤਾ ਸ਼ਰਮਾ

**ਆਜ਼ਾਦ ਸੋਚ, ਕੰਵਲ ਸਰਾਂ, ਫਰੀਦਕੋਟ, 20 ਜੂਨ:**
=============

ਅੱਜ ਵਿਸ਼ਵ ਭਰ ਵਿੱਚ ਯੋਗ ਦਿਵਸ ਮਨਾਇਆ ਜਾ ਰਿਹਾ ਹੈ। ਇਸ ਸਬੰਧ ਵਿੱਚ ਸਮਾਜਿਕ ਕਾਰਕੁਨ ਅਨੀਤਾ ਸ਼ਰਮਾ ਰਾਸ਼ਟਰੀ ਪ੍ਰਧਾਨ ਬੇਲਨ ਬ੍ਰਿਗੇਡ, ਪ੍ਰਧਾਨ ਨਵ ਕਿਰਣ ਵੂਮੈਨ ਵੈਲਫੇਅਰ ਮਹਿਲਾ ਅਧਿਕਾਰ ਅਗਵਾਈਕਾਰ ਨੇ ਆਪਣੇ ਵਿਚਾਰ ਪ੍ਰਗਟ ਕਰਦਿਆ ਕਿਹਾ ਅੱਜ ਜਦੋਂ ਪੂਰਾ ਵਿਸ਼ਵ ਤਣਾਅ, ਮਾਨਸਿਕ ਅਸੰਤੁਲਨ, ਵਧਦੀਆਂ ਬਿਮਾਰੀਆਂ ਅਤੇ ਭੱਜਦੌੜ ਭਰੀ ਜੀਵਨ ਸ਼ੈਲੀ ਨਾਲ ਜੂਝ ਰਿਹਾ ਹੈ, ਤਦ ਯੋਗ ਸਿਰਫ਼ ਇੱਕ ਕਸਰਤ ਨਹੀਂ, ਸਗੋਂ ਸਿਹਤਮੰਦ, ਸੰਤੁਲਿਤ ਅਤੇ ਸੁਖਮਈ ਜੀਵਨ ਦਾ ਆਧਾਰ ਬਣ ਕੇ ਉਭਰਿਆ ਹੈ।ਅੰਤਰਰਾਸ਼ਟਰੀ ਯੋਗ ਦਿਵਸ ਸਾਨੂੰ ਇਹ ਯਾਦ ਦਿਵਾਉਂਦਾ ਹੈ ਕਿ ਮਨੁੱਖੀ ਜੀਵਨ ਦੀ ਅਸਲ ਸਮ੍ਰਿੱਧੀ ਸਿਰਫ਼ ਆਰਥਿਕ ਵਿਕਾਸ ਵਿੱਚ ਨਹੀਂ, ਬਲਕਿ ਸਰੀਰਕ ਸਿਹਤ, ਮਾਨਸਿਕ ਸ਼ਾਂਤੀ ਅਤੇ ਆਤਮਿਕ ਸੰਤੁਲਨ ਵਿੱਚ ਨਿਹਿਤ ਹੈ। ਭਾਰਤ ਦੀ ਹਜ਼ਾਰਾਂ ਸਾਲ ਪੁਰਾਣੀ ਯੋਗ ਪਰੰਪਰਾ ਅੱਜ ਦੁਨੀਆ ਦੇ ਹਰ ਕੋਨੇ ਤੱਕ ਪਹੁੰਚ ਚੁੱਕੀ ਹੈ। ਸੰਯੁਕਤ ਰਾਸ਼ਟਰ ਵੱਲੋਂ ਅੰਤਰਰਾਸ਼ਟਰੀ ਯੋਗ ਦਿਵਸ ਨੂੰ ਮਿਲੀ ਮਾਨਤਾ ਇਸ ਗੱਲ ਦਾ ਸਬੂਤ ਹੈ ਕਿ ਯੋਗ ਅੱਜ ਸਮੂਹ ਮਨੁੱਖਤਾ ਲਈ ਆਸ, ਸਿਹਤ ਅਤੇ ਸ਼ਾਂਤੀ ਦਾ ਸੰਦੇਸ਼ ਬਣ ਚੁੱਕਾ ਹੈ। ਭਾਰਤ ਵੱਲੋਂ ਵਿਸ਼ਵ ਨੂੰ ਯੋਗ ਦਾ ਅਨਮੋਲ ਉਪਹਾਰ-ਭਾਰਤ ਨੇ ਵਿਸ਼ਵ ਨੂੰ ਅਨੇਕਾਂ ਆਧਿਆਤਮਿਕ ਅਤੇ ਸੱਭਿਆਚਾਰਕ ਧਰੋਹਰਾਂ ਦਿੱਤੀਆਂ ਹਨ, ਜਿਨ੍ਹਾਂ ਵਿੱਚ ਯੋਗ ਸਭ ਤੋਂ ਮਹੱਤਵਪੂਰਨ ਹੈ। ਯੋਗ ਕਿਸੇ ਧਰਮ, ਭਾਸ਼ਾ, ਜਾਤ ਜਾਂ ਦੇਸ਼ ਦੀਆਂ ਸੀਮਾਵਾਂ ਵਿੱਚ ਬੱਝਿਆ ਹੋਇਆ ਨਹੀਂ ਹੈ। ਇਹ ਮਨੁੱਖੀ ਜੀਵਨ ਨੂੰ ਸੰਤੁਲਿਤ ਬਣਾਉਣ ਦੀ ਇੱਕ ਸਰਬਵਿਆਪੀ ਵਿਧੀ ਹੈ। ਅੱਜ ਦੁਨੀਆ ਭਰ ਦੇ ਕਰੋੜਾਂ ਲੋਕ ਯੋਗ ਨੂੰ ਆਪਣੀ ਰੋਜ਼ਾਨਾ ਜ਼ਿੰਦਗੀ ਦਾ ਹਿੱਸਾ ਬਣਾ ਚੁੱਕੇ ਹਨ। ਆਧੁਨਿਕ ਚਿਕਿਤਸਾ ਵਿਗਿਆਨ ਵੀ ਮੰਨਦਾ ਹੈ ਕਿ ਨਿਯਮਿਤ ਯੋਗ, ਪ੍ਰਾਣਾਯਾਮ ਅਤੇ ਧਿਆਨ ਤਣਾਅ ਘਟਾਉਣ, ਮਾਨਸਿਕ ਇਕਾਗਰਤਾ ਵਧਾਉਣ ਅਤੇ ਸਿਹਤਮੰਦ ਜੀਵਨ ਸ਼ੈਲੀ ਵਿਕਸਿਤ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ।



×ਵਿਸ਼ਵ ਸੰਕਟਾਂ ਦੇ ਦੌਰ ਵਿੱਚ ਯੋਗ ਦੀ ਵਧਦੀ ਮਹੱਤਤਾ×- ਮੌਜੂਦਾ ਸਮੇਂ ਵਿੱਚ ਮਾਨਸਿਕ ਤਣਾਅ, ਡਿਪ੍ਰੈਸ਼ਨ, ਉੱਚ ਰਕਤਚਾਪ, ਸ਼ੂਗਰ, ਮੋਟਾਪਾ ਅਤੇ ਦਿਲ ਦੀਆਂ ਬਿਮਾਰੀਆਂ ਤੇਜ਼ੀ ਨਾਲ ਵਧ ਰਹੀਆਂ ਹਨ। ਤਕਨੀਕੀ ਵਿਕਾਸ ਨੇ ਜੀਵਨ ਨੂੰ ਆਸਾਨ ਤਾਂ ਬਣਾਇਆ ਹੈ, ਪਰ ਮਾਨਸਿਕ ਸ਼ਾਂਤੀ ਅਤੇ ਅੰਦਰੂਨੀ ਸੰਤੁਲਨ ਦੀ ਚੁਣੌਤੀ ਵੀ ਉਤਨੀ ਹੀ ਵੱਡੀ ਹੋ ਗਈ ਹੈ। ਅਜਿਹੇ ਸਮੇਂ ਵਿੱਚ ਯੋਗ ਮਨੁੱਖ ਨੂੰ ਆਪਣੇ ਆਪ ਨਾਲ ਜੋੜਨ ਦਾ ਕੰਮ ਕਰਦਾ ਹੈ। ਯੋਗ ਸਿਰਫ਼ ਸਰੀਰ ਨੂੰ ਹੀ ਤੰਦਰੁਸਤ ਨਹੀਂ ਬਣਾਉਂਦਾ, ਸਗੋਂ ਮਨ ਨੂੰ ਸਥਿਰ, ਵਿਚਾਰਾਂ ਨੂੰ ਸਕਾਰਾਤਮਕ ਅਤੇ ਜੀਵਨ ਨੂੰ ਅਨੁਸ਼ਾਸਿਤ ਬਣਾਉਂਦਾ ਹੈ। ਇਸੇ ਕਰਕੇ ਅੱਜ ਯੋਗ ਦੀ ਲੋੜ ਪਹਿਲਾਂ ਨਾਲੋਂ ਕਈ ਗੁਣਾ ਵੱਧ ਮਹਿਸੂਸ ਕੀਤੀ ਜਾ ਰਹੀ ਹੈ। ਪਰਿਵਾਰ ਤੋਂ ਸਮਾਜ ਅਤੇ ਸਮਾਜ ਤੋਂ ਰਾਸ਼ਟਰ ਨਿਰਮਾਣ ਤੱਕ ਯੋਗ ਦੀ ਭੂਮਿਕਾ-ਇੱਕ ਤੰਦਰੁਸਤ ਵਿਅਕਤੀ ਇੱਕ ਤੰਦਰੁਸਤ ਪਰਿਵਾਰ ਦਾ ਨਿਰਮਾਣ ਕਰਦਾ ਹੈ, ਤੰਦਰੁਸਤ ਪਰਿਵਾਰ ਇੱਕ ਮਜ਼ਬੂਤ ਸਮਾਜ ਦੀ ਨੀਂਹ ਰੱਖਦੇ ਹਨ ਅਤੇ ਤੰਦਰੁਸਤ ਸਮਾਜ ਇੱਕ ਸ਼ਕਤੀਸ਼ਾਲੀ ਰਾਸ਼ਟਰ ਦਾ ਆਧਾਰ ਬਣਦਾ ਹੈ। ਇਸ ਲਈ ਯੋਗ ਸਿਰਫ਼ ਵਿਅਕਤੀਗਤ ਸਿਹਤ ਤੱਕ ਸੀਮਿਤ ਨਹੀਂ, ਸਗੋਂ ਸਮਾਜਿਕ ਵਿਕਾਸ ਅਤੇ ਰਾਸ਼ਟਰ ਨਿਰਮਾਣ ਨਾਲ ਵੀ ਜੁੜਿਆ ਹੋਇਆ ਹੈ।ਯੋਗ ਮਨੁੱਖ ਵਿੱਚ ਅਨੁਸ਼ਾਸਨ, ਧੀਰਜ, ਸਹਿਣਸ਼ੀਲਤਾ, ਸਕਾਰਾਤਮਕ ਸੋਚ ਅਤੇ ਆਤਮ-ਵਿਸ਼ਵਾਸ ਦਾ ਵਿਕਾਸ ਕਰਦਾ ਹੈ। ਇਹੋ ਜਿਹੇ ਗੁਣ ਇੱਕ ਬਿਹਤਰ ਸਮਾਜ ਅਤੇ ਮਜ਼ਬੂਤ ਰਾਸ਼ਟਰ ਦੀ ਨੀਂਹ ਬਣਦੇ ਹਨ। ਅੱਜ ਲੋੜ ਇਸ ਗੱਲ ਦੀ ਹੈ ਕਿ ਯੋਗ ਨੂੰ ਸਿਰਫ਼ ਵਿਅਕਤੀਗਤ ਅਭਿਆਸ ਨਾ ਸਮਝਿਆ ਜਾਵੇ, ਸਗੋਂ ਇਸਨੂੰ ਸਮਾਜਿਕ ਸੰਸਕਾਰ ਅਤੇ ਜੀਵਨ ਸ਼ੈਲੀ ਦਾ ਹਿੱਸਾ ਬਣਾਇਆ ਜਾਵੇ।
×ਯੋਗ ਨੂੰ ਤਿਉਹਾਰ ਨਹੀਂ ਜੀਵਨ ਸ਼ੈਲੀ ਬਣਾਓ×- ਅੰਤਰਰਾਸ਼ਟਰੀ ਯੋਗ ਦਿਵਸ ਸਿਰਫ਼ ਇੱਕ ਦਿਨ ਦਾ ਸਮਾਗਮ ਨਹੀਂ ਹੋਣਾ ਚਾਹੀਦਾ। ਇਸ ਦਾ ਅਸਲ ਮਕਸਦ ਯੋਗ ਨੂੰ ਰੋਜ਼ਾਨਾ ਜੀਵਨ ਦਾ ਹਿੱਸਾ ਬਣਾਉਣਾ ਹੈ। ਜੇਕਰ ਯੋਗ ਸਿਰਫ਼ ਸਮਾਰੋਹਾਂ ਅਤੇ ਰਸਮਾਂ ਤੱਕ ਹੀ ਸੀਮਿਤ ਰਹਿ ਜਾਵੇ ਤਾਂ ਇਸ ਦਾ ਅਸਲ ਉਦੇਸ਼ ਅਧੂਰਾ ਰਹਿ ਜਾਵੇਗਾ।
ਯੋਗ ਸਾਨੂੰ ਸਿਖਾਉਂਦਾ ਹੈ ਕਿ ਸਿਹਤ ਸਿਰਫ਼ ਦਵਾਈਆਂ ਨਾਲ ਨਹੀਂ, ਸਗੋਂ ਸਹੀ ਜੀਵਨ ਸ਼ੈਲੀ ਨਾਲ ਪ੍ਰਾਪਤ ਹੁੰਦੀ ਹੈ। ਨਿਯਮਿਤ ਯੋਗ, ਸੰਤੁਲਿਤ ਖੁਰਾਕ, ਸਕਾਰਾਤਮਕ ਸੋਚ ਅਤੇ ਅਨੁਸ਼ਾਸਿਤ ਦਿਨਚਰਿਆ ਸਿਹਤਮੰਦ ਜੀਵਨ ਦੀ ਮਜ਼ਬੂਤ ਨੀਂਹ ਹਨ।
×ਯੋਗ ਇੱਕ ਦਿਨ ਨਹੀਂ, ਜੀਵਨ ਭਰ ਦੀ ਜੀਵਨ ਸ਼ੈਲੀ ਹੈ× -ਹਰ ਰੋਜ਼ ਅਪਣਾਓ ਅੱਜ ਲੋੜ ਇਸ ਗੱਲ ਦੀ ਹੈ ਕਿ ਯੋਗ ਨੂੰ ਘਰ-ਘਰ ਤੱਕ ਪਹੁੰਚਾਇਆ ਜਾਵੇ ਅਤੇ ਬੱਚਿਆਂ, ਨੌਜਵਾਨਾਂ, ਮਹਿਲਾਵਾਂ ਅਤੇ ਬਜ਼ੁਰਗਾਂ ਦੀ ਰੋਜ਼ਾਨਾ ਜ਼ਿੰਦਗੀ ਦਾ ਹਿੱਸਾ ਬਣਾਇਆ ਜਾਵੇ। ਸਿਹਤਮੰਦ ਮਨੁੱਖਤਾ, ਸੰਤੁਲਿਤ ਸਮਾਜ ਅਤੇ ਵਿਸ਼ਵ ਸ਼ਾਂਤੀ ਲਈ ਯੋਗ ਸਭ ਤੋਂ ਸੌਖਾ, ਸਸਤਾ ਅਤੇ ਪ੍ਰਭਾਵਸ਼ਾਲੀ ਮਾਧਿਅਮ ਹੈ। ਇਸ ਅੰਤਰਰਾਸ਼ਟਰੀ ਯੋਗ ਦਿਵਸ ਮੌਕੇ ਆਓ ਅਸੀਂ ਸੰਕਲਪ ਕਰੀਏ ਕਿ ਯੋਗ ਨੂੰ ਸਿਰਫ਼ ਇੱਕ ਦਿਨ ਨਹੀਂ, ਸਗੋਂ ਪੂਰੀ ਜ਼ਿੰਦਗੀ ਲਈ ਅਪਣਾਵਾਂਗੇ। ਇਹੀ ਸਿਹਤਮੰਦ ਭਵਿੱਖ, ਸ਼ਕਤੀਸ਼ਾਲੀ ਸਮਾਜ ਅਤੇ ਸ਼ਾਂਤਮਈ ਵਿਸ਼ਵ ਵੱਲ ਸਾਡਾ ਸਭ ਤੋਂ ਵੱਡਾ ਕਦਮ ਹੋਵੇਗਾ।

# ਸੀਪੀਆਈਐਮ ਦੇ ਆਗੂਆਂ ਨੇ ਲੌਂਗੋਵਾਲ ਵਿਖੇ ਦੇਸ਼ ਭਗਤਾਂ ਦੇ ਪਰਿਵਾਰ ਨਾਲ ਕੀਤੀ ਮੁਲਾਕਾਤ



**ਆਜ਼ਾਦ ਸੋਚ, ਗੁਰਪ੍ਰੀਤ ਸਿੰਘ ਖਾਲਸਾ, ਲੌਂਗੋਵਾਲ, 20 ਜੂਨ:**
==============

ਦੇਸ਼ ਭਗਤਾਂ ਦੇ ਨਗਰ ਲੌਂਗੋਵਾਲ ਵਿਖੇ ਆਜ਼ਾਦੀ ਘੁਲਾਟੀਏ ਜਿਨਾਂ ਨੇ ਦੇਸ਼ ਦੀ ਖਾਤਰ ਕੁਰਬਾਨੀਆਂ ਕੀਤੀਆਂ, ਦੇਸ਼ ਨੂੰ ਆਜ਼ਾਦ ਕਰਾਉਣ ਵਿੱਚ ਬਹੁਤ ਵੱਡਾ ਯੋਗਦਾਨ ਪਾਇਆ ਸੀ ਕਾਮਰੇਡ ਪੰਡਿਤ ਵਿਦਿਆ ਦੇਵ ਲੌਂਗੋਵਾਲ ਦੇ ਪਰਿਵਾਰ ਨਾਲ ਮੁਲਾਕਾਤ ਲਈ ਸੀਪੀਆਈਐਮ ਦੇ ਸੂਬਾ ਆਗੂ ਕਾਮਰੇਡ ਭੂਪ ਚੰਦ ਚੰਨੋ ਅਤੇ ਪਾਰਟੀ ਦੇ ਜਿਲ੍ਹਾ ਸਕੱਤਰ ਕਾਮਰੇਡ ਚਮਕੌਰ ਸਿੰਘ ਖੇੜੀ ਇਸ ਤੌਰ ਤੇ ਪਹੁੰਚੇ ਉਹਨਾਂ ਕਾਮਰੇਡ ਵਿਦਿਆ ਦੇਵ ਦੇ ਭਤੀਜੇ ਕਾਮਰੇਡ ਭਰਗਾ ਨੰਦ ਦੇ ਗ੍ਰਹਿ ਵਿਖੇ ਉਹਨਾਂ ਨਾਲ ਮੁਲਾਕਾਤ ਕੀਤੀ ਜਿਕਰਯੋਗ ਹੈ ਕਿ ਕਾਮਰੇਡ ਭਰਗਾ ਨੰਦ ਸਾਬਕਾ ਅਧਿਆਪਕ ਗੌਰਮਿੰਟ ਟੀਚਰ ਯੂਨੀਅਨ ਦੇ ਵਿੱਚ ਕੰਮ ਕਰਦੇ ਸੀ ਅਤੇ ਦੇਸ਼ ਭਗਤਾਂ ਦਾ ਪਰਿਵਾਰ ਹੈ। ਉਹ ਇੱਕ ਲਿਖਾਰੀ ਦੇ ਤੌਰ ਤੇ ਵੀ ਕੰਮ ਕਰਦੇ ਹਨ ਉਹਨਾਂ ਨੇ ਅੱਜ ਸੀਪੀਆਈਐਮ ਦਫਤਰ ਲਾਇਬਰੇਰੀ ਸੰਗਰੂਰ ਵਾਸਤੇ ਪੰਜ ਕਿਤਾਬਾਂ ਜੋ ਨਦੀ ਵਰਗੀ ਕੁੜੀ, ਚਮਕੌ, ਲਿਉੜ ਲੱਥੀਆਂ ਕੰਧਾਂ, ਬਾਤਾਂ, ਸੂਰਜ ਤਪ ਕਰਦਾ, ਪੰਜ ਕਿਤਾਬਾਂ ਸੀਪੀਆਈਐਮ ਸੰਗਰੂਰ ਨੂੰ ਦਿੱਤੀਆਂ ਹਨ। ਕਿਉਂਕਿ ਕਾਮਰੇਡ ਭਰਗਾ ਨੰਦ ਜਿਨਾਂ ਨੇ ਆਪਣੀ ਸਾਰੀ ਜਿੰਦਗੀ ਪਹਿਲਾਂ ਟਰੇਡ ਯੂਨੀਅਨ ਵਿੱਚ ਹੁਣ ਪਾਰਟੀ ਦੇ ਤੌਰ ਤੇ ਬਕਾਇਦਾ ਸਰਗਰਮ ਹਨ। ਭਾਵੇਂ ਉਹਨਾਂ ਦੀ ਸਿਹਤ ਜਿਆਦਾ ਠੀਕ ਨਹੀਂ ਹੈ ਲੇਕਿਨ ਫਿਰ ਵੀ ਉਹ ਸਰਗਰਮ ਹਨ। ਇਸ ਮੌਕੇ ਕਾਮਰੇਡ ਭੂਪ ਚੰਦ ਚੰਨੋ ਸੂਬਾ ਸਕੱਤਰੇਤ ਮੈਂਬਰ , ਅਤੇ ਕਾਮਰੇਡ ਚਮਕੌਰ ਸਿੰਘ ਖੇੜੀ ਜਿਲ੍ਹਾ ਸਕੱਤਰ ਸੀਪੀਆਈ ਐਮ ਸੰਗਰੂਰ ਨੇ ਉਹਨਾਂ ਤੋਂ ਕਿਤਾਬਾਂ ਸੰਗਰੂਰ ਪਾਰਟੀ ਦਫਤਰ ਲਾਇਬਰੀ ਵਾਸਤੇ ਪ੍ਰਾਪਤ ਕੀਤੀਆਂ। ਇਸ ਮੌਕੇ ਡਾਕਟਰ ਧਰਮਪਾਲ ਜੋ ਕਾਮਰੇਡ ਪੰਡਿਤ ਵਿੱਦਿਆ ਦੇਵ ਜੀ ਦਾ ਪੋਤਾ ਹੈ ਅਤੇ ਜੈਵੀਰ ਸ਼ਰਮਾ ਜੋ ਕਾਮਰੇਡ ਪੰਡਿਤ ਵਿਦਿਆ ਦੇਵ ਜੀ ਦਾ ਪੜਪੋਤਾ ਹੈ ਉਹ ਹਾਜ਼ਰ ਸਨ। ਪਾਰਟੀ ਵੱਲੋਂ ਉਹਨਾਂ ਦਾ ਧੰਨਵਾਦ ਕੀਤਾ ਗਿਆ।

## ਜਨਮ ਦਿਨ ਮੁਬਾਰਕ



ਅਵਨੀਤ ਕੌਰ ਅੰਟਾਲ
ਪਿਤਾ ਹਰਵਿੰਦਰ ਸਿੰਘ ਅੰਟਾਲ
ਮਾਤਾ ਕੁਲਵਿੰਦਰ ਕੌਰ ਅੰਟਾਲ
ਪਿੰਡ ਸਰਾਲਾ ਖੁਰਦ(ਪਟਿਆਲਾ)


## Court Notice

**(U/o 5 Rule 20 CPC)**
**IN THE COURT OF Ms. Amanpreet Kaur-I, Civil Judge Junior Division - 11, Patiala**
**KARAM CHAND**
**Vs.**
**KARNAIL SINGH ALIAS KELA**
**CNR No. PBPT02-000213-2025**
**Next Date:- 10-07-2026**
**PUBLICATION ISSUED TO:**
**1. Natro, 2. Shinder, 3. Debo, 4. Beero all daughters of Mela Ram, 5. Sukhwinder Singh son of Shera, All residents of Udipur (Diwanwala), Post Office Bhankhar, Tehsil and District Patiala.**
In above titled case, the defendant(s)/respondent(s) could not be served. It is ordered that defendant(s)/ respondent(s) should appear in person or through counsel on **10-07-2026 at 10:00 a.m.** **For details logon to https://highcourtchd.gov.in/?mod=district notice&district=patiala**
Dated, this day of 15-06-2026
**Civil Judge**
**Junior Division-11**
**Patiala**

AXIS BANK
**ਐਕਸਿਸ ਬੈਂਕ ਲਿਮਿਟਿਡ ਬ੍ਰਾਂਚ ਦਾ ਪਤਾ:** ਰਿਟੇਲ ਐਸੇਟ ਸੈਂਟਰ, ਪਹਿਲੀ ਮੰਜ਼ਿਲ, ਐਸ.ਸੀ.ਬੀ. 5, ਛੋਟੀ ਬਾਰਾਂਦਰੀ, ਪਟਿਆਲਾ-147001.
**ਰਜਿਸਟਰਡ ਦਫ਼ਤਰ:** 'ਤ੍ਰਿਸ਼ੂਲ', ਤੀਜੀ ਮੰਜ਼ਿਲ, ਸਮਰਥੇਸ਼ਵਰ ਮੰਦਰ ਦੇ ਸਾਹਮਣੇ, ਲਾਅ ਗਾਰਡਨ, ਐਲਿਸਬ੍ਰਿਜ, ਅਹਿਮਦਾਬਾਦ-380006

**ਵਿੱਤੀ ਸੰਪਤੀਆਂ ਦੇ ਪ੍ਰਤੀਭੂਤੀਕਰਨ ਅਤੇ ਪੁਨਰਗਠਨ ਅਤੇ ਸੁਰੱਖਿਆ ਹਿੱਤ ਲਾਗੂ ਕਰਨ ਐਕਟ, 2002 ਦੀ ਧਾਰਾ 13(2) ਦੇ ਤਹਿਤ ਜਨਤਕ ਨੋਟਿਸ**

ਇਹ ਨੋਟਿਸ ਜਨਤਾ ਨੂੰ ਸੂਚਿਤ ਕਰਨ ਲਈ ਹੈ ਕਿ ਹੇਠ ਲਿਖੇ ਕਰਜ਼ਦਾਰ/ਸਹਿ-ਕਰਜ਼ਦਾਰਾਂ/ਗਾਰੰਟਰ(ਆਂ) ਨੇ ਬੈਂਕ ਤੋਂ ਪ੍ਰਾਪਤ ਕਰਜ਼ੇ ਦੀ ਸਹੂਲਤ 'ਤੇ ਮੂਲ ਰਕਮ ਅਤੇ ਵਿਆਜ ਦੋਵਾਂ ਦੀ ਅਦਾਇਗੀ ਕਰਨ ਵਿੱਚ ਡਿਫਾਲਟ ਕੀਤਾ ਹੈ। ਨਤੀਜੇ ਵਜੋਂ, ਅਜਿਹੇ ਕਰਜ਼ਿਆਂ ਨੂੰ ਗੈਰ-ਕਾਰਗੁਜ਼ਾਰੀ ਸੰਪਤੀਆਂ (NPA) ਵਜੋਂ ਸ਼੍ਰੇਣੀਬੱਧ ਕੀਤਾ ਗਿਆ ਹੈ। ਕਰਜ਼ਦਾਰ(ਆਂ) ਨੂੰ ਉਪਰੋਕਤ ਐਕਟ ਦੀ ਧਾਰਾ 13(2) ਦੇ ਤਹਿਤ ਉਹਨਾਂ ਦੇ ਆਖਰੀ ਜਾਣੇ ਗਏ ਪਤਿਆਂ 'ਤੇ ਨੋਟਿਸ ਜਾਰੀ ਕੀਤੇ ਗਏ ਸਨ; ਹਾਲਾਂਕਿ, ਇਹ ਨੋਟਿਸ ਬਿਨਾਂ ਤਾਮੀਲ ਹੋਏ ਵਾਪਸ ਆ ਗਏ ਹਨ।

| ਲੜੀ ਨੰ. | ਕਰਜ਼ਦਾਰ, ਸਹਿ-ਕਰਜ਼ਦਾਰ ਅਤੇ ਗਾਰੰਟਰ ਦਾ ਨਾਮ / ਕਾਨੂੰਨੀ ਵਾਰਸ | ਨੋਟਿਸ ਦੀ ਮਿਤੀ / NPA ਮਿਤੀ | ਬਕਾਇਆ ਰਕਮ (ਡਿਮਾਂਡ ਨੋਟਿਸ ਦੇ ਅਨੁਸਾਰ) |
|---|---|---|---|
| 1. | 1. ਸ਼੍ਰੀ ਅਜੇ ਕੁਮਾਰ ਸਪੁੱਤਰ ਚੰਦਰ ਭਾਨ ਸਿੰਘ, ਵਾਸੀ: ਮਕਾਨ ਨੰਬਰ 174, ਵਾਰਡ ਨੰਬਰ 8, ਰਾਜੀਵ ਕਲੋਨੀ, ਸੈਕਟਰ 17, ਪੰਚਕੂਲਾ, ਹਰਿਆਣਾ-134109। ਹੋਰ ਪਤਾ: ਮਕਾਨ ਨੰਬਰ 604, ਸੈਣੀ ਵਿਹਾਰ, ਫੇਜ਼-II, ਬਲਟਾਣਾ, ਜ਼ੀਰਕਪੁਰ, ਐਸ.ਏ.ਐਸ. ਨਗਰ, ਮੋਹਾਲੀ-140301। ਹੋਰ ਪਤਾ: ਮਕਾਨ ਨੰਬਰ 409, ਸੈਣੀ ਵਿਹਾਰ, ਫੇਜ਼-I, ਬਲਟਾਣਾ, ਜ਼ੀਰਕਪੁਰ, ਐਸ.ਏ.ਐਸ. ਨਗਰ-ਮੋਹਾਲੀ-140301। 2. ਸ਼੍ਰੀਮਤੀ ਆਰਤੀ ਦੇਵੀ ਪਤਨੀ ਚੰਦਰ ਭਾਨ ਸਿੰਘ, ਵਾਸੀ ਮਕਾਨ ਨੰਬਰ 174, ਵਾਰਡ ਨੰਬਰ 8, ਰਾਜੀਵ ਕਲੋਨੀ, ਸੈਕਟਰ 17, ਪੰਚਕੂਲਾ, ਹਰਿਆਣਾ-134109। ਹੋਰ ਪਤਾ: ਮਕਾਨ ਨੰਬਰ 604, ਸੈਣੀ ਵਿਹਾਰ, ਫੇਜ਼-II, ਬਲਟਾਣਾ, ਜ਼ੀਰਕਪੁਰ, ਐਸ.ਏ.ਐਸ. ਨਗਰ, ਮੋਹਾਲੀ-140301। ਹੋਰ ਪਤਾ: ਮਕਾਨ ਨੰਬਰ 409, ਸੈਣੀ ਵਿਹਾਰ, ਫੇਜ਼-I, ਬਲਟਾਣਾ, ਜ਼ੀਰਕਪੁਰ, ਐਸ.ਏ.ਐਸ. ਨਗਰ-ਮੋਹਾਲੀ-140301। | 16-ਸਤੰਬਰ-2021 / 23-ਮਈ-2026 | ਰੁਪਏ 26,95,254/- (ਰੁਪਏ ਛੱਬੀ ਲੱਖ ਪਚਾਨਵੇ ਹਜ਼ਾਰ ਦੋ ਸੌ ਚੁਰੰਜਾ ਸਿਰਫ਼) |

**ਜਾਇਦਾਦਾਂ ਦੇ ਵੇਰਵੇ ਜਾਇਦਾਦ**

ਜਾਇਦਾਦਾਂ ਦੇ ਵੇਰਵੇ ਜਾਇਦਾਦ ਦਾ ਬਰਾਬਰ ਦਾ ਮੋਰਗੇਜ ਜਿਸ ਵਿੱਚ ਜਾਇਦਾਦ ਦਾ ਸਾਰਾ ਹਿੱਸਾ ਅਤੇ ਟੁਕੜਾ ਸ਼ਾਮਲ ਹੈ ਜਿਵੇਂ ਕਿ ਮਕਾਨ ਜਿਸਦੀ ਮਿਣਤੀ 00 ਵਿੱਘਾ 02 ਵਿਸਵਾ 04 ਵਿਸਵਾਸੀ ਭਾਵ 111.1 ਵਰਗ ਗਜ਼ ਹੈ, ਖੇਵਟ/ਖਤੌਨੀ ਨੰਬਰ 217/327 ਜਿਸ ਵਿੱਚ ਖਸਰਾ ਨੰਬਰ 1353/180(2-0), 1356/182(1-0), 183(4-0), 184(4-0), 1928/185(1-4), 1930/190(2-11), 1932-191(2-16), 1934/192(2-0), 193(4-0), 1218/194(4-0), 1221/195(2-4), 1282/198 (3-14), 1280/195(0-14),), ਕਿੱਤੇ 13, ਕੁੱਲ ਜ਼ਮੀਨ ਦੀ ਮਿਣਤੀ 34 ਵਿੱਘਾ 03 ਵਿਸਵਾ ਵਿੱਚੋਂ 44/13660 ਹਿੱਸਾ ਭਾਵ 00 ਵਿੱਘਾ 02 ਵਿਸਵਾ 04 ਵਿਸਵਾਸੀ, ਜਿਸ ਉੱਤੇ ਮਕਾਨ ਨੰਬਰ 409 ਬਣਿਆ ਹੈ, ਸੈਣੀ ਵਿਹਾਰ, ਫੇਜ਼-I, ਪਿੰਡ ਬਲਟਾਣਾ, ਹੱਦਬਸਤ ਨੰਬਰ 47, ਐਮ.ਸੀ. ਵਿਖੇ ਸਥਿਤ ਹੈ। ਅਤੇ ਸਬ-ਤਹਿਸੀਲ ਜ਼ੀਰਕਪੁਰ, ਤਹਿਸੀਲ ਡੇਰਾਬੱਸੀ, ਜ਼ਿਲ੍ਹਾ ਐਸ.ਏ.ਐਸ. ਨਗਰ ਮੋਹਾਲੀ, ਪੰਜਾਬ ਵਿੱਚ ਜਮ੍ਹਾਂਬੰਦੀ ਸਾਲ 2012-13 ਦੇ ਅਨੁਸਾਰ, ਇਸਦੀ ਰਜਿਸਟਰਡ ਮਾਲਕ ਸ਼੍ਰੀਮਤੀ ਆਰਤੀ ਦੇਵੀ ਪਤਨੀ ਚੰਦਰ ਭਾਨ ਸਿੰਘ ਰਾਹੀਂ ਸੇਲ ਡੀਡ ਨੰਬਰ 13/2017-18/1/1396 ਮਿਤੀ 11-ਜਨਵਰੀ-2018 ਦੇ ਤਹਿਤ। ਸੇਲ ਡੀਡ ਦੇ ਅਨੁਸਾਰ ਹੱਦਾਂ: ਪੂਰਬ: ਗੁਰਨਾਮ ਕੌਰ, ਪੱਛਮ: ਦੀਪਤੀ ਗੁੰਡੇਲਾ, ਉੱਤਰ: ਅਣਜਾਣ ਮਕਾਨ, ਦੱਖਣ: ਸੜਕ।

| ਲੜੀ ਨੰ. | ਕਰਜ਼ਦਾਰ, ਸਹਿ-ਕਰਜ਼ਦਾਰ ਅਤੇ ਗਾਰੰਟਰ ਦਾ ਨਾਮ / ਕਾਨੂੰਨੀ ਵਾਰਸ | ਨੋਟਿਸ ਦੀ ਮਿਤੀ / NPA ਮਿਤੀ | ਬਕਾਇਆ ਰਕਮ (ਡਿਮਾਂਡ ਨੋਟਿਸ ਦੇ ਅਨੁਸਾਰ) |
|---|---|---|---|
| 2. | 1. ਸ਼੍ਰੀ ਜਤਿਨ ਮਹਿਤਾ ਸਪੁੱਤਰ ਗਣੇਸ਼ ਦਾਸ, ਵਾਸੀ ਜੀ.ਡੀ.ਐਮ. ਟਰੇਡਰਸ ਪਹਿਲੀ ਮੰਜ਼ਿਲ, ਐਸ.ਸੀ.ਓ. 1018, 1019, ਹਾਫ ਸੈਕਟਰ, ਸੈਕਟਰ 22ਬੀ, ਚੰਡੀਗੜ੍ਹ-160022। ਹੋਰ ਪਤਾ: ਫਲੈਟ ਨੰਬਰ 802, ਟਾਵਰ ਨੰਬਰ ਕੇ-1, ਮਾਇਆ ਗਾਰਡਨ ਸਿਟੀ, ਸਿੰਘਪੁਰਾ, ਤਹਿਸੀਲ ਜ਼ੀਰਕਪੁਰ, ਜ਼ਿਲ੍ਹਾ ਐਸ.ਏ.ਐਸ. ਨਗਰ-ਮੋਹਾਲੀ। ਹੋਰ ਪਤਾ: ਮਕਾਨ ਨੰਬਰ 168/1, ਟਿੱਬਾ ਕਲੋਨੀ, ਵਾਰਡ ਨੰਬਰ 11, ਗਲੀ ਨੰਬਰ 6, ਰਤੀਆ, ਜ਼ਿਲ੍ਹਾ ਫਤਿਹਾਬਾਦ, ਹਰਿਆਣਾ-125051। 2. ਸ਼੍ਰੀ ਲਲਿਤ ਕੁਮਾਰ ਸਪੁੱਤਰ ਗਣੇਸ਼ ਦਾਸ, ਵਾਸੀ ਮਕਾਨ ਨੰਬਰ 168/1, ਟਿੱਬਾ ਕਲੋਨੀ, ਵਾਰਡ ਨੰਬਰ 11, ਗਲੀ ਨੰਬਰ 6, ਰਤੀਆ, ਜ਼ਿਲ੍ਹਾ ਫਤਿਹਾਬਾਦ, ਹਰਿਆਣਾ-125051। ਹੋਰ ਪਤਾ: ਫਲੈਟ ਨੰਬਰ 802, ਟਾਵਰ ਨੰਬਰ ਕੇ-1, ਮਾਇਆ ਗਾਰਡਨ ਸਿਟੀ, ਸਿੰਘਪੁਰਾ, ਤਹਿਸੀਲ ਜ਼ੀਰਕਪੁਰ, ਜ਼ਿਲ੍ਹਾ ਐਸ.ਏ.ਐਸ. ਨਗਰ-ਮੋਹਾਲੀ। | 30-ਮਈ-2026 / 05-ਮਈ-2026 | ਰੁਪਏ 46,13,973/- (ਰੁਪਏ ਛਿਆਲੀ ਲੱਖ ਤੇਰਾਂ ਹਜ਼ਾਰ ਨੌਂ ਸੌ ਤਿਹੱਤਰ ਸਿਰਫ਼) |

**ਜਾਇਦਾਦਾਂ ਦੇ ਵੇਰਵੇ ਜਾਇਦਾਦ**

ਰਿਹਾਇਸ਼ੀ ਜਾਇਦਾਦ/ਮਕਾਨ ਦਾ ਉਹ ਸਾਰਾ ਹਿੱਸਾ ਅਤੇ ਟੁਕੜਾ ਭਾਵ ਯੂਨਿਟ/ਫਲੈਟ ਨੰਬਰ 802, 8ਵੀਂ ਮੰਜ਼ਿਲ, 4ਬੀ.ਐਚ.ਕੇ., ਟਾਵਰ ਨੰਬਰ ਕੇ-1, ਮਾਇਆ ਗਾਰਡਨ ਸਿਟੀ, ਪਿੰਡ ਸਿੰਘਪੁਰਾ, ਐਮ.ਸੀ. ਜ਼ੀਰਕਪੁਰ, ਜੋ ਕਿ ਖੇਵਟ/ਖਤੌਨੀ ਨੰਬਰ 148/195, ਖਸਰਾ ਨੰਬਰ 166(4-0), 167(4-0), 168(4-0), 169(4-14), 170(3-6), ਕਿੱਤੇ 5 ਵਿੱਚ ਸ਼ਾਮਲ ਜ਼ਮੀਨ 'ਤੇ ਬਣਿਆ ਹੈ, ਕੁੱਲ ਜ਼ਮੀਨ ਦੀ ਮਿਣਤੀ 20 ਵਿੱਘੇ-0 ਵਿਸਵੇ ਵਿੱਚੋਂ 8/8000 ਹਿੱਸਾ ਜਿਸਦੀ ਮਿਣਤੀ 0 ਵਿੱਘੇ-0 ਵਿਸਵੇ-8 ਵਿਸਵਾਸੀ ਹੈ, ਜੋ ਕਿ ਪਿੰਡ ਸਿੰਘਪੁਰਾ ਸਬ-ਤਹਿਸੀਲ ਜ਼ੀਰਕਪੁਰ, ਹੱਦਬਸਤ ਨੰਬਰ 43 ਵਿਖੇ ਜਮ੍ਹਾਂਬੰਦੀ ਸਾਲ 2013-14 ਦੇ ਅਨੁਸਾਰ ਇਸਦੇ ਰਜਿਸਟਰਡ ਮਾਲਕ ਸ਼੍ਰੀ ਜਤਿਨ ਮਹਿਤਾ ਸਪੁੱਤਰ ਗਣੇਸ਼ ਦਾਸ ਰਾਹੀਂ ਸੇਲ ਡੀਡ ਨੰਬਰ 2020-21/13/1/10021 ਮਿਤੀ 01-02-2021 ਦੇ ਤਹਿਤ ਸਥਿਤ ਹੈ। ਹੱਦਾਂ (ਸੇਲ ਡੀਡ ਦੇ ਅਨੁਸਾਰ): ਪੂਰਬ-ਲਾਗੂ ਨਹੀਂ, ਪੱਛਮ-ਲਾਗੂ ਨਹੀਂ, ਉੱਤਰ-ਲਾਗੂ ਨਹੀਂ, ਦੱਖਣ-ਲਾਗੂ ਨਹੀਂ।

| ਲੜੀ ਨੰ. | ਕਰਜ਼ਦਾਰ, ਸਹਿ-ਕਰਜ਼ਦਾਰ ਅਤੇ ਗਾਰੰਟਰ ਦਾ ਨਾਮ / ਕਾਨੂੰਨੀ ਵਾਰਸ | ਨੋਟਿਸ ਦੀ ਮਿਤੀ / NPA ਮਿਤੀ | ਬਕਾਇਆ ਰਕਮ (ਡਿਮਾਂਡ ਨੋਟਿਸ ਦੇ ਅਨੁਸਾਰ) |
|---|---|---|---|
| 3. | 1. ਸ਼੍ਰੀਮਤੀ ਗੁਰਮੀਤ ਕੌਰ ਪਤਨੀ ਬਲਕਾਰ ਸਿੰਘ, ਵਾਸੀ ਪਿੰਡ ਕੋਟ ਦੋਸਾਂਧੀ ਮੱਲ, ਡਾਕਖਾਨਾ ਪੰਡੋਰੀ ਤਖਤ ਮੱਲ, ਤਹਿਸੀਲ ਅਤੇ ਜ਼ਿਲ੍ਹਾ ਤਰਨਤਾਰਨ-143401। ਹੋਰ ਪਤਾ: ਫਲੈਟ ਨੰਬਰ 3082, ਤੀਜੀ ਮੰਜ਼ਿਲ, ਪ੍ਰੋਜੈਕਟ ਸਿਟੀ ਆਫ਼ ਡਰੀਮਜ਼-2, ਪਿੰਡ ਸੰਤੇਮਾਜਰਾ, ਤਹਿਸੀਲ ਖਰੜ, ਜ਼ਿਲ੍ਹਾ ਐਸ.ਏ.ਐਸ. ਨਗਰ ਮੋਹਾਲੀ। 2. ਸ਼੍ਰੀ ਬਲਕਾਰ ਸਿੰਘ ਸਪੁੱਤਰ ਸੋਹਣ ਸਿੰਘ, ਵਾਸੀ ਪਿੰਡ ਕੋਟ ਦੋਸਾਂਧੀ ਮੱਲ, ਡਾਕਖਾਨਾ ਪੰਡੋਰੀ ਤਖਤ ਮੱਲ, ਤਹਿਸੀਲ ਅਤੇ ਜ਼ਿਲ੍ਹਾ ਤਰਨਤਾਰਨ-143401। ਹੋਰ ਪਤਾ: ਫਲੈਟ ਨੰਬਰ 3082, ਤੀਜੀ ਮੰਜ਼ਿਲ, ਪ੍ਰੋਜੈਕਟ ਸਿਟੀ ਆਫ਼ ਡਰੀਮਜ਼-2, ਪਿੰਡ ਸੰਤੇਮਾਜਰਾ, ਤਹਿਸੀਲ ਖਰੜ, ਜ਼ਿਲ੍ਹਾ ਐਸ.ਏ.ਐਸ. ਨਗਰ ਮੋਹਾਲੀ। | 30-ਮਈ-2026 / 11-ਮਈ-2026 | ਰੁਪਏ 20,25,392/- (ਰੁਪਏ ਵੀਹ ਲੱਖ ਪੱਚੀ ਹਜ਼ਾਰ ਤਿੰਨ ਸੌ ਬਾਨਵੇ ਸਿਰਫ਼) |

**ਜਾਇਦਾਦਾਂ ਦੇ ਵੇਰਵੇ ਜਾਇਦਾਦ**

ਜਾਇਦਾਦਾਂ ਦੇ ਵੇਰਵੇ ਜਾਇਦਾਦ ਦਾ ਬਰਾਬਰ ਦਾ ਮੋਰਗੇਜ ਜਿਸ ਵਿੱਚ ਜਾਇਦਾਦ ਦਾ ਸਾਰਾ ਹਿੱਸਾ ਅਤੇ ਟੁਕੜਾ ਸ਼ਾਮਲ ਹੈ ਭਾਵ ਫਲੈਟ ਨੰਬਰ 3082, ਤੀਜੀ ਮੰਜ਼ਿਲ ਜਿਸ ਵਿੱਚ ਅਣਵੰਡੀ ਜ਼ਮੀਨ 0 ਕਨਾਲ 2/3 ਮਰਲੇ ਸ਼ਾਮਲ ਹੈ ਜੋ ਖੇਵਟ/ਖਤੌਨੀ ਨੰਬਰ 234/241, ਖਸਰਾ ਨੰਬਰ 36//11/2(0-4), 12/1(4-8), 12/2(3-12), 19(8-0), 22(6-6), 43//2(3-12) ਕਿੱਤੇ 6, ਕੁੱਲ ਰਕਬਾ 26 ਕਨਾਲ 2 ਮਰਲੇ ਵਿੱਚੋਂ 2/1566 ਹਿੱਸਾ ਭਾਵ 0 ਕਨਾਲ 2/3 ਮਰਲੇ ਹੈ, ਜੋ ਸਿਟੀ ਆਫ਼ ਡਰੀਮਜ਼-2, ਰਕਬਾ ਪਿੰਡ ਸੰਤੇਮਾਜਰਾ ਹੱਦਬਸਤ ਨੰਬਰ 186, ਤਹਿਸੀਲ ਖਰੜ ਜ਼ਿਲ੍ਹਾ ਵਿੱਚ ਸਥਿਤ ਹੈ। ਐਸ.ਏ.ਐਸ. ਨਗਰ ਮੋਹਾਲੀ ਇਸਦੇ ਰਜਿਸਟਰਡ ਮਾਲਕ ਸ਼੍ਰੀਮਤੀ ਗੁਰਮੀਤ ਕੌਰ ਪਤਨੀ ਬਲਕਾਰ ਸਿੰਘ ਅਤੇ ਸ਼੍ਰੀ ਬਲਕਾਰ ਸਿੰਘ ਸਪੁੱਤਰ ਸੋਹਣ ਸਿੰਘ ਰਾਹੀਂ ਬਰਾਬਰ ਹਿੱਸੇ ਵਿੱਚ ਦਸਤਾਵੇਜ਼ ਨੰਬਰ 2019-20/15/1/9913 ਮਿਤੀ 14-ਨਵੰਬਰ-2019 ਦੇ ਤਹਿਤ। ਸੇਲ ਡੀਡ ਦੇ ਅਨੁਸਾਰ ਹੱਦਾਂ: ਪੂਰਬ: ਲਾਗੂ ਨਹੀਂ, ਪੱਛਮ: ਲਾਗੂ ਨਹੀਂ, ਉੱਤਰ: ਲਾਗੂ ਨਹੀਂ, ਦੱਖਣ: ਲਾਗੂ ਨਹੀਂ।

ਇਸ ਲਈ, ਸਿੱਧੇ ਸੰਚਾਰ ਦੀ ਬਜਾਏ ਇਹ ਜਨਤਕ ਨੋਟਿਸ ਜਾਰੀ ਕੀਤਾ ਜਾਂਦਾ ਹੈ। ਕਰਜ਼ਦਾਰ(ਆਂ) ਅਤੇ/ਜਾਂ ਉਹਨਾਂ ਦੇ ਗਾਰੰਟਰ(ਆਂ), ਜਿੱਥੇ ਲਾਗੂ ਹੋਵੇ, ਨੂੰ ਇਸ ਨੋਟਿਸ ਦੇ ਪ੍ਰਕਾਸ਼ਤ ਹੋਣ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ ਬਕਾਇਆ ਰਕਮ ਜਮ੍ਹਾਂ ਕਰਵਾਉਣ ਲਈ ਕਿਹਾ ਜਾਂਦਾ ਹੈ। ਅਜਿਹਾ ਕਰਨ ਵਿੱਚ ਅਸਫਲ ਰਹਿਣ ਦੇ ਨਤੀਜੇ ਵਜੋਂ, 60-ਦਿਨਾਂ ਦੀ ਮਿਆਦ ਖਤਮ ਹੋਣ ਤੋਂ ਬਾਅਦ, ਵਿੱਤੀ ਸੰਪਤੀਆਂ ਦੇ ਪ੍ਰਤੀਭੂਤੀਕਰਨ ਅਤੇ ਪੁਨਰਗਠਨ ਅਤੇ ਸੁਰੱਖਿਆ ਹਿੱਤ ਲਾਗੂ ਕਰਨ ਐਕਟ, 2002 ਦੀ ਧਾਰਾ 13 ਦੀ ਉਪ-ਧਾਰਾ (4) ਦੇ ਤਹਿਤ ਦਿੱਤੀ ਗਈ ਇਜਾਜ਼ਤ ਅਨੁਸਾਰ ਅਗਲੇਰੀ ਕਾਰਵਾਈ ਸ਼ੁਰੂ ਕੀਤੀ ਜਾਵੇਗੀ। ਕਰਜ਼ਦਾਰਾਂ ਨੂੰ ਖਾਸ ਤੌਰ 'ਤੇ ਐਕਟ ਦੀ ਧਾਰਾ 13 ਦੀ ਉਪ-ਧਾਰਾ (8) ਦਾ ਹਵਾਲਾ ਦਿੱਤਾ ਜਾਂਦਾ ਹੈ ਜੋ ਉਹਨਾਂ ਦੇ ਅਧਿਕਾਰਾਂ ਨਾਲ ਸਬੰਧਤ ਹੈ ਕਿ ਉਹ ਸੁਰੱਖਿਅਤ ਸੰਪਤੀਆਂ ਨੂੰ ਛੁਡਵਾ ਸਕਣ।

**ਮਿਤੀ: 21.06.2026**
**ਸਥਾਨ: ਪੰਜਾਬ**
**ਹਸਤਾਖਰ/- (ਅਧਿਕਾਰਤ ਅਫ਼ਸਰ), ਐਕਸਿਸ ਬੈਂਕ ਲਿਮਿਟਿਡ**

# ਲੋਕ ਮਿਲਣੀ ਪ੍ਰੋਗਰਾਮ ਤਹਿਤ ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਪਿੰਡਾਂ ਦਾ ਕੀਤਾ ਦੌਰਾ

**ਆਜ਼ਾਦ ਸੋਚ, ਅਸ਼ਵਨੀ ਭਗਤ, ਪਠਾਨਕੋਟ, 20 ਜੂਨ:**

ਪੰਜਾਬ ਦੇ ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਅੱਜ 'ਲੋਕ ਮਿਲਣੀ' ਪ੍ਰੋਗਰਾਮ ਤਹਿਤ ਪੇਂਡੂ ਖੇਤਰਾਂ ਦਾ ਦੌਰਾ ਕੀਤਾ। ਇਸ ਲੋਕ ਮਿਲਣੀ ਪ੍ਰੋਗਰਾਮ ਦੌਰਾਨ ਪਿੰਡ ਵਾਸੀਆਂ ਨੇ ਕੈਬਨਿਟ ਮੰਤਰੀ ਦਾ ਨਿੱਘਾ ਸਵਾਗਤ ਕੀਤਾ। ਮੰਤਰੀ ਕਟਾਰੂਚੱਕ ਨੇ ਅਧਿਕਾਰੀਆਂ ਨੂੰ ਮੌਕੇ 'ਤੇ ਹੀ ਲੋਕਾਂ ਦੀਆਂ ਸਮੱਸਿਆਵਾਂ ਦਾ ਹੱਲ ਕਰਨ ਦੇ ਨਿਰਦੇਸ਼ ਦਿੱਤੇ। ਇਸ ਦੌਰਾਨ ਉਨ੍ਹਾਂ ਨੇ ਪਿੰਡ ਪਹਾੜੋਪੁਰ, ਢੋਲੋਵਾਲ ਅਤੇ ਮਦਾਰਪੁਰ ਵਿੱਚ ਜਨਸਭਾਵਾਂ ਨੂੰ ਸੰਬੋਧਨ ਕੀਤਾ ਅਤੇ ਲੋਕਾਂ ਦੀਆਂ ਮੁਸ਼ਕਿਲਾਂ ਸੁਣੀਆਂ। ਆਪਣੇ ਸੰਬੋਧਨ ਵਿੱਚ ਉਨ੍ਹਾਂ ਨੇ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਸਰਕਾਰ ਦੀਆਂ ਸਾਢੇ 4 ਸਾਲਾਂ ਦੀਆਂ ਬੇਮਿਸਾਲ ਪ੍ਰਾਪਤੀਆਂ ਨੂੰ ਜਨਤਾ ਦੇ ਸਾਹਮਣੇ ਰੱਖਿਆ। ਕੈਬਨਿਟ ਮੰਤਰੀ ਨੇ ਕਿਹਾ ਕਿ ਸਾਡੀ ਸਰਕਾਰ ਨੇ ਪੰਜਾਬ ਦੀ ਜਨਤਾ ਨਾਲ ਜੋ ਵੀ ਵਾਅਦੇ ਕੀਤੇ ਸਨ, ਉਨ੍ਹਾਂ ਨੂੰ ਪੂਰੀ ਇਮਾਨਦਾਰੀ ਨਾਲ ਜ਼ਮੀਨੀ ਪੱਧਰ 'ਤੇ ਲਾਗੂ ਕੀਤਾ ਗਿਆ ਹੈ। ਸਰਕਾਰ ਦੀਆਂ ਮੁੱਖ ਪ੍ਰਾਪਤੀਆਂ ਗਿਣਾਉਂਦੇ



ਹੋਏ ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਮੁਫ਼ਤ ਅਤੇ 24 ਘੰਟੇ ਬਿਜਲੀ ਦਿੱਤੀ ਜਾ ਰਹੀ ਹੈ, ਜਿਸ ਤਹਿਤ ਪੰਜਾਬ ਦੇ 90% ਤੋਂ ਵੱਧ ਘਰਾਂ ਦਾ ਬਿਜਲੀ ਬਿੱਲ ਹੁਣ 'ਜ਼ੀਰੋ' ਆ ਰਿਹਾ ਹੈ, ਜਿਸ ਨਾਲ ਆਮ ਪਰਿਵਾਰਾਂ ਨੂੰ ਵੱਡੀ ਆਰਥਿਕ ਰਾਹਤ ਮਿਲੀ ਹੈ। ਬਿਨਾਂ ਕਿਸੇ ਸਿਫ਼ਾਰਸ਼ ਅਤੇ ਰਿਸ਼ਵਤ ਦੇ, ਸੂਬੇ ਦੇ ਹਜ਼ਾਰਾਂ ਨੌਜਵਾਨਾਂ ਨੂੰ ਯੋਗਤਾ ਦੇ ਆਧਾਰ 'ਤੇ ਸਰਕਾਰੀ ਨੌਕਰੀਆਂ ਦਿੱਤੀਆਂ ਗਈਆਂ ਹਨ। ਪਿੰਡਾਂ ਅਤੇ ਸ਼ਹਿਰਾਂ ਵਿੱਚ ਸੈਂਕੜੇ 'ਆਮ ਆਦਮੀ ਕਲੀਨਿਕ' ਖੋਲ੍ਹੇ ਗਏ ਹਨ, ਜਿੱਥੇ ਲੋਕਾਂ ਨੂੰ ਮੁਫ਼ਤ ਦਵਾਈਆਂ ਅਤੇ ਟੈਸਟਾਂ ਦੀ ਸਹੂਲਤ ਮਿਲ ਰਹੀ ਹੈ। ਸਿੱਖਿਆ ਵਿੱਚ ਸੁਧਾਰ ਲਿਆਉਣ ਲਈ ਸਰਕਾਰੀ ਸਕੂਲਾਂ ਦੀ ਨੁਹਾਰ ਬਦਲ ਕੇ ਉਨ੍ਹਾਂ ਨੂੰ ਵਰਲਡ ਕਲਾਸ ਬਣਾਇਆ ਜਾ ਰਿਹਾ ਹੈ ਤਾਂ ਜੋ ਗਰੀਬ ਬੱਚਿਆਂ ਨੂੰ ਵੀ ਵਧੀਆ ਸਿੱਖਿਆ ਮਿਲ ਸਕੇ। ਭ੍ਰਿਸ਼ਟਾਚਾਰ 'ਤੇ ਨੱਥ ਪਾਉਣ ਲਈ ਪਾਰਦਰਸ਼ੀ ਸ਼ਾਸਨ ਪ੍ਰਣਾਲੀ ਲਾਗੂ ਕਰਕੇ ਭ੍ਰਿਸ਼ਟਾਚਾਰ ਨੂੰ ਜੜ੍ਹੋਂ ਖ਼ਤਮ ਕਰਨ ਦਾ ਯਤਨ ਕੀਤਾ ਗਿਆ ਹੈ। ਕੈਬਨਿਟ ਮੰਤਰੀ ਨੇ ਕਿਹਾ ਕਿ ਸਾਡੀ ਸਰਕਾਰ ਡਰਾਇੰਗ ਰੂਮਾਂ ਤੋਂ ਨਹੀਂ ਬਲਕਿ ਪਿੰਡਾਂ ਦੀਆਂ ਗਲੀਆਂ ਵਿੱਚੋਂ ਚੱਲ ਰਹੀ ਹੈ। ਜਨਤਾ ਦੀ ਹਰ ਸਮੱਸਿਆ ਦਾ ਹੱਲ ਕਰਨਾ ਸਾਡੀ ਪਹਿਲੀ ਤਰਜੀਹ ਹੈ। ਇਸ ਮੌਕੇ ਬੀਸੀ ਵਿੰਗ ਮਾਝਾ ਜ਼ੋਨ ਦੇ ਇੰਚਾਰਜ ਨਰੇਸ਼ ਸੈਨੀ, ਜ਼ਿਲ੍ਹਾ ਪ੍ਰੀਸ਼ਦ ਪਠਾਨਕੋਟ ਦੀ ਚੇਅਰਪਰਸਨ ਗੁਰਪ੍ਰੀਤ ਕੌਰ, ਰਾਜ ਕੁਮਾਰੀ (ਸਰਪੰਚ ਪਹਾੜੋਚੱਕ), ਬੈਨੀ (ਸਰਪੰਚ ਢੋਲੋਵਾਲ), ਰਾਜੇਸ਼ (ਸਰਪੰਚ ਮਦਾਰਪੁਰ), ਅਸ਼ਵਨੀ ਪਹਾੜੋਚੱਕ, ਪੰਕਜ, ਨਰਿੰਦਰ ਪਹਾੜੋਚੱਕ ਅਤੇ ਸਾਬਕਾ ਸਰਪੰਚ ਸੁਭਾਸ਼ ਢੋਲੋਵਾਲ ਸਮੇਤ ਵੱਡੀ ਗਿਣਤੀ ਵਿੱਚ ਸਥਾਨਕ ਨਿਵਾਸੀ ਮੌਜੂਦ ਸਨ।

# ਗੁਰਮਤਿ ਅਤੇ ਦਸਤਾਰ ਸਿਖਲਾਈ ਕੈਂਪ ਵਿੱਚ ਲਿਆ 55 ਬੱਚਿਆਂ ਨੇ ਭਾਗ



**ਅਜਾਦ ਸੋਚ, ਸ਼ੰਭੂ ਗੋਇਲ, ਲਹਿਰਾਗਾਗਾ, 20 ਜੂਨ:**

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਵੱਲੋਂ ਪਿੰਡ ਘੋੜੇਨਬ ਦੇ ਗੁਰਦੁਆਰਾ ਸਾਹਿਬ ਵਿਖੇ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ 10 ਰੋਜ਼ਾ ਗੁਰਮਤਿ ਅਤੇ ਦਸਤਾਰ ਸਿਖਲਾਈ ਕੈਂਪ ਲਾਇਆ ਗਿਆ, ਜਿਸ ਵਿੱਚ 55 ਦੇ ਕਰੀਬ ਬੱਚਿਆਂ ਨੇ ਭਾਗ ਲਿਆ। ਗੁਰਮਤਿ ਦੀ ਸਿਖਲਾਈ ਸ਼੍ਰੋਮਣੀ ਕਮੇਟੀ ਦੇ ਪ੍ਰਚਾਰਕ ਭਾਈ ਗੁਰਸੇਵ ਸਿੰਘ ਘਰਾਚੋਂ ਨੇ ਅਤੇ ਦਸਤਾਰ ਦੀ ਸਿਖਲਾਈ ਭਾਈ ਬਲਵਿੰਦਰ ਸਿੰਘ ਗਾਗਾ ਨੇ ਦਿੱਤੀ। ਕੈਂਪ ਵਿੱਚ ਸ਼ਾਮਿਲ ਬੱਚਿਆਂ ਦੇ ਅਖੀਰਲੇ ਦਿਨ ਆਪਸੀ ਮੁਕਾਬਲੇ ਕਰਵਾਏ ਗਏ। ਜਿਸ ਵਿੱਚ ਦਸਤਾਰ ਮੁਕਾਬਲੇ ਵਿੱਚ ਪਹਿਲੀ ਪੁਜੀਸ਼ਨ ਹਰਵਿੰਦਰ ਸਿੰਘ, ਦੂਜੀ ਜਸਵਿੰਦਰ ਸਿੰਘ ਅਤੇ ਤੀਜੀ ਹਰਿੰਦਰ ਸਿੰਘ ਨੇ ਪ੍ਰਾਪਤ ਕੀਤੀ ਅਤੇ ਵਿਸ਼ੇਸ਼ ਪੁਜੀਸ਼ਨ ਲਈ ਮਨਮੀਤ ਸਿੰਘ ਚੁਣੇ ਗਏ। ਜਿਨਾਂ ਨੂੰ ਸ਼੍ਰੋਮਣੀ ਕਮੇਟੀ ਦੇ ਧਰਮ ਪ੍ਰਚਾਰ ਮੈਂਬਰ ਜਥੇਦਾਰ ਰਾਮਪਾਲ ਸਿੰਘ ਬਹਿਣੀਵਾਲ ਨੇ ਦਸਤਾਰਾਂ, ਮੈਡਲ, ਸਰਟੀਫਿਕੇਟ ਅਤੇ ਧਾਰਮਿਕ ਪੁਸਤਕਾਂ ਦੇ ਕੇ ਸਨਮਾਨਿਤ ਕੀਤਾ, ਇਸ ਤੋਂ ਇਲਾਵਾ ਕੈਂਪ ਵਿੱਚ ਸ਼ਾਮਿਲ ਬੱਚਿਆਂ ਦਾ ਵੀ ਮੈਡੀਕਲ ਸਰਟੀਫਿਕੇਟ ਅਤੇ ਪੁਸਤਕਾਂ ਨਾਲ ਸਨਮਾਨ ਕੀਤਾ। ਇਸ ਮੌਕੇ ਬੋਲਦਿਆਂ ਜਥੇਦਾਰ ਰਾਮਪਾਲ ਸਿੰਘ ਬਹਿਣੀਵਾਲ ਨੇ ਕਿਹਾ ,ਕਿ ਦਸਤਾਰ ਸਿੱਖੀ ਦੀ ਸ਼ਾਨ ਹੈ, ਇਹ ਸਿੱਖ ਦੀ ਲੱਖਾਂ ਵਿੱਚ ਖੜੇ ਦੀ ਨਵੇਕਲੀ ਪਹਿਚਾਣ ਕਰਵਾਉਂਦੀ ਹੈ ਕਿਉਂਕਿ ਦਸਤਾਰ ਸਿੱਖੀ ਦਾ ਅਨਿੱਖੜਵਾਂ ਅੰਗ ਹੈ। ਉਨ੍ਹਾਂ ਕਿਹਾ, ਕਿ ਚੰਗਾ ਜੀਵਨ ਜਿਉਣ ਲਈ ਸਾਨੂੰ ਗੁਰੂ ਗ੍ਰੰਥ ਸਾਹਿਬ ਜੀ ਦੇ ਲੜ ਲੱਗ ਕੇ ਗੁਰੂ ਦਾ ਗਿਆਨ ਪ੍ਰਾਪਤ ਕਰਨਾ ਅਤੇ ਜਰੂਰੀ ਹੈ। ਇਸ ਮੌਕੇ ਲਖਵਿੰਦਰ ਸਿੰਘ ਲੱਖਾ ਸਰਪੰਚ, ਨਾਜਰ ਸਿੰਘ ਪ੍ਰਧਾਨ, ਹਰਬੰਸ ਸਿੰਘ, ਛੱਜੂ ਸਿੰਘ ਧਾਲੀਵਾਲ, ਅਰਸ਼ਦੀਪ ਸਿੰਘ ਮੁੱਖ ਗ੍ਰੰਥੀ, ਗੁਰਵਿੰਦਰ ਸਿੰਘ ਯੂਥ ਆਗੂ ਅਤੇ ਵੱਡੀ ਗਿਣਤੀ ਵਿੱਚ ਸੰਗਤ ਹਾਜ਼ਰ ਸੀ।ਇਸ ਮੌਕੇ ਸੰਗਤਾਂ ਨੂੰ ਧਾਰਮਿਕ ਲਿਟਰੇਚਰ ਵੀ ਮੁਫਤ ਸ਼੍ਰੋਮਣੀ ਗੁਰਦੁਆਰਾ ਕਮੇਟੀ ਵੱਲੋਂ ਵੰਡਿਆ ਗਿਆ। ਲੋਕਲ ਕਮੇਟੀ ਦੇ ਪ੍ਰਧਾਨ ਨਾਜਰ ਸਿੰਘ ਅਤੇ ਪਿੰਡ ਦੇ ਸਰਪੰਚ ਲਖਵਿੰਦਰ ਸਿੰਘ ਲੱਖਾਂ ਨੇ ਬਹਿਣੀਵਾਲ ਅਤੇ ਸਮੁੱਚੀ ਸ਼੍ਰੋਮਣੀ ਕਮੇਟੀ ਦੀ ਟੀਮ ਦਾ ਸਿਰੋਪਾਓ ਪਾ ਕੇ ਸਨਮਾਨ ਕੀਤਾ ਅਤੇ ਦਸਤਾਰ ਕੈਂਪ ਲਾਉਣ ਲਈ ਧੰਨਵਾਦ ਵੀ ਕੀਤਾ ਗਿਆ। ਇਸ ਸਮੇਂ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ।

# ਕੈਬਨਿਟ ਮੰਤਰੀ ਬਰਿੰਦਰ ਗੋਇਲ ਨੇ ਲੋਕ ਮਿਲਣੀ ਪ੍ਰੋਗਰਾਮ ਦੌਰਾਨ ਵੰਡੀਆਂ ਰਾਸ਼ਨ ਕਿਟਾਂ

## ਆਮ ਆਦਮੀ ਪਾਰਟੀ" ਦੀ ਚੜ੍ਹਤ ਤੋਂ ਬੁਖਲਾਏ ਵਿਰੋਧੀ : ਬਰਿੰਦਰ ਗੋਇਲ



**ਆਜ਼ਾਦ ਸੋਚ, ਸਤਨਾਮ ਸਿੰਘ ਛਾਬੜਾ, ਖਨੌਰੀ, 20 ਜੂਨ:**

ਸੂਬੇ ਦੀ "ਆਪ" ਸਰਕਾਰ ਵੱਲੋਂ ਪਾਰਟੀ ਦੀਆਂ ਨੀਤੀਆਂ ਨੂੰ ਘਰ ਘਰ ਪਹੁੰਚਾਉਣ ਅਤੇ ਲੋਕਾਂ ਦੀਆਂ ਮੁਸ਼ਕਿਲਾਂ ਤੇ ਸਮੱਸਿਆਵਾਂ ਜਾਨਣ ਲਈ ਚਲਾਈ "ਲੋਕ ਮਿਲਣੀ"ਮੁਹਿੰਮ ਦੇ ਤਹਿਤ ਅੱਜ ਕੈਬਨਿਟ ਮੰਤਰੀ ਐਡਵੋਕੇਟ ਬਰਿੰਦਰ ਗੋਇਲ ਨੇ ਆਪਣੇ ਬੇਟੇ ਯੂਥ ਆਗੂ ਐਡਵੋਕੇਟ ਗੌਰਵ ਗੋਇਲ ਦੇ ਨਾਲ ਹਲਕੇ ਦੇ ਵੱਖ ਵੱਖ ਪਿੰਡਾਂ ਹੋਤੀਪੁਰ, ਨਵਾਂਗਾਓ, ਅਨਦਾਨਾ, ਬੌਪੁਰ, ਚੱਠਾ ਗੋਬਿੰਦਪੁਰਾ, ਖਨੌਰੀ ਖੁਰਦ,ਬਨਾਰਸੀ ਅਤੇ ਖਨੌਰੀ ਮੰਡੀ ਵਿਖੇ ਲੋਕਾਂ ਨਾਲ ਸੰਵਾਦ ਕਰਦਿਆਂ ਜਿੱਥੇ ਆਪ ਸਰਕਾਰ ਦੀਆਂ ਪ੍ਰਾਪਤੀਆਂ ਤੇ ਲੋਕ ਪੱਖੀ ਨੀਤੀਆਂ ਨੂੰ ਦੱਸਿਆ ਉੱਥੇ ਹੀ ਲੋਕਾਂ ਦੀਆਂ ਮੁਸ਼ਕਿਲਾਂ ਤੇ ਸਮੱਸਿਆਵਾਂ ਨੂੰ ਸੁਣਦਿਆਂ ਯੋਗ ਪਰਿਵਾਰਾਂ ਨੂੰ ਰਾਸ਼ਨ ਕਿੱਟਾਂ ਵੰਡੀਆਂ, ਇਸ ਮੌਕੇ ਉਨਾਂ ਆਪਣੇ ਸੰਬੋਧਨ ਵਿੱਚ ਕਿਹਾ ਕਿ ਜਿੱਥੇ ਸੂਬੇ ਅੰਦਰ ਅਕਾਲੀ, ਭਾਜਪਾ, ਕਾਂਗਰਸ ਅਤੇ ਹੋਰ ਵਿਰੋਧੀ ਪਾਰਟੀਆਂ ਆਪਣੀ ਸਿਆਸੀ ਹੋਂਦ ਬਚਾਉਣ ਦੀ ਲੜਾਈ ਲੜ ਰਹੀਆਂ ਹਨ, ਉਥੇ ਹੀ ਆਮ ਆਦਮੀ ਪਾਰਟੀ ਆਪਣੇ ਵਿਕਾਸ ਏਜੰਡੇ ਨੂੰ ਲੋਕਾਂ ਵਿੱਚ ਲੈ ਕੇ ਜਾ ਰਹੀ ਹੈ, ਆਮ ਆਦਮੀ ਪਾਰਟੀ ਵੱਲੋਂ ਜਿੱਥੇ ਹਰ ਫਰੰਟ ਤੇ ਪੰਜਾਬ ਦੇ ਵਿਕਾਸ ਖੁਸ਼ਹਾਲੀ ਅਤੇ ਅਮਨ ਸ਼ਾਂਤੀ ਦੇ ਏਜੰਡੇ ਤੇ ਗੱਲਬਾਤ ਕੀਤੀ ਜਾਂਦੀ ਹੈ, ਉੱਥੇ ਹੀ ਵਿਰੋਧੀ ਪਾਰਟੀਆਂ "ਆਮ ਆਦਮੀ ਪਾਰਟੀ" ਦੀ ਆਲੋਚਨਾ ਕਰਨ ਤੋਂ ਬਿਨਾਂ ਕੁਝ ਨਹੀਂ ਕਰਦੀਆਂ, ਕਿਉਂਕਿ ਲੋਕਾਂ ਨੇ ਇੰਨਾ ਪਾਰਟੀਆਂ ਨੂੰ ਨਕਾਰ ਦਿੱਤਾ, ਵਿਰੋਧੀ ਪਾਰਟੀਆਂ ਲੋਕਾਂ ਨੂੰ ਧਰਮ ਦੇ ਨਾਂ ਤੇ ਲੜਾ ਕੇ ਸੱਤਾ ਵਿੱਚ ਆਉਣ ਦੇ ਸਪਨੇ ਸੰਜੋਅ ਰਹੀਆਂ ਹਨ ,ਪਰ ਇਨਾਂ ਪਾਰਟੀਆਂ ਦੀ ਸਪਨੇ "ਮੁੰਗੇਰੀ ਲਾਲ ਦੇ ਹਸੀਨ ਸਪਨਿਆਂ"ਦੀ ਤਰ੍ਹਾਂ ਚਕਨਾ ਚੂਰ ਹੋ ਜਾਣਗੇ, ਮੰਤਰੀ ਗੋਇਲ ਨੇ ਆਮ ਆਦਮੀ ਪਾਰਟੀ ਨੂੰ ਪੰਜਾਬ, ਕਿਸਾਨ, ਵਪਾਰੀ ਅਤੇ ਮੁਲਾਜ਼ਮ ਹਿਤੈਸ਼ੀ ਦੱਸਦਿਆਂ ਕਿਹਾ ਕਿ ਜੋ ਕੰਮ ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਦੀ ਅਗਵਾਈ ਚ "ਆਮ ਆਦਮੀ ਪਾਰਟੀ" ਦੀ ਸਰਕਾਰ ਨੇ ਕੀਤੇ ਹਨ ਪਿਛਲੀਆਂ ਸਰਕਾਰਾਂ 50 ਸਾਲਾਂ ਵਿੱਚ ਨਹੀਂ ਕਰ ਸਕੀਆਂ, ਉਨ੍ਹਾਂ ਸਰਕਾਰ ਦੀਆਂ ਪ੍ਰਾਪਤੀਆਂ ਦਾ ਜ਼ਿਕਰ ਕਰਦਿਆਂ ਕਿਹਾ ਕਿ ਸੂਬੇ ਦੇ ਹਰ ਖੇਤ ਤੱਕ ਨਹਿਰੀ ਪਾਣੀ ਪਹੁੰਚਾਉਣਾ ,65ਹਜਾਰ ਤੋਂ ਵੱਧ ਬੇਰੁਜ਼ਗਾਰਾਂ ਨੂੰ ਸਰਕਾਰੀ ਨੌਕਰੀਆਂ ਦੇਣਾ, ਸਿਹਤ ਅਤੇ ਸਿੱਖਿਆ ਦੇ ਖੇਤਰ ਵਿੱਚ ਕ੍ਰਾਂਤੀਕਾਰੀ ਬਦਲਾਅ ,ਪਿੰਡ ਪਿੰਡ ਸਟੇਡੀਅਮ ਅਤੇ ਲਾਈਬ੍ਰੇਰੀ ਬਣਾਉਣਾ, ਬਿਨਾਂ ਕਿਸੇ ਜਾਤ ਪਾਤ ਅਤੇ ਧਰਮ ਤੋਂ ਹਰ ਪਰਿਵਾਰ ਨੂੰ 600 ਯੂਨਿਟ ਬਿਜਲੀ ਮਾਫ ਕਰਨਾ, ਫਸਲਾਂ ਦੀ ਬਿਜਾਈ ਲਈ ਨਿਰਵਿਗਨ 24 ਘੰਟੇ ਬਿਜਲੀ ਸਪਲਾਈ ਦੇਣਾ ਤੋਂ ਇਲਾਵਾ ਸੂਬੇ ਦੇ ਹਰ ਪਿੰਡ ਅੰਦਰ ਵਿਕਾਸ ਦੇ ਕੰਮ ਜੋਰ ਸ਼ੋਰ ਨਾਲ ਕਰਵਾਉਂਣਾ ਪੰਜਾਬ ਸਰਕਾਰ ਦੇ ਇਤਿਹਾਸਿਕ ਕੰਮ ਹਨ, ਪਰ ਵਿਰੋਧੀ ਪਾਰਟੀਆਂ ਨੂੰ ਪੰਜਾਬ ਦਾ ਵਿਕਾਸ, ਖੁਸ਼ਹਾਲੀ ਅਤੇ ਅਮਨ ਸ਼ਾਂਤੀ ਹਜ਼ਮ ਨਹੀਂ ਹੋ ਰਹੀ। ਇਸ ਮੌਕੇ ਮੰਤਰੀ ਗੋਇਲ ਨੇ ਕਿਹਾ ਕਿ ਸਮੁੱਚਾ ਹਲਕਾ ਉਨ੍ਹਾਂ ਦਾ ਆਪਣਾ ਪਰਿਵਾਰ ਹੈ ਅਤੇ ਹਲਕੇ ਦੇ ਲੋਕਾਂ ਲਈ ਉਨ੍ਹਾਂ ਦੇ ਦਰਵਾਜੇ 24 ਘੰਟੇ ਖੁੱਲੇ ਹਨ।

# ਹਰਿਆਣਾ ਵਿੱਚ ਲਾਂਚ ਹੋਵੇਗਾ ਏ.ਆਈ. ਸੈਂਡਬਾਕਸ : ਸੈਨੀ

**ਆਜ਼ਾਦ ਸੋਚ, ਚੰਡੀਗੜ੍ਹ, 20 ਜੂਨ:**

ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਨੀ ਨੇ ਕਿਹਾ ਕਿ ਸੂਬੇ ਵਿੱਚ 'ਹਰਿਆਣਾ ਕਲੀਨ ਏਅਰ ਪ੍ਰੋਜੈਕਟ ਫੌਰ ਸਸਟੇਨੇਬਲ ਡਿਵੈਲਪਮੈਂਟ' ਅਤੇ 'ਹਰਿਆਣਾ ਏ.ਆਈ. ਡਿਵੈਲਪਮੈਂਟ ਪ੍ਰੋਜੈਕਟ' ਤਿਆਰ ਕੀਤੇ ਗਏ ਹਨ। ਇਨ੍ਹਾਂ ਰਾਹੀਂ ਲੋਕਾਂ ਨੂੰ ਬਿਹਤਰ ਸਹੂਲਤਾਂ ਮੁਹੱਈਆ ਕਰਵਾਈਆਂ ਜਾਣਗੀਆਂ।ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਨੀ ਸ਼ਨੀਵਾਰ ਨੂੰ ਸੂਬੇ ਵਿੱਚ ਸ਼ੁਰੂ ਕੀਤੇ ਗਏ ਕਲੀਨ ਏਅਰ ਅਤੇ ਏ.ਆਈ. ਪ੍ਰੋਜੈਕਟਾਂ ਦੀ ਵਿਸਥਾਰ ਨਾਲ ਸਮੀਖਿਆ ਕਰ ਰਹੇ ਸਨ। ਮੀਟਿੰਗ ਵਿੱਚ ਮੁੱਖ ਮੰਤਰੀ ਦੇ ਮੁੱਖ ਪ੍ਰਧਾਨ ਸਕੱਤਰ ਰਾਜੇਸ਼ ਖੁੱਲਰ, ਪ੍ਰਧਾਨ ਸਕੱਤਰ ਅਰੁਣ ਗੁਪਤਾ, ਕਮਿਸ਼ਨਰ ਅਤੇ ਸਕੱਤਰ ਕ੍ਰਿਡ ਜੇ. ਗਣੇਸ਼ਨ, ਸੰਯੁਕਤ ਸਕੱਤਰ ਦੀਪਕ ਕੁਮਾਰ, ਕ੍ਰਿਡ ਦੇ ਸੀ.ਪੀ.ਓ. ਨਿਤਿਨ ਬੰਸਲ, ਨਿਨਾਦ ਰਾਜਪੂਤ, ਪੁਲੀਨ ਸਿੰਘ, ਸਾਂਗਰ ਜੈਨ ਸਮੇਤ ਕਈ ਸੀਨੀਅਰ ਅਧਿਕਾਰੀ ਮੌਜੂਦ ਸਨ। ਮੁੱਖ ਮੰਤਰੀ ਨੇ ਕਿਹਾ ਕਿ 'ਹਰਿਆਣਾ ਕਲੀਨ ਏਅਰ ਪ੍ਰੋਜੈਕਟ' ਤਹਿਤ 3,647 ਕਰੋੜ ਰੁਪਏ ਖਰਚ ਕੀਤੇ ਜਾਣਗੇ। ਇਸ ਵਿੱਚ ਹਰਿਆਣਾ ਪ੍ਰਦੂਸ਼ਣ ਕੰਟਰੋਲ ਬੋਰਡ, ਗੁਰੂਗ੍ਰਾਮ ਮੈਟਰੋਪੋਲੀਟਨ ਸਿਟੀ ਬੱਸ ਸੇਵਾ, ਹਰਿਆਣਾ ਸਿਟੀ ਬੱਸ ਸੇਵਾ, ਵਿਕਾਸ ਅਤੇ ਪੰਚਾਇਤ ਵਿਭਾਗ, ਖੇਤੀਬਾੜੀ ਅਤੇ ਕਿਸਾਨ ਭਲਾਈ, ਟਰਾਂਸਪੋਰਟ, ਉਦਯੋਗਿਕ ਅਤੇ ਵਣਜ ਅਤੇ ਸ਼ਹਿਰੀ ਸਥਾਨਕ ਨਿਕਾਏ ਵਿਭਾਗ ਸਮੇਤ 9 ਵਿਭਾਗ ਮਿਲ ਕੇ ਕੰਮ ਕਰਨਗੇ। ਮੁੱਖ ਮੰਤਰੀ ਨੇ ਕਿਹਾ ਕਿ 'ਅਰਜੁਨ ਐਸ.ਪੀ.ਵੀ.' ਗਠਿਤ ਕਰਕੇ ਪ੍ਰੋਜੈਕਟ ਦੀ ਹਰ ਤੀਜੇ ਮਹੀਨੇ ਮੀਟਿੰਗ ਆਯੋਜਿਤ ਕਰਕੇ ਸਮੀਖਿਆ ਕੀਤੀ ਜਾਵੇਗੀ ਤਾਂ ਜੋ ਇਨ੍ਹਾਂ ਨੂੰ ਜਲਦ ਤੋਂ ਜਲਦ ਪੂਰਾ ਕਰਕੇ ਜਨਤਾ ਨੂੰ ਲਾਭ ਦਿੱਤਾ ਜਾ ਸਕੇ। ਉਨ੍ਹਾਂ ਕਿਹਾ ਕਿ 'ਹਰਿਆਣਾ ਏ.ਆਈ. ਡਿਵੈਲਪਮੈਂਟ ਪ੍ਰੋਗਰਾਮ' ਤਹਿਤ ਪੰਚਕੂਲਾ ਵਿੱਚ ਸਟੇਟ ਏ.ਆਈ. ਡਾਟਾ ਸੈਂਟਰ ਅਤੇ ਗੁਰੂਗ੍ਰਾਮ ਵਿੱਚ ਜੀ.ਏ.ਆਈ.ਸੀ. ਬਣਾਇਆ ਜਾ ਰਿਹਾ ਹੈ। ਇਨ੍ਹਾਂ 'ਤੇ 474 ਕਰੋੜ ਰੁਪਏ ਦੀ ਲਾਗਤ ਆਵੇਗੀ। ਸੂਬੇ ਦਾ ਆਪਣਾ ਏ.ਆਈ. ਦਾ ਸਟੇਟ ਡਾਟਾ ਸੈਂਟਰ ਹੋਵੇਗਾ ਜਿਸ ਵਿੱਚ ਪੂਰਨ ਰੂਪ ਵਿੱਚ ਪਾਰਦਰਸ਼ੀ ਅਤੇ ਸਹੀ ਡਾਟਾ ਇਕੱਠਾ ਹੋਵੇਗਾ ਅਤੇ ਉਸ 'ਤੇ ਪੀ.ਪੀ.ਪੀ. ਨਾਲ ਮਿਲਾਨ ਕੀਤਾ ਜਾ ਸਕੇਗਾ। ਇਸ ਤੋਂ ਇਲਾਵਾ 40 ਕਰੋੜ ਰੁਪਏ ਦੀ ਲਾਗਤ ਨਾਲ ਉਦਯੋਗਾਂ ਲਈ ਸਕਿੱਲ ਕੋਰਸ ਅਤੇ ਕੋਲਾਬੋਰੇਸ਼ਨ ਵਰਕਸ਼ਾਪ ਲਈ ਦੋ ਸੈਂਟਰ ਆਫ ਐਕਸੀਲੈਂਸ ਬਣਾਏ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਹਰਿਆਣਾ ਵਿੱਚ 'ਏ.ਆਈ. ਸੈਂਡਬਾਕਸ' ਲਾਂਚ ਕੀਤਾ ਜਾਵੇਗਾ। ਹਰਿਆਣਾ ਡਾਟਾ ਐਕਸਚੇਂਜ ਅਤੇ ਹਰਿਆਣਾ ਸਟੇਟ ਡਾਟਾ ਲੇਕ ਪਲੇਟਫਾਰਮ ਬਿਹਤਰ ਸੇਵਾਵਾਂ ਲਈ ਤਿਆਰ ਹੋ ਸਕੇਗਾ। ਮੁੱਖ ਮੰਤਰੀ ਨੇ ਕਿਹਾ ਕਿ 'ਏਅਰ ਕੁਆਲਿਟੀ ਕੰਟਰੋਲ ਪ੍ਰੋਜੈਕਟ' ਰਾਹੀਂ ਗੁਰੂਗ੍ਰਾਮ, ਫਰੀਦਾਬਾਦ, ਸੋਨੀਪਤ ਅਤੇ ਝੱਜਰ ਵਿੱਚ 90 ਕਰੋੜ ਰੁਪਏ ਦੀ ਲਾਗਤ ਨਾਲ 500 ਇਲੈਕਟ੍ਰਿਕ ਬੱਸਾਂ ਚਲਾਈਆਂ ਜਾਣਗੀਆਂ। ਇਨ੍ਹਾਂ ਲਈ 200 ਚਾਰਜਿੰਗ ਸਟੇਸ਼ਨ ਸਥਾਪਿਤ ਕੀਤੇ ਜਾਣਗੇ। ਚਾਰਜਿੰਗ ਸਟੇਸ਼ਨ ਲਈ ਪ੍ਰੋਤਸਾਹਨ ਵੀ ਦਿੱਤਾ ਜਾਵੇਗਾ। ਨਵੇਂ ਇਲੈਕਟ੍ਰਿਕ ਥ੍ਰੀ-ਵਹੀਲਰ ਅਤੇ ਪੁਰਾਣੇ ਥ੍ਰੀ-ਵਹੀਲਰਾਂ ਨੂੰ ਬਦਲਣ ਲਈ ਪ੍ਰੋਤਸਾਹਨ, ਉਦਯੋਗਾਂ ਲਈ ਕਲੀਨਰ ਡੀ.ਜੀ. ਸੈੱਟ ਦੀ ਵਰਤੋਂ ਨੂੰ ਪ੍ਰਮੋਟ ਕਰਨ ਅਤੇ ਉਦਯੋਗਾਂ ਵਿੱਚ ਸੀ.ਈ.ਐਮ.ਐਸ. ਡਿਵਾਈਸ ਦੇ ਇੰਸਟਾਲੇਸ਼ਨ 'ਤੇ ਪ੍ਰੋਤਸਾਹਨ ਦੇਣ ਅਤੇ ਸ਼ਹਿਰੀ ਸਥਾਨਕ ਨਿਕਾਯਾਂ ਵਿੱਚ ਡਸਟ ਅਤੇ ਵੇਸਟ ਮੈਨੇਜਮੈਂਟ ਦੀ ਸਮਰੱਥਾ ਨੂੰ ਵਧਾਉਣ ਲਈ ਕੰਮ ਕੀਤਾ ਜਾਵੇਗਾ। ਇਸ ਤੋਂ ਇਲਾਵਾ ਪਰਾਲੀ ਸਾੜਨ ਦੀਆਂ ਘਟਨਾਵਾਂ ਵਿੱਚ ਕਮੀ ਲਿਆਉਣ, ਏਅਰ ਕੁਆਲਿਟੀ ਲਈ ਬਾਇਓ-ਡੀਕੰਪੋਜ਼ਰ ਦੀ ਵਰਤੋਂ 'ਤੇ ਰਿਸਰਚ, ਲੈਬ ਇਨਫ੍ਰਾਸਟ੍ਰਕਚਰ ਨੂੰ ਮਜ਼ਬੂਤ ਬਣਾਉਣ ਅਤੇ ਸੀ.ਏ.ਕਿਊ. ਐਮ. ਸਟੇਸ਼ਨ ਵਿਕਸਿਤ ਕਰਨ ਦੇ ਕੰਮ ਕੀਤੇ ਜਾਣਗੇ।

# ਪਿੰਡ ਨੱਥਲਵਾਲਾ ਵਿਖੇ ਨਸ਼ਾ ਵਿਰੋਧੀ ਜਾਗਰੂਕਤਾ ਕੈਂਪ ਦਾ ਆਯੋਜਨ ਕੀਤਾ ਗਿਆ




**ਆਜ਼ਾਦ ਸੋਚ, ਗੁਲਜ਼ਾਰ ਮਦੀਨਾ, ਸਾਦਿਕ, 20 ਜੂਨ:**

ਸਿਵਲ ਸਰਜਨ, ਫਰੀਦਕੋਟ ਡਾ. ਰਮਨਦੀਪ ਸਿੰਗਲਾ, ਨੋਡਲ ਅਫ਼ਸਰ ਡੀ.ਐਮ.ਸੀ. ਫਰੀਦਕੋਟ ਡਾ. ਵਿਸ਼ਵਦੀਪ ਗੋਇਲ ਅਤੇ ਐਸ. ਐਮ. ਓ. ਪੀ. ਐਚ. ਸੀ. ਜੰਡ ਸਾਹਿਬ ਡਾ.ਅਰਸ਼ਦੀਪ ਸਿੰਘ ਬਰਾੜ ਦੀਆਂ ਹਦਾਇਤਾਂ 'ਤੇ ਪਿੰਡਾਂ, ਸਿਹਤ ਸੰਸਥਾਵਾਂ ਅਤੇ ਵਿਦਿਅਕ ਅਦਾਰਿਆਂ ਵਿਚ ਸਮੇਂ-ਸਮੇਂ ਨਸ਼ਾ ਵਿਰੋਧੀ ਵੱਖ-ਵੱਖ ਨਸ਼ਾ ਵਿਰੋਧੀ ਜਾਗਰੂਕਤਾ ਸਰਗਰਮੀਆਂ ਦਾ ਆਯੋਜਨ ਕੀਤਾ ਜਾ ਰਿਹਾ ਹੈ। ਇਸੇ ਲੜੀ ਤਹਿਤ ਪਿੰਡ ਨੱਥਲਵਾਲਾ ਵਿਖੇ ਨਸ਼ਾ ਵਿਰੋਧੀ ਜਾਗਰੂਕਤਾ ਕੈਂਪ ਦਾ ਆਯੋਜਨ ਕੀਤਾ ਗਿਆ ਓਟ ਸੈਂਟਰ ਕਾਊਂਸਲਰ ਰਿਚਾ ਧਵਨ ਨੇ ਲੋਕਾਂ ਨੂੰ ਸਿਹਤ ਵਿਭਾਗ ਦੇ ਡਰੱਗ-ਡੀ-ਅਡਿਕਸ਼ਨ ਪ੍ਰੋਗਰਾਮ ਸਬੰਧੀ ਜਾਗਰੂਕ ਕਰਦਿਆਂ ਨਸ਼ਾ ਛੁਡਾਊ ਕੇਂਦਰ, ਪੁਨਰਵਾਸ ਕੇਂਦਰ ਅਤੇ ਓਟ ਕਲੀਨਿਕ ਅਧੀਨ ਮੁਹੱਈਆ ਮੁਫਤ ਸਿਹਤ ਸੇਵਾਵਾਂ ਅਤੇ ਸਹੂਲਤਾਂ ਬਾਰੇ ਦੱਸਿਆ ਤਾਂ ਜੋ ਆਮ-ਖਾਸ ਦੇ ਪਿੰਡ ਦੇ ਲੋਕਾਂ ਤੱਕ ਨਸ਼ਾ ਵਿਰੋਧੀ ਸੁਨੇਹਾ ਪਹੁੰਚਾਇਆ ਜਾ ਸਕੇ।ਉਨ੍ਹਾਂ ਕਿਹਾ ਕਿ ਨਸ਼ਾ ਮੁਕਤ ਸਮਾਜ ਲਈ ਸਮਾਜ ਦੇ ਹਰ ਵਰਗ ਦੇ ਸਹਿਯੋਗ ਦੀ ਲੋੜ ਹੈ। ਉਨ੍ਹਾਂ ਨੇ ਦੱਸਿਆ ਕਿ ਨਸ਼ਾ ਛੱਡਣ ਦੇ ਇੱਛੁਕ ਮਰੀਜ਼ ਸਿਹਤ ਵਿਭਾਗ ਦੇ ਨਸ਼ਾ ਛੁਡਾਊ ਕੇਂਦਰਾਂ / ਓਟ ਸੈਂਟਰਾਂ ਵਿਖੇ ਆ ਕੇ ਆਪਣਾ ਇਲਾਜ ਕਰਵਾ ਸਕਦੇ ਹਨ। ਇਹ ਇਲਾਜ ਮਾਹਰ ਡਾਕਟਰ ਅਤੇ ਸਟਾਫ਼ ਦੀ ਨਿਗਰਾਨੀ ਹੇਠ ਬਿਲਕੁਲ ਮੁਫ਼ਤ ਕੀਤਾ ਜਾਂਦਾ ਹੈ।ਕੈਂਪ ਦਾ ਮੁੱਖ ਉਦੇਸ਼ ਸਮਾਜ ਵਿੱਚ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਪ੍ਰਤੀ ਜਾਗਰੂਕਤਾ ਪੈਦਾ ਕਰਨਾ ਅਤੇ ਨਸ਼ਾ ਮੁਕਤੀ ਸੇਵਾਵਾਂ ਬਾਰੇ ਜਾਣਕਾਰੀ ਪ੍ਰਦਾਨ ਕਰਨਾ ਸੀ।

# ਮਾਨਸਰੋਵਰ ਸਾਹਿਤ ਅਕਾਦਮੀ ਵੱਲੋਂ ਵਿਸ਼ੇਸ਼ ਪ੍ਰੋਗਰਾਮ ਅਤੇ ਕਵੀ ਦਰਬਾਰ 21 ਜੂਨ ਨੂੰ

**ਆਜ਼ਾਦ ਸੋਚ, ਕੰਵਲ ਸਰਾਂ, ਫਰੀਦਕੋਟ,20 ਜੂਨ:**

ਮਾਨਸਰੋਵਰ ਸਾਹਿਤ ਅਕਾਦਮੀ ਵੱਲੋਂ ਸਾਹਿਤ, ਸਮਾਜ ਸੇਵਾ ਅਤੇ ਸੱਭਿਆਚਾਰਕ ਕਦਰਾਂ-ਕੀਮਤਾਂ ਨੂੰ ਸਮਰਪਿਤ ਇੱਕ ਵਿਸ਼ੇਸ਼ ਪ੍ਰੋਗਰਾਮ, ਕਵੀ ਦਰਬਾਰ ਅਤੇ ਪੁਸਤਕ ਅਰਪਣ ਸਮਾਰੋਹ 21 ਜੂਨ 2026 ਨੂੰ ਨਿਰਮਲ ਕੁਟੀਆ, ਸੁਲਤਾਨਪੁਰ ਲੋਧੀ ਵਿਖੇ ਹੋਵੇਗਾ। ਇਸ ਸਮਾਗਮ ਵਿੱਚ ਦੇਸ਼ ਦੇ ਵੱਖ-ਵੱਖ ਕੋਨਿਆਂ ਤੋਂ ਸਾਹਿਤਕਾਰ, ਕਵੀ, ਲੇਖਕ ਅਤੇ ਸਮਾਜ ਸੇਵੀ ਸ਼ਿਰਕਤ ਕਰਨਗੇ।ਸਮਾਗਮ ਦੇ ਵਿਸ਼ੇਸ਼ ਮਹਿਮਾਨ ਵਜੋਂ ਪ੍ਰਸਿੱਧ ਵਾਤਾਵਰਨ ਪ੍ਰੇਮੀ ਅਤੇ ਸਮਾਜ ਸੇਵਕ ਸੰਤ ਬਾਬਾ ਬਲਬੀਰ ਸਿੰਘ ਸੀਚੇਵਾਲ ਜੀ ਹਾਜ਼ਰੀ ਭਰਨਗੇ। ਇਸ ਤੋਂ ਇਲਾਵਾ ਸਮਾਗਮ ਵਿੱਚ ਸ. ਸਤਬੀਰ ਸਿੰਘ, ਸੁਰਿੰਦਰ ਫਰਿਸ਼ਤਾ, ਦੇਵਿੰਦਰ ਸੈਫ਼ੀ, ਸਿਆ ਭਾਰਤੀ, ਵੰਦਨਾ ਠਾਕੁਰ, ਮਾਨਸਰੋਵਰ ਸਾਹਿਤ ਅਕਾਦਮੀ ਦੇ ਮੁਖੀ ਮਾਨ ਸਿੰਘ ਸੁਥਾਰ, ਇਕਬਾਲ ਸਿੰਘ ਸਹੋਤਾ, ਭੋਲਾ ਯਮਲਾ ਅਤੇ ਸਮਾਜਸੇਵੀ ਤੇ ਬਹੁਮੁਖੀ ਸ਼ਖਸ਼ੀਅਤ ਸ੍ਰੀ ਭਗਵਾਨ ਦਾਸ ਗੁਪਤਾ ਜੀ ਵੀ ਵਿਸ਼ੇਸ਼ ਤੌਰ 'ਤੇ ਸ਼ਾਮਲ ਹਾਜ਼ਰ ਹੋਣਗੇ। ਅਕਾਦਮੀ ਦੇ ਆਗੂਆਂ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਸਮਾਗਮ ਦੌਰਾਨ ਸਾਹਿਤਕ ਅਤੇ ਸਮਾਜਿਕ ਖੇਤਰ ਵਿੱਚ ਵਿਸ਼ੇਸ਼ ਯੋਗਦਾਨ ਪਾਉਣ ਵਾਲੀਆਂ ਸ਼ਖ਼ਸੀਅਤਾਂ ਦਾ ਸਨਮਾਨ ਵੀ ਕੀਤਾ ਜਾਵੇਗਾ। ਇਸ ਦੇ ਨਾਲ ਹੀ ਕਵੀਆਂ ਅਤੇ ਲੇਖਕਾਂ ਵੱਲੋਂ ਆਪਣੀਆਂ ਰਚਨਾਵਾਂ ਪੇਸ਼ ਕੀਤੀਆਂ ਜਾਣਗੀਆਂ, ਜਿਸ ਨਾਲ ਸਾਹਿਤ ਪ੍ਰੇਮੀਆਂ ਨੂੰ ਇੱਕ ਵਿਲੱਖਣ ਸਾਹਿਤਕ ਮਾਹੌਲ ਦਾ ਅਨੁਭਵ ਹੋਵੇਗਾ। ਸਮਾਗਮ ਦੇ ਮੁੱਖ ਆਕਰਸ਼ਣ ਵਜੋਂ ਕਿਤਾਬ "ਕੁਝ ਅਣਕਹੇ ਅਲਫ਼ਾਜ਼" ਦਾ ਵਿਸ਼ੇਸ਼ ਲੋਕ-ਅਰਪਣ ਵੀ ਕੀਤਾ ਜਾਵੇਗਾ। ਇਸ ਮੌਕੇ ਵੱਖ-ਵੱਖ ਖੇਤਰਾਂ ਨਾਲ ਸੰਬੰਧਤ ਨਾਮਵਰ ਹਸਤੀਆਂ ਆਪਣੇ ਵਿਚਾਰ ਸਾਂਝੇ ਕਰਨਗੀਆਂ।ਮਾਨਸਰੋਵਰ ਸਾਹਿਤ ਅਕਾਦਮੀ ਵੱਲੋਂ ਦੱਸਿਆ ਗਿਆ ਕਿ ਪ੍ਰੋਗਰਾਮ ਦੀਆਂ ਸਾਰੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਹਨ ਅਤੇ ਦੇਸ਼ ਭਰ ਦੇ ਕਵੀਆਂ, ਲੇਖਕਾਂ ਅਤੇ ਸਾਹਿਤਕਾਰਾਂ ਨੂੰ ਸੱਦਾ ਪੱਤਰ ਭੇਜੇ ਜਾ ਚੁੱਕੇ ਹਨ। ਅਕਾਦਮੀ ਨੇ ਸਮੂਹ ਸਾਹਿਤ ਪ੍ਰੇਮੀਆਂ ਨੂੰ ਇਸ ਸਮਾਗਮ ਵਿੱਚ ਸ਼ਾਮਲ ਹੋ ਕੇ ਇਸ ਨੂੰ ਸਫਲ ਬਣਾਉਣ ਦੀ ਅਪੀਲ ਕੀਤੀ ਹੈ। ਇਹ ਪ੍ਰੈੱਸ ਰਲੀਜ਼ ਮਾਨਸਰੋਵਰ ਸਾਹਿਤ ਅਕਾਦਮੀ ਰਾਜਸਥਾਨ ਦੇ ਇਕਬਾਲ ਸਿੰਘ ਸਹੋਤਾ ਵੱਲੋਂ ਜਾਰੀ ਕੀਤੀ ਗਈ ਹੈ।

# ਅੰਤਰਰਾਸ਼ਟਰੀ ਯੋਗਾ ਦਿਵਸ ਮੌਕੇ ਡਾ. ਰਵੀ ਕਾਂਤ ਮਦਾਨ ਨੇ ਲੋਕਾਂ ਨੂੰ ਯੋਗਾ ਅਪਨਾਉਣ ਦੀ ਕੀਤੀ ਅਪੀਲ

**ਆਜ਼ਾਦ ਸੋਚ, ਵਰਮਾ, ਧੂਰੀ, 20 ਜੂਨ:**

ਅੰਤਰਰਾਸ਼ਟਰੀ ਯੋਗਾ ਦਿਵਸ ਦੇ ਮੌਕੇ ਤੇ ਸੇਵਾਮੁਕਤ ਜ਼ਿਲ੍ਹਾ ਆਯੁਰਵੈਦਿਕ ਅਤੇ ਯੂਨਾਨੀ ਅਫ਼ਸਰ ਡਾ. ਰਵੀ ਕਾਂਤ ਮਦਾਨ ਨੇ ਸਮੂਹ ਦੇਸ਼ ਵਾਸੀਆਂ ਨੂੰ ਯੋਗਾ ਦਿਵਸ ਦੇ ਸਮਾਗਮਾਂ ਵਿੱਚ ਵੱਧ ਚੜ੍ਹ ਕੇ ਸ਼ਮੂਲੀਅਤ ਕਰਨ ਦੀ ਅਪੀਲ ਕੀਤੀ ਹੈ। ਉਨ੍ਹਾਂ ਕਿਹਾ ਕਿ ਯੋਗਾ ਸਾਡੀ ਪ੍ਰਾਚੀਨ ਅਤੇ ਅਨਮੋਲ ਵਿਰਾਸਤ ਹੈ, ਜੋ ਸਰੀਰਕ, ਮਾਨਸਿਕ ਅਤੇ ਆਤਮਿਕ ਤੰਦਰੁਸਤੀ ਲਈ ਬਹੁਤ



ਲਾਭਦਾਇਕ ਹੈ। ਡਾ. ਮਦਾਨ ਨੇ ਕਿਹਾ ਕਿ ਅੱਜ ਦੇ ਤਣਾਅ ਭਰੇ ਜੀਵਨ ਵਿੱਚ ਯੋਗਾ ਨੂੰ ਰੋਜ਼ਾਨਾ ਦੀ ਜ਼ਿੰਦਗੀ ਦਾ ਹਿੱਸਾ ਬਣਾਉਣਾ ਸਮੇਂ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਨਿਯਮਿਤ ਯੋਗਾ ਕਰਨ ਨਾਲ ਕਈ ਬਿਮਾਰੀਆਂ ਤੋਂ ਬਚਾਅ ਸੰਭਵ ਹੈ ਅਤੇ ਮਨੁੱਖ ਤੰਦਰੁਸਤ ਜੀਵਨ ਬਤੀਤ ਕਰ ਸਕਦਾ ਹੈ।ਉਨ੍ਹਾਂ ਸਮੂਹ ਨਾਗਰਿਕਾਂ, ਖਾਸ ਕਰਕੇ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ 21 ਜੂਨ ਨੂੰ ਮਨਾਏ ਜਾ ਰਹੇ ਅੰਤਰਰਾਸ਼ਟਰੀ ਯੋਗਾ ਦਿਵਸ ਦੇ ਸਮਾਗਮਾਂ ਵਿੱਚ ਜ਼ਰੂਰ ਸ਼ਾਮਿਲ ਹੋਣ ਅਤੇ ਹੋਰਨਾਂ ਨੂੰ ਵੀ ਯੋਗਾ ਅਪਣਾਉਣ ਲਈ ਪ੍ਰੇਰਿਤ ਕਰਨ।

# ਮੁੱਖ ਮੰਤਰੀ ਨੇ ਸ੍ਰੀ ਹਰਗੋਬਿੰਦਪੁਰ ਦੇ ਨਾਮਦੇਵ ਸਮਾਜ ਦੇ ਵਫ਼ਦ ਨਾਲ ਕੀਤੀ ਮੁਲਾਕਾਤ

**ਆਜ਼ਾਦ ਸੋਚ, ਚੰਡੀਗੜ੍ਹ, 20 ਜੂਨ:**

ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਨੀ ਨੇ ਕਿਹਾ ਕਿ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਪੰਜਾਬ ਨੂੰ ਮਜ਼ਬੂਤ ਬਣਾਉਣ ਲਈ ਵਚਨਬੱਧ ਹਨ ਅਤੇ ਡਬਲ ਇੰਜਣ ਸਰਕਾਰ ਤਹਿਤ ਸੂਬੇ ਵਿੱਚ ਤੇਜ਼ੀ ਨਾਲ ਵਿਕਾਸ ਸੰਭਵ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੇ ਕਈ ਨੌਜਵਾਨ ਵਿਦੇਸ਼ਾਂ ਵਿੱਚ ਰੁਜ਼ਗਾਰ ਭਾਲਣ ਲਈ ਮਜਬੂਰ ਹੋ ਕੇ ਗੈਰ-ਕਾਨੂੰਨੀ "ਡੌਂਕੀ ਰੂਟ" ਦਾ ਸਹਾਰਾ ਲੈ ਰਹੇ ਹਨ, ਜਦਕਿ ਹਰਿਆਣਾ ਨੇ ਵਿਦੇਸ਼ਾਂ ਵਿੱਚ ਰੁਜ਼ਗਾਰ ਲਈ ਇੱਕ ਸਮਰਪਿਤ ਵਿਦੇਸ਼ ਸਹਿਯੋਗ ਵਿਭਾਗ ਰਾਹੀਂ ਨੌਜਵਾਨਾਂ ਲਈ ਵਿਵਸਥਿਤ ਮੌਕੇ ਉਪਲਬਧ ਕਰਵਾਏ ਹਨ। ਮੁੱਖ ਮੰਤਰੀ ਨੇ ਕਿਹਾ ਕਿ ਵਿਦੇਸ਼ਾਂ ਵਿੱਚ ਰੁਜ਼ਗਾਰ ਪ੍ਰਾਪਤ ਕਰਨ ਦੇ ਚਾਹਵਾਨ ਨੌਜਵਾਨਾਂ ਦੀਆਂ 5,500 ਤੋਂ ਵੱਧ ਅਰਜ਼ੀਆਂ ਦੀ ਮੌਜੂਦਾ ਸਮੇਂ ਵਿਭਾਗ ਵੱਲੋਂ ਜਾਂਚ ਕੀਤੀ ਜਾ ਰਹੀ ਹੈ। ਇਸ ਪਹਿਲਕਦਮੀ ਤਹਿਤ ਬਿਨੈਕਾਰਾਂ ਨੂੰ ਸਿਰਫ਼ ਆਪਣੇ ਹਵਾਈ ਟਿਕਟ ਦਾ ਖਰਚਾ ਹੀ ਚੁੱਕਣਾ ਪੈਂਦਾ ਹੈ। ਸ੍ਰੀ ਨਾਇਬ ਸਿੰਘ ਸੈਨੀ ਸ਼ਨੀਵਾਰ ਨੂੰ ਚੰਡੀਗੜ੍ਹ ਸਥਿਤ ਆਪਣੇ ਨਿਵਾਸ ਸੰਤ ਕਬੀਰ ਕੁਟੀਰ ਵਿਖੇ ਪੰਜਾਬ ਦੇ ਗੁਰਦਾਸਪੁਰ ਜ਼ਿਲ੍ਹੇ ਦੇ ਸ੍ਰੀ ਹਰਗੋਬਿੰਦਪੁਰ ਤੋਂ ਆਏ ਨਾਮਦੇਵ ਸਮਾਜ ਦੇ ਇੱਕ ਵਫ਼ਦ ਨੂੰ ਸੰਬੋਧਿਤ ਕਰ ਰਹੇ ਸਨ। ਸਿੱਖਾਂ ਦੇ ਛੇਵੇਂ ਗੁਰੂ, ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਨੂੰ ਸ਼ਰਧਾਂਜਲੀ ਭੇਟ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਉਨ੍ਹਾਂ ਦੀਆਂ ਸਿੱਖਿਆਵਾਂ ਲੋਕਾਂ ਨੂੰ ਅਨਿਆਂ ਦੇ ਵਿਰੁੱਧ ਖੜ੍ਹੇ ਹੋਣ ਅਤੇ ਸਮਾਜ ਦੇ ਕਮਜ਼ੋਰ ਵਰਗਾਂ ਦੀ ਰੱਖਿਆ ਕਰਨ ਲਈ ਪ੍ਰੇਰਿਤ ਕਰਦੀਆਂ ਹਨ। ਉਨ੍ਹਾਂ ਕਿਹਾ ਕਿ ਇਹ ਮੁੱਲ ਅੱਜ ਵੀ ਓਨੀਆਂ ਹੀ ਪ੍ਰਾਸੰਗਿਕ ਹਨ ਅਤੇ ਇਨ੍ਹਾਂ ਦਾ ਪਾਲਣ ਕੀਤਾ ਜਾਣਾ ਚਾਹੀਦਾ ਹੈ। ਪੰਜਾਬ ਦੇ ਵਿਕਾਸ ਦੀ ਦਿਸ਼ਾ ਨੂੰ ਲੈ ਕੇ ਚਿੰਤਾ ਪ੍ਰਗਟ ਕਰਦਿਆਂ ਸ੍ਰੀ ਸੈਨੀ ਨੇ ਕਿਹਾ ਕਿ ਇਹ ਮੰਦਭਾਗਾ ਹੈ ਕਿ ਸਿੱਖ ਗੁਰੂਆਂ ਦੀ ਪਾਵਨ ਧਰਤੀ ਅੱਜ ਵੀ ਵਿਕਾਸ ਦੇ ਮਾਮਲੇ ਵਿੱਚ ਪਿਛੜੀ ਹੋਈ ਹੈ। ਉਨ੍ਹਾਂ ਦੋਸ਼ ਲਾਇਆ ਕਿ ਕਾਂਗਰਸ ਅਤੇ ਆਮ ਆਦਮੀ ਪਾਰਟੀ ਸਮੇਤ ਵੱਖ-ਵੱਖ ਸਰਕਾਰਾਂ ਜਨਤਾ ਦੀਆਂ ਉਮੀਦਾਂ 'ਤੇ ਖਰਾ ਉਤਰਨ ਵਿੱਚ ਅਸਫਲ ਰਹੀਆਂ ਹਨ ਅਤੇ ਲੋਕਾਂ ਨੂੰ ਗੁੰਮਰਾਹ ਕਰਦੀਆਂ ਰਹੀਆਂ ਹਨ। ਉਨ੍ਹਾਂ ਅੱਗੇ ਕਿਹਾ ਕਿ ਪੰਜਾਬ ਦੀ ਜਨਤਾ ਆਗਾਮੀ ਵਿਧਾਨਸਭਾ ਚੋਣਾਂ ਵਿੱਚ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਦੀ ਅਗਵਾਈ ਹੇਠ ਭਾਰਤੀ ਜਨਤਾ ਪਾਰਟੀ ਦਾ ਸਮਰਥਨ ਕਰਨ ਦਾ ਮਨ ਬਣਾ ਚੁੱਕੀ ਹੈ। ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀ ਆਲੋਚਨਾ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਮਹਿਲਾਵਾਂ ਨੂੰ ਪ੍ਰਤੀ ਮਹੀਨਾ 1,000 ਰੁਪਏ ਦੇਣ ਦਾ ਵਾਅਦਾ ਅਜੇ ਤੱਕ ਪੂਰਾ ਨਹੀਂ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਇਸ ਸਕੀਮ ਲਈ ਰਜਿਸਟ੍ਰੇਸ਼ਨ ਪ੍ਰਕਿਰਿਆ ਵੀ ਅਜੇ ਤੱਕ ਪੂਰੀ ਨਹੀਂ ਹੋ ਸਕੀ ਹੈ। ਇਸ ਦੇ ਉਲਟ, ਹਰਿਆਣਾ ਸਰਕਾਰ ਨੇ ਦੀਨ ਦਿਆਲ ਲਾਡੋ ਲਛਮੀ ਯੋਜਨਾ ਤਹਿਤ ਸਾਲ 2025-26 ਦੇ ਬਜਟ ਵਿੱਚ 5,000 ਕਰੋੜ ਰੁਪਏ ਅਤੇ ਸਾਲ 2026-27 ਦੇ ਬਜਟ ਵਿੱਚ 6,500 ਕਰੋੜ ਰੁਪਏ ਦਾ ਪ੍ਰਾਵਧਾਨ ਕੀਤਾ ਹੈ।

# ਭਰਾ ਦੀ ਮੌਤ ਦੇ ਦੋ ਦਿਨ ਬਾਅਦ ਘਰ 'ਚ ਵੱਡੀ ਚੋਰੀ, 22 ਤੋਲੇ ਸੋਨਾ ਤੇ ਲੱਖਾਂ ਦੀ ਨਕਦੀ ਲੈ ਉੱਡੇ ਚੋਰ

**ਅਜਾਦ ਸੋਚ, ਸ਼ੰਭੂ ਗੋਇਲ, ਲਹਿਰਾਗਾਗਾ, 20 ਜੂਨ:**

ਇੱਥੋਂ ਨੇੜਲੇ ਪਿੰਡ ਲਹਿਲ ਕਲਾਂ ਵਿੱਚ ਇੱਕ ਅਜਿਹੀ ਚੋਰੀ ਦੀ ਵਾਰਦਾਤ ਸਾਹਮਣੇ ਆਈ ਹੈ, ਜਿਸ ਨੇ ਪਹਿਲਾਂ ਹੀ ਸੋਗ ਵਿੱਚ ਡੁੱਬੇ ਇੱਕ ਪਰਿਵਾਰ ਨੂੰ ਹੋਰ ਵੱਡਾ ਸਦਮਾ ਦੇ ਦਿੱਤਾ। ਪਰਿਵਾਰ ਦੇ ਇੱਕ ਮੈਂਬਰ ਦੀ ਮੌਤ ਹੋਣ ਤੋਂ ਮਹਿਜ਼ ਦੋ ਦਿਨ ਬਾਅਦ ਅਣਪਛਾਤੇ ਚੋਰਾਂ ਨੇ ਘਰ ਵਿੱਚ ਦਾਖਲ ਹੋ ਕੇ ਕਰੀਬ 22 ਤੋਲੇ ਸੋਨਾ ਅਤੇ ਲੱਗਭੱਗ ਡੇਢ ਲੱਖ ਰੁਪਏ ਦੀ ਨਕਦੀ ਚੋਰੀ ਕਰ ਲਈ। ਜਾਣਕਾਰੀ ਅਨੁਸਾਰ ਪਿੰਡ ਦੇ ਪੰਚਾਇਤ ਮੈਂਬਰ ਅਤੇ ਆਪ ਆਗੂ ਪਰਗਟ ਸਿੰਘ ਦੇ ਘਰ ਇਹ ਵੱਡੀ ਚੋਰੀ ਦੀ ਘਟਨਾ ਵਾਪਰੀ। ਪਰਿਵਾਰ ਮੌਤ ਕਾਰਨ ਗਮ ਵਿੱਚ ਡੁੱਬਿਆ ਹੋਇਆ ਸੀ ਅਤੇ ਘਰ ਵਿੱਚ ਸੋਗ ਦਾ ਮਾਹੌਲ ਬਣਿਆ ਹੋਇਆ ਸੀ। ਇਸੇ ਦੌਰਾਨ ਚੋਰਾਂ ਨੇ ਮੌਕੇ ਦਾ ਫਾਇਦਾ ਚੁੱਕਦਿਆਂ ਬੀਤੀ ਰਾਤ ਵਾਰਦਾਤ ਨੂੰ ਅੰਜਾਮ ਦਿੱਤਾ। ਇਸ ਸਬੰਧੀ ਜਾਣਕਾਰੀ ਦਿੰਦਿਆਂ ਪ੍ਰਗਟ ਸਿੰਘ ਦੇ ਪੁੱਤਰ ਧਰਮਪ੍ਰੀਤ ਸਿੰਘ ਨੇ ਦੱਸਿਆ ਕਿ ਉਹ ਬੀਤੇ ਕੱਲ ਆਪਣੇ ਚਾਚਾ ਜੀ ਦੀਆਂ ਅਸਥੀਆਂ ਜਲ ਪ੍ਰਵਾਹ ਕਰਕੇ ਦੇਰ ਰਾਤ ਪਹੁੰਚਿਆ ਤੇ ਕਰੀਬ 11 ਵਜੇ ਸੁੱਤਾ ਸੀ , ਉਹ ਤੇ ਉਸ ਦੀਆਂ ਭੈਣਾਂ ਇੱਕ ਕਮਰੇ ਵਿੱਚ ਤੇ ਉਸ ਦੇ ਪਿਤਾ ਜੀ ਸਟੋਰ ਦੇ ਨਾਲ ਲੱਗਦੇ ਦੂਸਰੇ ਕਮਰੇ ਵਿੱਚ ਸੁੱਤੇ ਹੋਏ ਸੀ, ਜਦੋਂ ਸਵੇਰੇ ਮੇਰੇ ਪਿਤਾ ਜੀ ਪ੍ਰਗਟ ਸਿੰਘ ਉੱਠੇ ਤਾਂ ਉਨਾਂ ਸਟੋਰ ਦਾ ਗੇਟ ਖੁੱਲਿਆ ਹੋਇਆ ਤੇ ਅਲਮਾਰੀ ਦਾ ਸਮਾਨ ਖਿੱਲਰਿਆ ਹੋਇਆ ਦੇਖਿਆ ਤੇ ਕੋਠੀ ਦਾ ਦਰਵਾਜ਼ਾ ਖੁੱਲਾ ਦੇਖਿਆ ।



ਪ੍ਰਗਟ ਸਿੰਘ ਦੇ ਭਰਾ ਟਰੱਕ ਯੂਨੀਅਨ ਦੇ ਸਾਬਕਾ ਪ੍ਰਧਾਨ ਕਿਰਪਾਲ ਸਿੰਘ ਨਾਥਾ ਨੇ ਦੱਸਿਆ ਕਿ ਚੋਰ ਖੇਤਾਂ ਵਾਲੇ ਪਾਸੇ ਤੋਂ ਕੰਧ ਟੱਪ ਕੇ ਕੋਠੀ ਦੇ ਅੰਦਰ ਦਾਖਲ ਹੋਏ। ਇਸ ਤੋਂ ਬਾਅਦ ਉਨ੍ਹਾਂ ਨੇ ਕੋਠੀ ਦੇ ਗੇਟ ਦੀ ਜਾਲੀ ਕੱਟ ਕੇ ਅੰਦਰੋਂ ਲੱਗੀ ਕੁੰਡੀ ਖੋਲ੍ਹੀ ਅਤੇ ਬਿਨਾਂ ਕਿਸੇ ਰੁਕਾਵਟ ਦੇ ਘਰ ਅੰਦਰ ਪਹੁੰਚ ਗਏ। ਚੋਰ ਸਿੱਧੇ ਉਸ ਸਟੋਰ ਵਿੱਚ ਗਏ ਜਿੱਥੇ ਅਲਮਾਰੀ ਵਿੱਚ ਸੋਨੇ ਦੇ ਗਹਿਣੇ ਅਤੇ ਨਕਦੀ ਰੱਖੀ ਹੋਈ ਸੀ। ਚੋਰਾਂ ਨੇ ਅਲਮਾਰੀ ਨੂੰ ਫਰੋਲਦਿਆਂ ਕਰੀਬ 22 ਤੋਲੇ ਸੋਨਾ ਅਤੇ ਲਗਭਗ 1.50 ਲੱਖ ਰੁਪਏ ਦੀ ਨਕਦੀ 'ਤੇ ਹੱਥ ਸਾਫ ਕਰ ਦਿੱਤਾ। ਹੈਰਾਨੀਜਨਕ ਗੱਲ ਇਹ ਰਹੀ ਕਿ ਸਟੋਰ ਦੇ ਦੋਵਾਂ ਪਾਸਿਆਂ ਬਣੇ ਕਮਰਿਆਂ ਵਿੱਚ ਪਰਿਵਾਰਕ ਮੈਂਬਰ ਸੁੱਤੇ ਹੋਏ ਸਨ, ਪਰ ਚੋਰਾਂ ਦੀ ਕੋਈ ਆਵਾਜ਼ ਜਾਂ ਹਰਕਤ ਕਿਸੇ ਦੇ ਧਿਆਨ ਵਿੱਚ ਨਹੀਂ ਆਈ। ਚੋਰ ਵਾਰਦਾਤ ਨੂੰ ਅੰਜਾਮ ਦੇ ਕੇ ਆਰਾਮ ਨਾਲ ਫਰਾਰ ਹੋ ਗਏ। ਚੋਰੀ ਦੀ ਸੂਚਨਾ ਮਿਲਦੇ ਹੀ ਲਹਿਰਾਗਾਗਾ ਪੁਲਿਸ, ਫੋਰੈਂਸਿਕ ਟੀਮ ਅਤੇ ਹੋਰ ਅਧਿਕਾਰੀ ਮੌਕੇ 'ਤੇ ਪਹੁੰਚ ਗਏ। ਮਾਹਿਰਾਂ ਵੱਲੋਂ ਮੌਕੇ ਤੋਂ ਸਬੂਤ ਇਕੱਠੇ ਕੀਤੇ ਗਏ ਅਤੇ ਫਿੰਗਰ ਪ੍ਰਿੰਟ ਵੀ ਹਾਸਲ ਕੀਤੇ ਗਏ। ਇਸ ਦੌਰਾਨ ਡੀਐਸਪੀ ਲਹਿਰਾ ਪਲਵਿੰਦਰ ਸਿੰਘ ਨੇ ਵੀ ਘਟਨਾ ਸਥਾਨ ਦਾ ਦੌਰਾ ਕਰਕੇ ਜਾਂਚ ਦਾ ਜਾਇਜ਼ਾ ਲਿਆ।

ਡੀਐਸਪੀ ਪਲਵਿੰਦਰ ਸਿੰਘ ਨੇ ਦੱਸਿਆ ਕਿ ਪੁਲਿਸ ਵੱਲੋਂ ਮੌਕੇ ਤੋਂ ਅਹਿਮ ਸੁਰਾਗ ਇਕੱਠੇ ਕੀਤੇ ਗਏ ਹਨ। ਇਲਾਕੇ ਦੇ ਸੀਸੀਟੀਵੀ ਕੈਮਰਿਆਂ ਦੀ ਫੁਟੇਜ ਖੰਗਾਲੀ ਜਾ ਰਹੀ ਹੈ ਅਤੇ ਸ਼ੱਕੀ ਵਿਅਕਤੀਆਂ ਦੀ ਪਛਾਣ ਲਈ ਜਾਂਚ ਤੇਜ਼ ਕਰ ਦਿੱਤੀ ਗਈ ਹੈ। ਉਨ੍ਹਾਂ ਕਿਹਾ ਕਿ ਚੋਰਾਂ ਨੂੰ ਜਲਦ ਹੀ ਕਾਬੂ ਕਰ ਲਿਆ ਜਾਵੇਗਾ।

ਉੱਧਰ ਐਸਐਚਓ ਲਹਿਰਾ ਮਨਪ੍ਰੀਤ ਸਿੰਘ ਦੀ ਅਗਵਾਈ ਹੇਠ ਪੁਲਿਸ ਟੀਮ ਵੱਲੋਂ ਆਸ-ਪਾਸ ਦੇ ਇਲਾਕਿਆਂ ਅਤੇ ਸੀਸੀਟੀਵੀ ਕੈਮਰਿਆਂ ਦੀ ਡੂੰਘਾਈ ਨਾਲ ਜਾਂਚ ਕੀਤੀ ਜਾ ਰਹੀ ਹੈ। ਪੁਲਿਸ ਦਾ ਕਹਿਣਾ ਹੈ ਕਿ ਵਿਗਿਆਨਕ ਅਤੇ ਤਕਨੀਕੀ ਸਬੂਤਾਂ ਦੇ ਆਧਾਰ 'ਤੇ ਜਲਦ ਹੀ ਇਸ ਅੰਨ੍ਹੀ ਚੋਰੀ ਦੀ ਗੁੱਥੀ ਸੁਲਝਾ ਲਈ ਜਾਵੇਗੀ।

ਪਿੰਡ ਵਿੱਚ ਵਾਪਰੀ ਇਸ ਵੱਡੀ ਚੋਰੀ ਦੀ ਘਟਨਾ ਤੋਂ ਬਾਅਦ ਲੋਕਾਂ ਵਿੱਚ ਡਰ ਅਤੇ ਚਿੰਤਾ ਦਾ ਮਾਹੌਲ ਬਣਿਆ ਹੋਇਆ ਹੈ, ਜਦਕਿ ਪੀੜਤ ਪਰਿਵਾਰ ਇਨਸਾਫ ਦੀ ਉਡੀਕ ਕਰ ਰਿਹਾ ਹੈ।

# ਕੇਂਦਰੀ ਮੰਤਰੀ ਜੀਤ ਰਾਮ ਮਾਂਜੀ ਤਰਫੋਂ ਮੁਹੰਮਦ ਕਮਾਲ ਪਰਵੇਜ਼ ਨੇ ਸੰਤਾਂ ਨਾਲ ਕੀਤੀ ਮੁਲਾਕਾਤ : ਸਤਨਾਮ ਸਿੰਘ ਗਿੱਲ



**ਆਜ਼ਾਦ ਸੋਚ, ਕੰਵਲ ਸਰਾਂ, ਫਰੀਦਕੋਟ 20 ਜੂਨ :**

ਪਿਛਲੇ ਦਿਨੀਂ ਚੌਕ ਮਹਿਤਾ ਵਿਖੇ ਕੇਂਦਰ ਵੱਲੋਂ ਇੱਕ ਪੰਜ ਮੈਬਰਾਂ ਦਾ ਇੱਕ ਵਫ਼ਦ ਅੱਜ ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼ ਮਹਿਤਾ ਚੌਕ ਵਿਖੇ ਪਹੁੰਚਿਆਂ। ਜਿਥੇਂ ਵਫਦ 'ਚ ਸ਼ਾਮਲ ਐਨ.ਡੀ.ਏ. ਦੇ ਆਗੂਆਂ ਨੇ ਮੱਥਾ ਟੇਕਿਆਂ ਉਥੇਂ ਹੀ ਟਕਸਾਲ ਵਿਖੇ ਵੀ ਗੁਪਤ ਮੀਟਿੰਗ ਹੋਈ। ਪ੍ਰਾਪਤ ਵਸੀਲਿਆਂ ਤੋਂ ਜਾਣਕਾਰੀ ਅਨੁਸਾਰ ਹਿੰਦੋਸਤਾਨ ਆਵਾਮ ਮੌਰਚਾ ਦੇ ਕੇਂਦਰੀ ਲੀਡਰ ਅਤੇ ਕੇਂਦਰੀ ਮੰਤਰੀ ਸ਼੍ਰੀ ਜੀਤ ਰਾਮ ਮਾਂਜੀ ਵੱਲੋਂ ਭੇਜੇ ਵਫਦ ਨੇ ਦਮਦਮੀਂ ਟਕਸਾਲ ਜੱਥਾ ਭਿੰਡਰਾ ਦੇ ਮੁਖੀ ਗਿਆਨੀ ਹਰਨਾਮ ਸਿੰਘ ਖਾਲਸਾ ਨਾਲ ਮੁਲਾਕਾਤ ਕੀਤੀ। ਦੋ ਘੰਟੇਂ ਚੱਲੀ ਮੀਟਿੰਗ ਤੋਂ ਬਾਅਦ ਪ੍ਰੈਸ ਦੇ ਰੀ-ਬ-ਰੂ ਹੁੰਦਿਆਂ ਹਮ ਦੇ ਕੇਂਦਰੀ ਆਗੂ ਨੇ ਮੁਹੰਮਦ ਕਮਾਲ ਪਰਵੇਜ਼ ਨੇ ਦੱਸਿਆ ਕਿ ਘੱਟ ਗਿਣਤੀ ਲੋਕ ਭਲਾਈ ਸੰਸਥਾ ਦੇ ਪ੍ਰਧਾਨ ਸ੍ਰ ਸਤਨਾਮ ਸਿੰਘ ਗਿੱਲ, ਕੁਲਦੀਪ ਸਿੰਘ ਅਟਵਾਲ ਸਮਾਜ ਸੇਵੀ ਪੰਜਾਬ ਪ੍ਰਧਾਨ ਨੇ ਅੱਜ ਇਥੇਂ ਸਾਡੀ ਮੀਟਿੰਗ ਦਾ ਪ੍ਰਬੰਧ ਕਰਵਾਇਆ ਹੈ। ਉਹਨਾ ਨੇ ਦੱਸਿਆ ਕਿ ਅਸੀਂ ਇਥੇਂ ਸਿੱਖ ਸਮਾਜ ਨੂੰ ਦਰਪੇਸ਼ ਚੁਣੌਤੀਆਂ ਅਤੇ ਕੇਂਦਰੀ ਦਖਲ਼ ਨਾਲ ਉਹਨਾ ਦੇ ਕੀਤੇ ਜਾਣ ਵਾਲੇ ਹੱਲ ਨਾਲ ਸਬੰਧਿਤ ਮੁੱਦਿਆਂ ਤੇ ਡੂੰਘੀਆਂ ਵਿਚਾਂਰਾਂ ਕਰਨ ਲਈ ਦਮਦਮੀਂ ਟਕਸਾਲ ਚੌਂਕ ਮਹਿਤਾ ਜੱਥਾ ਭਿੰਡਰਾ ਦੇ ਮੌਜੂਦਾ ਮੁੱਖੀ ਸੰਤ ਮਹਾਪੁਰਖ ਗਿਆਨੀ ਹਰਨਾਮ ਸਿੰਘ ਖਾਲਸਾ ਨਾਲ ਸਹਿਚਾਰਕ ਤੌਰ 'ਤੇ ਮੁਲਾਕਾਤ ਕੀਤੀ ਹੈ।ਐਨ.ਡੀ.ਏ.'ਚ ਭਾਈਵਾਲ ਧਿਰ 'ਹਮ' ਦੇ ਕੌਮੀਂ ਯੂਥ ਆਗੂ ਮੁਹੰਮਦ ਕਮਾਲ ਪਰਵੇਜ਼ ਨੇ ਅੱਜ ਇਥੇਂ ਉਚੇਚੇ ਤੌਰ 'ਤੇ ਇਹ ਖੁਲਾਸਾ ਕੀਤਾ ਹੈ ਕਿ ਕੇਂਦਰ ਦੀ ਨਰਿੰਦਰ ਮੋਦੀ ਦੇ ਕੈਬਨਿਟ 'ਚ ਸ੍ਰੀ ਜੀਤ ਰਾਮ ਮਾਂਜੀ ਨੇ ਮੈਨੂੰ ਪਹਿਲੀ ਵਾਰ ਪੰਜਾਬ ਭੇਜ ਕੇ ਇਥੋਂ ਦੀ ਸਥਿਤੀ ਪ੍ਰਸਥਿਤੀ ਦਾ ਜਾਇਜ਼ਾ ਲੈਣ ਅਤੇ ਕੇਂਦੀ ਯੋਜਨਾਵਾਂ ਨੂੰ ਲੈਕੇ ਪੰਜਾਬ 'ਚ ਸਟੇਟਸ ਦਾ ਪਤਾ ਕਰਨ ਲਈ ਪੰਜਾਬ ਭੇਜਿਆ ਹੈ। ਉਹਨਾ ਨੇ ਕਿਹਾ ਕਿ ਜੀਤ ਰਾਮ ਮਾਂਜੀ ਕੇਂਦਰੀ ਵਜ਼ੀਰ ਬਹੁਤਿ ਜਲਦ ਹੀ ਪੰਜਾਬ ਦੌਰੇ ਤੇ ਆ ਰਹੇ ਹਨ।ਉਹਨਾ ਨੇ ਇਹ ਜ਼ਿਕਰ ਜਰੂਰ ਕੀਤਾ ਹੈ ਕਿ ਉਹ ਪੰਜਾਬ 'ਚ ਹਿੰਦੋਸਤਾਨ ਆਵਾਮ ਮੌਰਚੇ ਦੀ ਸ਼ੁਰੂਆਤ ਮੌਕੇ ਗਿਆਨੀ ਹਰਨਾਮ ਸਿੰਘ ਖਾਲਸਾ ਪਾਸੋਂ ਆਸ਼ਿਰਵਾਦ ਅਤੇ ਸ਼ੁੱਭ ਕਾਮਨਾਵਾਂ ਪ੍ਰਾਪਤ ਕਰਨ ਪਹੁੰਚੇ ਹਾਂ,ਜਿਥੇਂ ਸਾਡਾ ਬਹੁਤ ਮਾਣ ਸਤਿਕਾਰ ਹੋਇਆ ਹੈ।ਦਮਦਮੀਂ ਟਕਸਾਲ ਚੌਂਕ ਮਹਿਤਾ ਜੱਥਾ ਭਿੰਡਰਾ ਦੇ ਮੌਜੂਦਾ ਮੁੱਖੀ ਸੰਤ ਮਹਾਪੁਰਖ ਗਿਆਨੀ ਹਰਨਾਮ ਸਿੰਘ ਖਾਲਸਾ ਨੇ ਕਿਹਾ ਕਿ ਗੁਰੂ ਘਰ ਅਤੇ ਟਕਸਾਲ 'ਚ ਕੋਈ ਵੀ ਮਹਿਮਾਨ ਕਿਸੇ ਵੇਲੇ ਵੀ ਆਕੇ ਗੁਰੂ ਘਰ ਤੋਂ ਬਖਸਿਸ਼ਾ ਪ੍ਰਾਪਤ ਕਰ ਸਕਦਾ ਹੈ।ਇਸ ਮੌਕੇ ਪ੍ਰਧਾਨ ਯੂਥ ਵਿੰਗ ਪੰਜਾਬ ਸ੍ਰ ਕੁਲਦੀਪ ਸਿੰਘ ਅਟਵਾਲ ਸਮਾਜ ਸੇਵੀ ,ਲਵਜੀਤ ਸਿੰਘ ਲਵ,ਮਨਮੀਤ ਸਿੰਘ ਦਿੱਲੀ,ਅਕਾਸ਼ ਸਿੰਘ ਅਤੇ ਬਾਬ ਅਖਾੜਾ,ਹਰਸ਼ਦੀਪ ਸਿੰਘ ਰੰਧਾਵਾ ਚੇਅਰਮੈਨ ਦਸ਼ਮੇਸ਼ ਹੈਰੀਟੇਜ਼ ਵਿਦਅਕ ਸੰਸਥਾਵਾਂ, ਭਾਈ ਅਵਤਾਰ ਸਿੰਘ ਬੁੱਟਰ ਆਦਿ ਹਾਜਰ ਸਨ।

# ਹਰਿਆਣਾ ਲੋਕ ਭਵਨ ਵਿੱਚ ਸ਼ਾਨਦਾਰ ਢੰਗ ਨਾਲ ਮਨਾਇਆ ਗਿਆ ਪੱਛਮੀ ਬੰਗਾਲ ਸਥਾਪਨਾ ਦਿਵਸ

**ਆਜ਼ਾਦ ਸੋਚ, ਚੰਡੀਗੜ੍ਹ, 20 ਜੂਨ :**

ਹਰਿਆਣਾ ਲੋਕ ਭਵਨ ਵਿੱਚ ਅੱਜ ਪੱਛਮੀ ਬੰਗਾਲ ਸਥਾਪਨਾ ਦਿਵਸ ਬੜੇ ਉਤਸ਼ਾਹ, ਮਾਣ ਅਤੇ ਸੱਭਿਆਚਾਰਕ ਉੱਲਾਸ ਨਾਲ ਮਨਾਇਆ ਗਿਆ। ਇਸ ਮੌਕੇ ਹਰਿਆਣਾ ਦੇ ਰਾਜਪਾਲ ਪ੍ਰੋ. ਅਸੀਮ ਕੁਮਾਰ ਘੋਸ਼, ਫ਼ਸਟ ਲੇਡੀ ਸ੍ਰੀਮਤੀ ਮਿਤਰਾ ਘੋਸ਼, ਪੰਜਾਬ ਦੇ ਰਾਜਪਾਲ ਅਤੇ ਚੰਡੀਗੜ੍ਹ ਦੇ ਪ੍ਰਸ਼ਾਸਕ ਸ੍ਰੀ ਗੁਲਾਬ ਚੰਦ ਕਟਾਰੀਆ, ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ, ਉਨ੍ਹਾਂ ਦੀ ਧਰਮ ਪਤਨੀ ਸ੍ਰੀਮਤੀ ਸੁਮਨ ਸੈਣੀ ਅਤੇ ਹਰਿਆਣਾ ਵਿਧਾਨਸਭਾ ਦੇ ਸਪੀਕਰ ਸ੍ਰੀ ਹਰਵਿੰਦਰ ਸਿੰਘ ਕਲਿਆਣ ਅਤੇ ਉਨ੍ਹਾਂ ਦੀ ਧਰਮ ਪਤਨੀ ਸ੍ਰੀਮਤੀ ਰੇਸ਼ਮਾ ਕਲਿਆਣ, ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ੍ਰੀ ਸ਼ਿਆਮ ਸਿੰਘ ਰਾਣਾ ਸਮੇਤ ਕਈ ਮਾਣਯੋਗ ਵਿਅਕਤੀ ਮੌਜੂਦ ਸਨ। ਸਮਾਰੋਹ ਨੂੰ ਸੰਬੋਧਿਤ ਕਰਦਿਆਂ ਹਰਿਆਣਾ ਦੇ ਰਾਜਪਾਲ ਪ੍ਰੋ. ਅਸੀਮ ਕੁਮਾਰ ਘੋਸ਼ ਨੇ ਸਮੂਹ ਹਾਜ਼ਰੀਨ ਨੂੰ ਪੱਛਮੀ ਬੰਗਾਲ ਸਥਾਪਨਾ ਦਿਵਸ ਦੀਆਂ ਵਧਾਈਆਂ ਅਤੇ ਸ਼ੁਭਕਾਮਨਾਵਾਂ ਦਿੱਤੀਆਂ। ਉਨ੍ਹਾਂ ਕਿਹਾ ਕਿ ਪੱਛਮੀ ਬੰਗਾਲ ਸਿਰਫ਼ ਇੱਕ ਰਾਜ ਨਹੀਂ, ਸਗੋਂ ਭਾਰਤ ਦੀ ਸੱਭਿਆਚਾਰਕ, ਬੌਧਿਕ ਅਤੇ ਅਧਿਆਤਮਿਕ ਚੇਤਨਾ ਦਾ ਇੱਕ ਮਜ਼ਬੂਤ ਕੇਂਦਰ ਰਿਹਾ ਹੈ। ਪੱਛਮੀ ਬੰਗਾਲ ਦੇ ਲੋਕ ਆਪਣੀ ਅਮੀਰ ਵਿਰਾਸਤ, ਪਰੰਪਰਾਵਾਂ ਅਤੇ ਸੱਭਿਆਚਾਰਕ ਮੁੱਲਾਂ ਨੂੰ ਆਪਣੇ ਦਿਲ ਵਿੱਚ ਸੰਭਾਲ ਕੇ ਰੱਖਦੇ ਹਨ। ਰਾਜਪਾਲ ਨੇ ਕਿਹਾ ਕਿ ਬੰਗਾਲ ਨੇ ਭਾਰਤ ਦੇ ਨਵਜਾਗਰਣ ਵਿੱਚ ਨਾ ਸਿਰਫ਼ ਹਿੱਸਾ ਲਿਆ, ਸਗੋਂ ਉਸ ਦੀ ਅਗਵਾਈ ਵੀ ਕੀਤੀ। ਸਮਾਜ ਸੁਧਾਰ, ਸਿੱਖਿਆ, ਸਾਹਿਤ, ਕਲਾ, ਵਿਗਿਆਨ ਅਤੇ ਸੁਤੰਤਰਤਾ ਸੰਗਰਾਮ ਦੇ ਖੇਤਰ ਵਿੱਚ ਪੱਛਮੀ ਬੰਗਾਲ ਦਾ ਯੋਗਦਾਨ ਅਦੁੱਤੀ ਰਿਹਾ ਹੈ। ਉਨ੍ਹਾਂ ਕਿਹਾ ਕਿ ਇਸ ਧਰਤੀ ਨੇ ਅਜਿਹੇ ਮਹਾਨ ਵਿਅਕਤੀ ਦਿੱਤੇ, ਜਿਨ੍ਹਾਂ ਨੇ ਨਾ ਸਿਰਫ਼ ਭਾਰਤ ਸਗੋਂ ਪੂਰੀ ਦੁਨੀਆ ਨੂੰ ਨਵੀਂ ਦਿਸ਼ਾ ਪ੍ਰਦਾਨ ਕੀਤੀ। ਰਾਜਪਾਲ ਪ੍ਰੋ. ਅਸੀਮ ਕੁਮਾਰ ਘੋਸ਼ ਨੇ ਕਿਹਾ ਕਿ ਪੱਛਮੀ ਬੰਗਾਲ ਆਪਣੀ ਅਮੀਰ ਸੱਭਿਆਚਾਰਕ ਵਿਰਾਸਤ, ਸਾਹਿਤ, ਸੰਗੀਤ, ਕਲਾ, ਦਸਤਕਾਰੀ ਅਤੇ ਲੋਕ ਪਰੰਪਰਾਵਾਂ ਲਈ ਦੁਨੀਆ ਭਰ ਵਿੱਚ ਮਸ਼ਹੂਰ ਹੈ। ਉਨ੍ਹਾਂ ਕਿਹਾ ਕਿ ਵਿਭਿੰਨਤਾਵਾਂ ਨਾਲ ਭਰੇ ਭਾਰਤ ਦੀ ਸ਼ਕਤੀ ਉਸ ਦੀ ਸੱਭਿਆਚਾਰਕ ਏਕਤਾ ਵਿੱਚ ਨਿਹਿਤ ਹੈ ਅਤੇ ਅਜਿਹੇ ਆਯੋਜਨ "ਏਕ ਭਾਰਤ-ਸ੍ਰੇਸ਼ਠ ਭਾਰਤ" ਦੀ ਭਾਵਨਾ ਨੂੰ ਹੋਰ ਮਜ਼ਬੂਤ ਕਰਦੇ ਹਨ। ਇਸ ਤੋਂ ਪਹਿਲਾਂ ਸਮਾਰੋਹ ਨੂੰ ਸੰਬੋਧਿਤ ਕਰਦਿਆਂ ਪੰਜਾਬ ਦੇ ਰਾਜਪਾਲ ਅਤੇ ਚੰਡੀਗੜ੍ਹ ਦੇ ਪ੍ਰਸ਼ਾਸਕ ਸ੍ਰੀ ਗੁਲਾਬ ਚੰਦ ਕਟਾਰੀਆ ਨੇ ਪੱਛਮੀ ਬੰਗਾਲ ਸਥਾਪਨਾ ਦਿਵਸ ਦੇ ਮੌਕੇ 'ਤੇ ਸਾਰਿਆਂ ਨੂੰ ਵਧਾਈਆਂ ਦਿੱਤੀਆਂ। ਉਨ੍ਹਾਂ ਕਿਹਾ ਕਿ ਵੱਖ-ਵੱਖ ਰਾਜਾਂ ਦੇ ਸਥਾਪਨਾ ਦਿਵਸ ਮਨਾਉਣ ਦੀ ਪਰਿਕਲਪਨਾ ਦਾ ਸਿਹਰਾ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਨੂੰ ਜਾਂਦਾ ਹੈ, ਜਿਨ੍ਹਾਂ ਨੇ 'ਏਕ ਭਾਰਤ, ਸ੍ਰੇਸ਼ਠ ਭਾਰਤ' ਦੀ ਭਾਵਨਾ ਨੂੰ ਮਜ਼ਬੂਤ ਕਰਨ ਲਈ ਇਸ ਨਵੀਨਤਾਕਾਰੀ ਪਹਿਲਕਦਮੀ ਦੀ ਸ਼ੁਰੂਆਤ ਕੀਤੀ। ਇਸ ਪਹਿਲਕਦਮੀ ਰਾਹੀਂ ਦੇਸ਼ ਦੇ ਵੱਖ-ਵੱਖ ਰਾਜਾਂ ਦੇ ਸੱਭਿਆਚਾਰ, ਪਰੰਪਰਾਵਾਂ, ਭਾਸ਼ਾ, ਕਲਾ ਅਤੇ ਵਿਰਾਸਤ ਨੂੰ ਜਾਣਨ ਅਤੇ ਸਮਝਣ ਦਾ ਮੌਕਾ ਮਿਲਦਾ ਹੈ। ਉਨ੍ਹਾਂ ਦੇਸ਼ ਦੇ ਸਮਾਜਿਕ, ਸੱਭਿਆਚਾਰਕ, ਸਾਹਿਤਕ ਅਤੇ ਰਾਸ਼ਟਰੀ ਜੀਵਨ ਨੂੰ ਅਮੀਰ ਬਣਾਉਣ ਵਿੱਚ ਪੱਛਮੀ ਬੰਗਾਲ ਦੇ ਮਹੱਤਵਪੂਰਨ ਯੋਗਦਾਨ 'ਤੇ ਵੀ ਚਾਨਣਾ ਪਾਇਆ। ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਪੱਛਮੀ ਬੰਗਾਲ ਦਿਵਸ ਦੀਆਂ ਸ਼ੁਭਕਾਮਨਾਵਾਂ ਦਿੰਦਿਆਂ ਕਿਹਾ ਕਿ ਇਹ ਸਿਰਫ਼ ਇੱਕ ਉਤਸਵ ਦਾ ਮੌਕਾ ਨਹੀਂ ਹੈ, ਸਗੋਂ ਉਸ ਮਹਾਨ ਧਰਤੀ ਨੂੰ ਨਮਨ ਕਰਨ ਦਾ ਦਿਨ ਹੈ ਜਿਸ ਨੇ ਭਾਰਤ ਨੂੰ ਸੋਚਣਾ ਸਿਖਾਇਆ, ਜਾਗਣਾ ਸਿਖਾਇਆ ਅਤੇ ਬੇਇਨਸਾਫ਼ੀ ਵਿਰੁੱਧ ਸੰਘਰਸ਼ ਕਰਨਾ ਸਿਖਾਇਆ। ਉਨ੍ਹਾਂ ਕਿਹਾ ਕਿ ਇਹ ਉਹੀ ਧਰਤੀ ਹੈ ਜਿਸ ਨੇ ਗੁਰੂਦੇਵ ਰਵਿੰਦਰ ਨਾਥ ਟੈਗੋਰ ਦਿੱਤੇ ਜਿਨ੍ਹਾਂ ਦੇ ਸ਼ਬਦਾਂ ਨੇ ਰਾਸ਼ਟਰ ਦੀ ਆਤਮਾ ਨੂੰ ਜਗਾਇਆ। ਜਿਸ ਨੇ ਸਵਾਮੀ ਵਿਵੇਕਾਨੰਦ ਵਰਗੇ ਮਹਾਨ ਸੰਤ ਨੂੰ ਜਨਮ ਦਿੱਤਾ, ਜਿਨ੍ਹਾਂ ਦੇ ਓਜਸਵੀ ਵਿਚਾਰਾਂ ਅਤੇ ਇਤਿਹਾਸਕ ਸੰਬੋਧਨ ਨੇ ਪੂਰੀ ਦੁਨੀਆ ਵਿੱਚ ਭਾਰਤ ਦੀ ਅਧਿਆਤਮਿਕ ਅਤੇ ਸੱਭਿਆਚਾਰਕ ਪਛਾਣ ਨੂੰ ਨਵੀਆਂ ਉਚਾਈਆਂ ਤੱਕ ਪਹੁੰਚਾਇਆ। ਇਹ ਉਹੀ ਧਰਤੀ ਹੈ ਜਿਸ ਨੇ ਨੇਤਾਜੀ ਸੁਭਾਸ਼ ਚੰਦਰ ਬੋਸ ਵਰਗੇ ਅਦੁੱਤੀ ਸੁਤੰਤਰਤਾ ਸੈਨਾਨੀ ਦਿੱਤੇ, ਜਿਨ੍ਹਾਂ ਦੀ ਅਪੀਲ - "ਤੁਸੀਂ ਮੈਨੂੰ ਖ਼ੂਨ ਦਿਓ, ਮੈਂ ਤੁਹਾਨੂੰ ਆਜ਼ਾਦੀ ਦਿਆਂਗਾ"—ਅੱਜ ਵੀ ਦੇਸ਼ ਵਾਸੀਆਂ ਦੇ ਦਿਲਾਂ ਵਿੱਚ ਰਾਸ਼ਟਰ ਭਗਤੀ ਦੀ ਭਾਵਨਾ ਦਾ ਸੰਚਾਰ ਕਰਦਾ ਹੈ। ਉਨ੍ਹਾਂ ਕਿਹਾ ਕਿ ਸ਼੍ਰੀ ਰਾਮਕ੍ਰਿਸ਼ਨ ਪਰਮਹੰਸ ਦਿੱਤੇ ਜਿਨ੍ਹਾਂ ਦੀ ਕਿਰਪਾ ਨਾਲ ਬੰਗਾਲ ਅਧਿਆਤਮਿਕਤਾ ਦੀ ਰਾਜਧਾਨੀ ਬਣਿਆ। ਮੁੱਖ ਮੰਤਰੀ ਨੇ ਕਿਹਾ ਕਿ ਬੰਗਾਲ ਨੇ ਭਾਰਤ ਦੇ ਨਵਜਾਗਰਣ ਵਿੱਚ ਨਾ ਸਿਰਫ਼ ਭਾਗੀਦਾਰੀ ਕੀਤੀ, ਸਗੋਂ ਉਸ ਦੀ ਅਗਵਾਈ ਵੀ ਕੀਤੀ। ਸਾਹਿਤ, ਕਲਾ, ਸਿੱਖਿਆ, ਸਮਾਜ ਸੁਧਾਰ ਅਤੇ ਸੁਤੰਤਰਤਾ ਅੰਦੋਲਨ ਦੇ ਖੇਤਰ ਵਿੱਚ ਪੱਛਮੀ ਬੰਗਾਲ ਦਾ ਯੋਗਦਾਨ ਅਦੁੱਤੀ ਰਿਹਾ ਹੈ। ਉਨ੍ਹਾਂ ਕਿਹਾ ਕਿ ਅੱਜ ਭਾਰਤ ਆਰਥਿਕ, ਸਮਾਜਿਕ ਅਤੇ ਤਕਨੀਕੀ ਦ੍ਰਿਸ਼ਟੀਕੋਣ ਤੋਂ ਨਵੀਆਂ ਉਚਾਈਆਂ ਨੂੰ ਛੂਹ ਰਿਹਾ ਹੈ। ਮੁੱਖ ਮੰਤਰੀ ਨੇ ਵਿਸ਼ਵਾਸ ਪ੍ਰਗਟਾਇਆ ਕਿ ਪੱਛਮੀ ਬੰਗਾਲ, ਜਿਸ ਦੀ ਪਛਾਣ ਅਮੀਰ ਬੌਧਿਕ ਵਿਰਾਸਤ, ਊਰਜਾਵਾਨ ਯੁਵਾ ਸ਼ਕਤੀ, ਰਣਨੀਤਕ ਭੂਗੋਲਿਕ ਸਥਿਤੀ ਅਤੇ ਸੱਭਿਆਚਾਰਕ ਅਮੀਰੀ ਨਾਲ ਹੈ, 'ਆਤਮਨਿਰਭਰ ਭਾਰਤ' ਅਤੇ 'ਵਿਕਸਿਤ ਭਾਰਤ-2047' ਦੇ ਸੰਕਲਪ ਨੂੰ ਸਾਕਾਰ ਕਰਨ ਵਿੱਚ ਮੋਹਰੀ ਭੂਮਿਕਾ ਨਿਭਾਏਗਾ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਦਾ ਸੁਪਨਾ ਹੈ ਕਿ ਬੰਗਾਲ 'ਪੂਰਵੋਦਯ' ਦਾ ਕੇਂਦਰ ਬਣੇ ਅਤੇ ਪੂਰਬੀ ਭਾਰਤ ਦੇ ਵਿਕਾਸ ਦਾ ਇੰਜਣ ਬਣੇ। ਇਹ ਸੁਪਨਾ ਉਦੋਂ ਹੀ ਸਾਕਾਰ ਹੋਵੇਗਾ ਜਦੋਂ ਅਸੀਂ ਆਪਣੀਆਂ ਰਵਾਇਤੀ ਸ਼ਕਤੀਆਂ ਨੂੰ ਨਵੀਨਤਾ, ਉੱਦਮਸ਼ੀਲਤਾ ਅਤੇ ਨਵੀਂ ਸੋਚ ਨਾਲ ਜੋੜਦੇ ਹੋਏ ਵਿਕਾਸ ਦੀਆਂ ਨਵੀਆਂ ਸੰਭਾਵਨਾਵਾਂ ਨੂੰ ਸਾਕਾਰ ਕਰਾਂਗੇ। ਸਮਾਰੋਹ ਦੌਰਾਨ ਪੱਛਮੀ ਬੰਗਾਲ ਦੀ ਅਮੀਰ ਸੱਭਿਆਚਾਰਕ ਵਿਰਾਸਤ ਨੂੰ ਪ੍ਰਦਰਸ਼ਿਤ ਕਰਦੇ ਹੋਏ ਰੰਗਾਰੰਗ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕੀਤੇ ਗਏ। ਮਿਸ਼ਟੀ ਅੱਡਾ ਦੇ ਕਲਾਕਾਰਾਂ ਅਤੇ ਪੰਡਿਤ ਸੁਭਾਸ਼ ਘੋਸ਼ ਦੀ ਟੀਮ ਨੇ ਰਵਾਇਤੀ ਲੋਕ ਨਾਚ, ਸੰਗੀਤ ਅਤੇ ਸੱਭਿਆਚਾਰਕ ਪੇਸ਼ਕਾਰੀਆਂ ਰਾਹੀਂ ਪੱਛਮੀ ਬੰਗਾਲ ਦੇ ਗੌਰਵਸ਼ਾਲੀ ਸੱਭਿਆਚਾਰ ਦੀ ਝਲਕ ਪੇਸ਼ ਕੀਤੀ, ਜਿਸ ਦੀ ਮੌਜੂਦ ਮਹਿਮਾਨਾਂ ਨੇ ਸ਼ਲਾਘਾ ਕੀਤੀ।



# ਪੰਜਾਬੀ ਸੱਭਿਆਚਾਰ ਤੇ ਵਿਰਾਸਤ



## ਗਤਕਾ : ਅਧਿਆਤਮਕ ਤੇ ਸਰੀਰਕ ਪੱਖ

ਮਨਿੰਦਰਜੀਤ ਸਿੰਘ ਪ੍ਰਰੇਵਾਲ

ਹਿੰਦੁਸਤਾਨ ਦੀ ਧਰਤੀ ਨੇ ਸਮੇਂ ਦੇ ਬਹੁਤ ਉਤਾਰ-ਚੜ੍ਹਾਅ ਨੂੰ ਹੰਢਾਇਆ ਹੈ। ਇਸ ਦੇਸ਼ ਵਿੱਚ ਅਨਗਿਣਤ ਕਲਾਵਾਂ, ਕਲਾ ਦੇ ਮੰਦਰ, ਸ਼ਬਦ ਤੇ ਆਵਾਜ਼ ਦੇ ਰੂਪ ਵਿੱਚ ਇਸ ਧਰਤੀ ਨੂੰ ਭਾਗ ਲਾ ਰਹੇ ਹਨ। ਇਨ੍ਹਾਂ ਅਨਗਿਣਤ ਕਲਾਵਾਂ ਵਿੱਚੋਂ ਇੱਕ ਕਲਾ ਹੈ ਸ਼ਸਤਰ ਕਲਾ। ਭਾਰਤ ਦੇ ਵੱਖ ਵੱਖ ਪ੍ਰਾਂਤਾਂ ਵਿੱਚ ਕਈ ਪ੍ਰਕਾਰ ਦੀਆਂ ਸ਼ਸਤਰ ਕਲਾਵਾਂ ਤੀਰਅੰਦਾਜ਼ੀ, ਕਮਾਨਬਾਜ਼ੀ, ਤਲਵਾਰਬਾਜ਼ੀ, ਗੁਰਜ ਕਲਾ ਆਦਿ ਅੱਜ ਵੀ ਪ੍ਰਚੱਲਿਤ ਹਨ। ਇਨ੍ਹਾਂ ਸ਼ੈਲੀਆਂ ਵਿੱਚੋਂ ਹੀ ਇੱਕ ਸ਼ੈਲੀ ਹੈ ਗਤਕਾ ਜੋ ਵਧੇਰੇ ਕਰਕੇ ਪੰਜਾਬ ਅਤੇ ਉੱਤਰ ਭਾਰਤ ਦੇ ਕਈ ਇਲਾਕਿਆਂ ਵਿੱਚ ਪ੍ਰਚੱਲਿਤ ਹੈ।



ਸ਼ਸਤਰ ਵਿੱਦਿਆ ਦੀ ਸ਼ੁਰੂਆਤ ਧਿਆਨ ਤੋਂ ਹੁੰਦੀ ਹੈ, ਇਸ ਦੀਆਂ ਅਨੇਕਾਂ ਉਦਾਹਰਣਾਂ ਚੀਨ ਅਤੇ ਜਪਾਨ ਦੀਆਂ ਸ਼ਸਤਰ ਕਲਾਵਾਂ ਉੱਪਰ ਖੋਜ ਕਰਨ ਉਪਰੰਤ ਵੀ ਮਿਲੀਆਂ ਹਨ। ਉਸੇ ਤਰ੍ਹਾਂ ਗਤਕੇ ਦੀ ਸ਼ੁਰੂਆਤ ਵੀ ਧਿਆਨ, ਸਿਮਰਨ ਤੋਂ ਹੁੰਦੀ ਹੈ, ਜੇਕਰ ਕ੍ਰਿਆਤਮਕ ਪੱਖ ਤੋਂ ਵੀ ਦੇਖੀਏ ਤਾਂ ਸ਼ਸਤਰ ਕਲਾ ਸਿਖਣ ਅਤੇ ਉਸ ਨੂੰ ਆਪਣੇ ਜੀਵਨ ਸ਼ੈਲੀ ਵਿੱਚ ਸ਼ਾਮਲ ਕਰਨ ਲਈ ਮਨ ਦਾ ਸ਼ਾਂਤ ਅਤੇ ਕਾਬੂ ਵਿੱਚ ਹੋਣਾ ਬਹੁਤ ਜ਼ਰੂਰੀ ਹੈ। ਸ਼ਸਤਰ ਵਿੱਦਿਆ ਦਾ ਖਜ਼ਾਨਾ ਬਾਬਾ ਬੁੱਢਾ ਜੀ ਕੋਲ ਬਹੁਤ ਲੰਬਾ ਸਮਾਂ (ਗੁਰੂ ਨਾਨਕ ਦੇਵ ਤੋਂ ਗੁਰੂ ਹਰਿਗੋਬਿੰਦ ਸਾਹਿਬ ਤੱਕ) ਲਗਪਗ 115 ਸਾਲ ਰਿਹਾ। ਬਾਬਾ ਬੁੱਢਾ ਜੀ ਦੁਆਰਾ ਇੰਨਾ ਲੰਮਾ ਸਮਾਂ ਇਸ ਕਲਾ ਨੂੰ ਸਾਂਭੇ ਰੱਖਣਾ ਸੁਭਾਵਕ ਨਹੀਂ ਸੀ। ਇਹ ਵੀ ਤਾਂ ਹੀ ਸੰਭਵ ਹੋਇਆ ਕਿਉਂਕਿ ਉਨ੍ਹਾਂ ਨੇ ਆਪਣੇ ਆਪ ਨੂੰ ਧਿਆਨ ਪ੍ਰਕਿਰਿਆ ਵਿੱਚ ਮਜਬੂਤ ਬਣਾਈ ਰੱਖਿਆ। ਗੁਰੂ ਨਾਨਕ ਦੇਵ ਨੇ ਜਦੋਂ ਸਰੀਰ ਤਿਆਗਿਆ ਤਾਂ ਗੁਰਗੱਦੀ ਉਪਰ ਬਿਰਾਜਮਾਨ ਹੋਏ ਭਾਈ ਲਹਿਣਾ ਜੀ (ਗੁਰੂ ਅੰਗਦ ਦੇਵ) ਨੇ ਵੀ ਸਭ ਤੋਂ ਜ਼ਿਆਦਾ ਧਿਆਨ, ਸਿਮਰਨ ਅਭਿਆਸ ਵੱਲ ਦਿੱਤਾ। ਨਾਲ ਹੀ ਉਨਾਂ ਮੱਲ ਅਖਾੜੇ ਆਰੰਭ ਦਿੱਤੇ। ਅੱਜ ਮੱਲ ਅਖਾੜੇ ਘੋਲ ਦੇ ਰੂਪ ਵਿੱਚ ਦੁਨੀਆਂ ਭਰ ਵਿੱਚ ਪ੍ਰਚਲਿਤ ਹਨ।

ਗੁਰੂ ਅੰਗਦ ਦੇਵ ਤੋਂ ਬਾਅਦ ਗੁਰੂ ਅਮਰਦਾਸ ਨੇ ਵੀ ਧਿਆਨ, ਸਿਮਰਨ ਨੂੰ ਮੁੱਖ ਰੱਖਿਆ ਤੇ ਮਲ ਅਖਾੜੇ ਦੀ ਵਿਰਾਸਤ ਨੂੰ ਸੰਭਾਲਿਆ। ਗੁਰੂ ਸਾਹਿਬ ਨੇ ਆਪਣੀ ਬਾਣੀ ਅਤੇ ਆਪਣੇ ਉਪਦੇਸ਼ਾਂ ਦੁਆਰਾ ਇਹ ਸੁਨਿਸ਼ਚਿਤ ਕੀਤਾ ਕਿ ਜਿਸ ਤਰ੍ਹਾਂ ਮੱਲ ਯੁੱਧ ਕਰਦਿਆਂ ਯੋਧਿਆਂ ਦਾ ਪਸੀਨਾ ਨਿਕਲਦਾ ਹੈ, ਉਸੇ ਤਰ੍ਹਾਂ ਸਿਮਰਨ ਕਰਦਿਆਂ ਮਨ ਵਿੱਚ ਘਰ ਕੀਤੀਆਂ ਸਮਾਜਿਕ ਕੁਰੀਤੀਆਂ ਨਿਕਲ ਜਾਣੀਆਂ ਚਾਹੀਦੀਆਂ ਹਨ।

ਗੁਰੂ ਅਮਰਦਾਸ ਤੋਂ ਬਾਅਦ ਗੁਰੂ ਰਾਮਦਾਸ ਨੇ ਸੰਗਤ ਦੀ ਮਹੱਤਤਾ ਨੂੰ ਸਮਝਦਿਆਂ ਗੁਰੂ ਸਾਹਿਬ ਨੇ ਸਰਾਵਾਂ ਅਤੇ ਧਰਮ ਮੰਦਰਾਂ ਦੀ ਉਸਾਰੀ ਦਾ ਕਾਰਜ ਆਰੰਭਿਆ। ਇਸੇ ਕਾਰਜ ਤਹਿਤ ਗੁਰੂ ਸਾਹਿਬ ਨੇ ਸ੍ਰੀ ਹਰਿਮੰਦਰ ਸਾਹਿਬ ਦੀ ਉਸਾਰੀ ਵੀ ਆਰੰਭ ਕੀਤੀ ਅਤੇ ਸ੍ਰੀ ਦਰਬਾਰ ਸਾਹਿਬ ਦੇ ਪਹਿਲੇ ਗ੍ਰੰਥੀ ਬਾਬਾ ਬੁੱਢਾ ਜੀ ਨੂੰ ਲਗਾਇਆ। ਜੋ ਕਿ ਅੰਤਰ ਦਰਸ਼ਨ ਅਤੇ ਸ਼ਸਤਰ ਵਿੱਦਿਆ ਦੋਵਾਂ ਦੇ ਧਨੀ ਸਨ। ਫਿਰ ਗੁਰੂ ਅਰਜਨ ਦੇਵ ਨੇ ਸ੍ਰੀ ਹਰਿਮੰਦਰ ਸਾਹਿਬ ਵਿਖੇ ਗੁਰੂ ਗ੍ਰੰਥ ਸਾਹਿਬ ਦਾ ਪ੍ਰਕਾਸ਼ ਕੀਤਾ ਤਾਂ ਜੋ ਹਰ ਸਮੇਂ ਹਰ ਵਰਗ ਦਾ ਮਨੁੱਖ ਗੁਰੂ ਗ੍ਰੰਥ ਸਾਹਿਬ ਤੋਂ ਸੇਧ ਲੈ ਕੇ ਆਪਣਾ ਜੀਵਨ ਸੁਧਾਰ ਸਕੇ। ਦੂਸਰੇ ਪਾਸੇ ਗੁਰੂ ਸਾਹਿਬ ਨੇ ਸਿੱਖਾਂ ਨੂੰ ਧਿਆਨ ਕੇਂਦ੍ਰਿਤ ਕਰਨਾ ਸਿਖਾਇਆ। ਗੁਰੂ ਹਰਿਗੋਬਿੰਦ ਸਾਹਿਬ ਨੇ ਬਚਪਨ ਤੋਂ ਹੀ ਬਾਬਾ ਬੁੱਢਾ ਜੀ ਪਾਸੋਂ ਸ਼ਸਤਰ ਵਿੱਦਿਆ ਪ੍ਰਾਪਤ ਕੀਤੀ, ਪਰ ਪਿਤਾ ਗੁਰੂ ਅਰਜਨ ਸਾਹਿਬ ਦੀ ਸ਼ਹਾਦਤ ਨੇ ਉਨ੍ਹਾਂ ਨੂੰ ਇੱਕ ਨਵੇਂ ਸਿਧਾਂਤ ਨੂੰ ਸਿਰਜਣ ਲਈ ਪ੍ਰੇਰਿਤ ਕੀਤਾ ਅਤੇ ਉਨ੍ਹਾਂ ਨੇ ਦੋ ਤਲਵਾਰਾਂ 'ਮੀਰੀ ਅਤੇ ਪੀਰੀ' ਧਾਰਨ ਕੀਤੀਆਂ। ਗੁਰੂ ਸਾਹਿਬ ਨੇ ਅਜਿਹਾ ਕਰਕੇ ਵਕਤ ਦੀ ਹਕੂਮਤ ਨਾਲ ਜੰਗ ਦਾ ਐਲਾਨ ਕੀਤਾ ਕਿਉਂਕਿ ਜਾਲਮ ਬਾਦਸ਼ਾਹ ਨੇ ਗੁਰੂ ਅਰਜਨ ਦੇਵ ਨੂੰ ਬਹੁਤ ਤਸੀਹੇ ਦੇ ਕੇ ਸ਼ਹੀਦ ਕੀਤਾ ਸੀ। ਗੁਰੂ ਹਰਿਗੋਬਿੰਦ ਸਾਹਿਬ ਨੇ ਹਰਿਮੰਦਰ ਸਾਹਿਬ ਦੇ ਸਾਹਮਣੇ ਅਕਾਲ ਤਖਤ ਸਾਹਿਬ ਦਾ ਨਿਰਮਾਣ ਕਰਕੇ ਹੁਕਮਰਾਨਾਂ ਨੂੰ ਸਾਵਧਾਨ ਕਰ ਦਿੱਤਾ ਸੀ ਕਿ ਹੁਣ ਤੋਂ ਸੰਤ ਦੀ ਰਾਖੀ ਸੰਤ ਦੀ ਤੇਗ ਹੀ ਕਰੇਗੀ। ਇਸ ਤਰ੍ਹਾਂ ਗੁਰੂ ਹਰਿਗੋਬਿੰਦ ਸਾਹਿਬ ਨੇ ਸੰਤ ਦੇ ਹੱਥ ਵਿੱਚ ਤੇਗ ਦੇ ਕੇ ਉਸ ਦੇ ਅੰਦਰ ਬੀਰ ਰਸ (ਜੋਸ਼) ਭਰ ਦਿੱਤਾ। ਉਨ੍ਹਾਂ ਵੱਲੋਂ ਸ੍ਰੀ ਅਕਾਲ ਤਖਤ ਦੇ ਸਾਹਮਣੇ ਗਤਕਾ ਸਿਖਲਾਈ ਦਿੱਤੀ ਜਾਂਦੀ ਅਤੇ ਮੁਕਾਬਲੇ ਵੀ ਕਰਵਾਏ ਜਾਂਦੇ ਰਹੇ। ਫਿਰ ਗੁਰੂ ਹਰਿ ਰਾਇ ਸਾਹਿਬ ਅਤੇ ਗੁਰੂ ਹਰਿਕ੍ਰਿਸ਼ਨ ਸਾਹਿਬ ਨੇ ਕੇਵਲ ਗੁਰਮਤਿ ਨਾਲ ਜੁੜ ਕੇ ਧਿਆਨ ਸਿਮਰਨ ਕਰਨ ਵੱਲ ਪ੍ਰੇਰਿਆ। ਗੁਰੂ ਹਰਿਕ੍ਰਿਸ਼ਨ ਸਾਹਿਬ ਤੋਂ ਬਾਅਦ, ਤੇਗ ਦੇ ਧਨੀ ਗੁਰੂ ਤੇਗ ਬਹਾਦਰ ਸਾਹਿਬ ਨੇ ਸ਼ਾਂਤਮਈ ਢੰਗ ਨਾਲ ਹਕੂਮਤ ਦੇ ਜ਼ੁਲਮ ਦਾ ਵਿਰੋਧ ਕੀਤਾ ਅਤੇ ਸ਼ਹਾਦਤ ਦਿੱਤੀ। ਇਸੇ ਤਰ੍ਹਾਂ ਕਰਕੇ ਗੁਰੂ ਸਾਹਿਬ ਨੇ ਆਪਣੀ ਅਨੁਯਾਈਆਂ ਨੂੰ ਇਹ ਸਿੱਖਿਆ ਦਿੱਤੀ ਕਿ ਜਦੋਂ ਤੱਕ ਹਰ ਹੀਲਾ ਖਤਮ ਨਾ ਹੋ ਜਾਵੇ ਉਦੋਂ ਤੱਕ ਤਲਵਾਰ ਦਾ ਸਹਾਰਾ ਨਹੀਂ ਲੈਣਾ। ਗੁਰੂ ਗੋਬਿੰਦ ਸਿੰਘ ਜੀ ਨੇ ਵੀ ਇਹ ਰਸਤਾ ਹੀ ਅਪਣਾਇਆ ਕਿਉਂਕਿ ਜਾਲਮ ਦਾ ਜ਼ੁਲਮ ਹਦ ਤੋਂ ਪਾਰ ਹੋ ਚੁੱਕਾ ਸੀ ਤੇ ਉਸ ਨੂੰ ਰੋਕਣ ਦਾ ਹਰ ਹੀਲਾ ਵੀ ਬੇਕਾਰ ਹੋ ਗਿਆ ਸੀ। ਇਸ ਲਈ ਗੁਰੂ ਸਾਹਿਬ ਨੇ ਜ਼ਾਲਮ ਨਾਲ ਸਿੱਧੀ ਟੱਕਰ ਲਈ। ਗੁਰੂ ਸਾਹਿਬ ਨੇ ਔਰੰਗਜ਼ੇਬ ਦੇ ਨਾਮ ਲਿਖੀ ਆਪਣੀ ਫ਼ਤਹਿ ਦੀ ਚਿੱਠੀ ਜ਼ਫ਼ਰਨਾਮਾ ਵਿੱਚ ਇਹ ਲਿਖ ਕੇ ਸਾਬਿਤ ਕੀਤਾ ਕਿ ਉਨ੍ਹਾਂ ਨੇ ਮਜ਼ਬੂਰਨ ਤੇਗ ਚੁੱਕੀ ਹੈ ਕਿਉਂਕਿ ਹੁਕਮਰਾਨ ਨੇ ਹੋਰ ਕੋਈ ਰਸਤਾ ਹੀ ਨਹੀਂ ਛੱਡਿਆ। ਸਿੱਖ ਸਮਾਜ ਦੇ ਨਾਲ ਨਾਲ ਇਹ ਸਿੱਖਿਆ ਹੌਲੀ-ਹੌਲੀ ਹੋਰ ਵਰਗਾਂ ਨੂੰ ਵੀ ਪ੍ਰਭਾਵਿਤ ਕਰਨ ਲੱਗ ਗਈ। ਪੁਲਿਸ ਅਤੇ ਫੌਜ ਵਿੱਚ ਭਰਤੀ ਹੋਣ ਸਮੇਂ ਘੋੜਸਵਾਰੀ ਦੇ ਨਾਲ-ਨਾਲ ਬਹੁਤ ਸਾਰੇ ਅਹੁਦਿਆਂ ਦੀ ਨਿਯੁਕਤੀ ਲਈ ਗੱਤਕੇਬਾਜ਼ ਨੂੰ ਪਹਿਲ ਦਿੱਤੀ ਜਾਂਦੀ ਸੀ। ਕਈ ਘਰਾਣਿਆਂ ਵਿੱਚ ਤਾਂ ਬਹੁਤ ਛੋਟੀ ਉਮਰ ਵਿੱਚ ਹੀ ਬੱਚਿਆਂ ਨੂੰ ਹੀ ਗਤਕਾ ਖੇਡਣ ਦੀ ਜਾਂਚ ਸਿਖਾਈ ਜਾਂਦੀ ਸੀ। ਜਿਸ ਥਾਂ 'ਤੇ ਗਤਕੇ ਦੀ ਸਿੱਖਿਆ ਦਿੱਤੀ ਜਾਂਦੀ ਸੀ ਉਸ ਨੂੰ ਅਖਾੜਾ ਕਿਹਾ ਜਾਂਦਾ ਸੀ। ਸਿੱਖਣ ਵਾਲਿਆਂ ਲਈ ਸਮੇਂ ਦੀ ਪਾਬੰਦੀ, ਜਗ੍ਹਾ ਦੀ ਪਾਬੰਦੀ ਅਤੇ ਰਹਿਤ ਦੀ ਪਾਬੰਦੀ ਕਰਨੀ ਅਤਿ ਜ਼ਰੂਰੀ ਸਮਝੀ ਜਾਂਦੀ ਸੀ। ਹੌਲੀ-ਹੌਲੀ ਇੱਕ ਅਖਾੜੇ ਤੋਂ ਕਈ ਅਖਾੜੇ ਪਿੰਡਾਂ ਕਸਬਿਆਂ ਵਿੱਚ ਸਥਾਪਿਤ ਹੋਣ ਲੱਗੇ ਅਤੇ ਫਿਰ ਇਨ੍ਹਾਂ ਅਖਾੜਿਆਂ ਵਿੱਚ ਆਪਸੀ ਮੁਕਾਬਲੇ ਵੀ ਕਰਵਾਏ ਜਾਂਦੇ। ਸਿੱਖ ਮਿਸਲਾਂ ਦੀ ਹੋਂਦ ਅਤੇ ਮਹਾਰਾਜਾ ਰਣਜੀਤ ਸਿੰਘ ਦੇ ਖਾਲਸਾ ਰਾਜ ਤੱਕ ਅਜਿਹਾ ਹੁੰਦਾ ਰਿਹਾ।

ਇਸ ਖੇਡ ਵਿੱਚ ਮੁੱਖ ਰੂਪ ਵਿੱਚ ਦੋ ਪੱਖਾਂ ਵਿੱਚ ਨਿਪੁੰਨਤਾ ਹਾਸਲ ਕਰਨੀ ਜ਼ਰੂਰੀ ਹੈ - ਪਹਿਲਾਂ ਤਾਂ ਆਪਣੇ ਵਿਰੋਧੀ ਦਾ ਹਮਲਾ ਰੋਕਣਾ ਅਤੇ ਦੂਜਾ ਵਿਰੋਧੀ 'ਤੇ ਹਮਲਾ ਕਰਨਾ। ਗੱਤਕਾ ਖੇਡਣ ਲਈ ਮੁੱਖ ਤੌਰ 'ਤੇ ਦੋ ਤਰ੍ਹਾਂ ਦੇ ਹਥਿਆਰ ਵਰਤੇ ਜਾਂਦੇ ਹਨ। ਹਮਲਾ ਕਰਨ ਲਈ ਗੱਤਕਾ ਸੋਟੀ ਜਾਂ ਤਲਵਾਰ ਅਤੇ ਹਮਲਾ ਰੋਕਣ ਲਈ ਢਾਲ ਹੁੰਦੀ ਹੈ। ਗੱਤਕਾ ਇਕ ਮੀਟਰ (39 ਇੰਚ) ਦੇ ਕਰੀਬ ਲੰਬਾ ਡੰਡਾ ਹੁੰਦਾ ਹੈ। ਇਸ ਦੇ ਇੱਕ ਸਿਰੇ 'ਤੇ ਹੱਥ ਦੀ ਚੰਗੀ ਪਕੜ ਅਤੇ ਸੁਰੱਖਿਆ ਲਈ ਇੱਕ ਗੱਦੀ ਲਗਾਈ ਹੁੰਦੀ ਹੈ। ਢਾਲ ਲੱਕੜ ਜਾਂ ਲੋਹੇ ਦੀ ਬਣੀ ਹੁੰਦੀ ਹੈ, ਜਿਸ ਦੇ ਅੰਦਰਲੇ ਪਾਸੇ ਫੜਨ ਲਈ ਮਜ਼ਬੂਤ ਕੁੰਡੀ ਲੱਗੀ ਹੁੰਦੀ ਹੈ। ਸ਼ੁਰੂ ਵਿੱਚ ਗਤਕੇ ਦੀ ਸਿਖਲਾਈ ਦਿੱਤੀ ਜਾਂਦੀ ਹੈ ਅਤੇ ਕੁਝ ਮੁਹਾਰਤ ਹਾਸਲ ਕਰ ਲੈਣ ਤੋਂ ਬਾਅਦ ਤਲਵਾਰ ਅਤੇ ਕਈ ਹੋਰ ਪ੍ਰਮੁੱਖ ਹਥਿਆਰਾਂ ਖੰਡਾ (ਦੋ ਧਾਰੀ ਤਲਵਾਰ), ਤਵਰ (ਕੁਹਾੜਾ), ਬਰਛਾ, ਚੱਕਰ, ਨੇਜਾ ਅਤੇ ਜਾਲ ਨਾਲ ਸਿਖਲਾਈ ਦਿੱਤੀ ਜਾਂਦੀ ਹੈ। ਆਜ਼ਾਦੀ ਤੋਂ ਬਾਅਦ ਖਾਸ ਤੌਰ 'ਤੇ ਇਸ ਸਿੱਖਿਆ ਵੱਲ ਲੋਕਾਂ ਦਾ ਧਿਆਨ ਹੌਲੀ-ਹੌਲੀ ਘਟਦਾ ਚਲਾ ਗਿਆ। ਕਿਉਂਕਿ ਤਲਵਾਰਾਂ, ਨੇਜੇ, ਬਰਛੇ, ਖੰਡੇ ਅਤੇ



ਤੀਰ ਕਮਾਨ ਦੀ ਜਗ੍ਹਾ ਹਥਿਆਰ ਬੰਦੂਕਾਂ, ਪਸਤੌਲਾਂ, ਰਿਵਾਲਵਰਾਂ, ਰਾਕਟਾਂ, ਲਾਂਚਰਾਂ, ਮਿਜ਼ਾਈਲਾਂ ਅਤੇ ਪ੍ਰਮਾਣੂ ਹਥਿਆਰਾਂ ਦੀ ਵਰਤੋਂ ਨੂੰ ਤਰਜੀਹ ਦਿੱਤੀ ਜਾਣ ਲੱਗੀ। ਕੁਝ ਸਮਾਂ ਪਹਿਲਾਂ ਜੇਕਰ ਇੱਕ ਦਹਾਕਾ ਪਹਿਲਾਂ ਦੀ ਗੱਲ ਨਾ ਕਰੀਏ ਤਾਂ ਉਸ ਤੋਂ ਪਹਿਲਾਂ ਇਹ ਖੇਡ ਨਿਹੰਗ ਸਿੰਘਾਂ ਅਤੇ ਅਜਿਹੇ ਕੁਝ ਹੋਰ ਸਮੂਹਾਂ ਤਕ ਹੀ ਸੀਮਿਤ ਰਹਿ ਗਈ ਸੀ। ਮੇਲਿਆਂ ਅਤੇ ਨਗਰ-ਕੀਰਤਨ ਵਿੱਚ ਗੱਤਕੇਬਾਜ਼ੀ ਨੂੰ ਰੌਚਕ ਤੌਰ 'ਤੇ ਪ੍ਰਦਰਸ਼ਿਤ ਕੀਤਾ ਜਾਂਦਾ ਸੀ। ਵੱਖ-ਵੱਖ ਸਮਿਆਂ 'ਤੇ ਗਤਕੇ ਨੂੰ ਇੱਕ ਖੇਡ ਵਜੋਂ ਮਾਨਤਾ ਦਿੱਤੇ ਜਾਣ ਦੀ ਗੱਲ ਤੁਰਦੀ ਰਹੀ ਅਤੇ ਲੁਕਦੀ ਰਹੀ ਹੈ। ਪਰ ਪੰਜਾਬ ਸਰਕਾਰ ਨੇ ਇਸ ਵਿੱਦਿਆ ਅਤੇ ਇਸ ਖੇਡ ਨੂੰ ਸੰਭਾਲਣ ਦਾ ਉਪਰਾਲਾ ਕੀਤਾ ਹੈ। ਜਿਸ ਕਾਰਨ ਪਹਿਲਾਂ ਇੰਟਰ ਕਾਲਜ ਅਤੇ ਫਿਰ ਇੰਟਰ ਯੂਨੀਵਰਸਿਟੀ ਮੁਕਾਬਲੇ ਕਰਵਾਏ ਜਾਣ ਲੱਗ ਪਏ ਹਨ। ਇਸ ਵਿੱਦਿਆ ਨੂੰ ਪ੍ਰਫੁੱਲਤ ਕਰਨ ਲਈ ਫੈਡਰੇਸ਼ਨਾਂ ਅਤੇ ਕਈ ਸਿੱਖ ਜਥੇਬੰਦੀਆਂ ਵੀ ਕੋਸ਼ਿਸ਼ ਕਰ ਰਹੀਆਂ ਹਨ। ਇੱਥੇ ਇਹ ਬਹੁਤ ਜ਼ਰੂਰੀ ਹੋ ਜਾਂਦਾ ਹੈ ਕਿ ਗੁਰੂਆਂ ਵੱਲੋਂ ਸ਼ੁਰੂ ਕੀਤੀ ਇਸ ਖੇਡ ਨੂੰ ਨਿਰਸਵਾਰਥ ਹੋ ਕੇ ਅਣਗੋਲਿਆਂ ਕੀਤੇ ਬਿਨ੍ਹਾਂ ਹੋਰ ਸਮਾਂ ਨਾ ਗਵਾਉਂਦੇ ਹੋਏ ਦੁਨੀਆਂ ਭਰ 'ਚ ਪ੍ਰਚਲਿਤ ਅਤੇ ਸਥਾਪਿਤ ਕੀਤਾ ਜਾਵੇ।

## ਸਾਕਾ : ਜਲਿਆਂ ਵਾਲੇ ਬਾਗ ਦਾ

ਡਾ. ਮੁਹੰਮਦ ਸ਼ਫੀਕ



ਜਲ੍ਹਿਆਂਵਾਲਾ ਬਾਗ ਅੰਮ੍ਰਿਤਸਰ ਸ਼ਹਿਰ ਵਿੱਚ ਸ੍ਰੀ ਹਰਿਮੰਦਰ ਸਾਹਿਬ ਨੇੜੇ ਉਹ ਸਥਾਨ ਹੈ ਜਿੱਥੇ 13 ਅਪਰੈਲ 1919 ਨੂੰ ਅੰਗਰੇਜ਼ ਸਰਕਾਰ ਦੇ ਫੌਜੀ ਅਧਿਕਾਰੀ ਜਨਰਲ ਡਾਇਰ ਨੇ ਨਿਹੱਥੇ ਪੰਜਾਬੀਆਂ ਦੇ ਇਕੱਠ 'ਤੇ ਗੋਲੀ ਚਲਵਾਈ ਸੀ। ਇਸ ਦਿਨ ਲੋਕ ਸ੍ਰੀ ਹਰਿਮੰਦਰ ਸਾਹਿਬ ਵਿਸਾਖੀ ਮਨਾਉਣ ਇੱਕਠੇ ਹੋਏ ਸਨ। ਖ਼ੁਸ਼ਵੰਤ ਸਿੰਘ ਅਨੁਸਾਰ, ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਘੋੜ ਦੌੜ ਆਦਿ ਕਈ ਪ੍ਰਕਾਰ ਦੀਆਂ ਖੇਡਾਂ ਮੇਲੇ ਵਿੱਚ ਹੋਣੀਆਂ ਸਨ, ਜਿਸ ਕਾਰਨ ਲੋਕ ਦੁਪਹਿਰ ਸਮੇਂ ਆਰਾਮ ਕਰਨ ਲਈ ਬਾਗ ਵਿੱਚ ਇੱਕਠੇ ਹੋਏ ਸਨ। ਸਥਾਨਕ ਕਾਂਗਰਸੀ ਲੀਡਰਾਂ ਨੇ ਇਸ ਸਾਲ ਜਲ੍ਹਿਆਂਵਾਲੇ ਬਾਗ ਵਿੱਚ ਜਲਸਾ ਕਰਨ ਦਾ ਫ਼ੈਸਲਾ ਕੀਤਾ ਜਿਸ ਬਾਰੇ 12 ਅਪਰੈਲ ਨੂੰ ਹੀ ਮੁਨਾਦੀ ਕਰਵਾ ਦਿੱਤੀ ਗਈ ਸੀ।

ਇਸ ਜਲਸੇ ਦਾ ਪ੍ਰਯੋਜਨ ਸਰਕਾਰ ਵਿਰੁੱਧ ਰੋਸ ਪ੍ਰਗਟ ਕਰਨਾ ਸੀ ਕਿਉਂਕਿ ਰੋਲੈਟ ਐਕਟ ਦੇ ਵਿਰੋਧ ਵਿੱਚ ਰਾਸ਼ਟਰ ਵਿਆਪੀ ਅੰਦੋਲਨ ਨੂੰ ਦਬਾਉਣ ਲਈ ਅੰਗਰੇਜ ਸਰਕਾਰ ਨੇ ਕਈ ਸਖ਼ਤ ਕਦਮ ਚੁੱਕੇ ਅਤੇ ਉੱਘੇ ਨੇਤਾਵਾਂ ਨੂੰ ਨਜ਼ਰਬੰਦ ਕਰ ਲਿਆ ਗਿਆ ਸੀ। ਪੰਜਾਬ ਵਿੱਚ ਡਾ. ਸਤਪਾਲ ਤੇ ਡਾ. ਕਿਚਲੂ ਨੂੰ ਗ੍ਰਿਫਤਾਰ ਕਰ ਲਿਆ ਗਿਆ ਸੀ ਜਿਸ ਦੇ ਵਿਰੋਧ ਵਿੱਚ 9 ਅਪਰੈਲ 1919 ਨੂੰ ਹਿੰਦੂ, ਸਿੱਖ ਤੇ ਮੁਸਲਮਾਨਾਂ ਨੇ ਇੱਕ ਸਾਂਝਾ ਜਲੂਸ ਕੱਢਿਆ ਅਤੇ ਇਨ੍ਹਾਂ ਦੋਹਾਂ ਨੇਤਾਵਾਂ ਦੀ ਰਿਹਾਈ ਦੀ ਮੰਗ ਕੀਤੀ। ਇਸ ਜਲੂਸ ਉੱਤੇ ਸਰਕਾਰ ਨੇ ਗੋਲੀ ਚਲਾ ਦਿੱਤੀ, ਜਿਸ ਦੇ ਸਿੱਟੇ ਵਜੋਂ ਲੋਕਾਂ ਵਿਚ ਰੋਹ ਭੜਕ ਉੱਠਿਆ ਅਤੇ ਜਲ੍ਹਿਆਂਬਾਗ ਵਿਚ 4.30 ਵਜੇ ਜਲਸਾ ਕਰਵਾਇਆ ਗਿਆ। ਦੁਪਹਿਰ ਇਕ ਵਜੇ ਦੇ ਕਰੀਬ ਇਸ ਦੀ ਖ਼ਬਰ ਜਨਰਲ ਡਾਇਰ ਨੂੰ ਮਿਲ ਗਈ। ਉਸ ਨੇ ਸੁਣਦੇ ਸਾਰ ਹੀ ਆਪਣੇ ਫ਼ੌਜੀ ਦਸਤਿਆਂ ਨਾਲ ਬਾਗ ਵੱਲ ਕੂਚ ਕਰ ਦਿੱਤਾ। ਚਾਰ ਚੁਫੇਰਿਉਂ ਉੱਚੇ ਘਰਾਂ ਨਾਲ ਘਿਰੇ ਇਸ ਬਾਗ ਵਿੱਚ ਵੜਨ ਲਈ ਇਕ ਤੰਗ ਜਿਹੀ ਗਲੀ ਸੀ ਜਿਸ ਰਾਹੀਂ ਡਾਇਰ ਆਪਣੇ ਫ਼ੌਜੀਆਂ ਸਮੇਤ ਅੰਦਰ ਆ ਗਿਆ। ਡਾਇਰ ਨੇ ਅੰਦਰ ਵੜਦਿਆਂ ਹੀ ਬਿਨਾ ਕਿਸੇ ਪੂਰਵ ਐਲਾਨ ਦੇ ਗੋਲੀ ਚਲਵਾ ਦਿੱਤੀ। ਲੋਕ ਦਹਿਸ਼ਤ ਕਾਰਨ ਬਾਹਰ ਨਿਕਣ ਲਈ ਇੱਧਰ ਉੱਧਰ ਭੱਜਣ ਲੱਗੇ ਪਰ ਕੋਈ ਰਸਤਾ ਨਾ ਮਿਲਿਆ।

ਸਰਕਾਰੀ ਸੂਤਰਾਂ ਅਨੁਸਾਰ ਇਸ ਦੌਰਾਨ 381 ਵਿਅਕਤੀ ਮਰੇ ਅਤੇ 1290 ਜ਼ਖ਼ਮੀ ਹੋਏ ਪਰ ਗੈਰ ਸਰਕਾਰੀ ਸੂਤਰਾਂ ਅਨੁਸਾਰ ਮਰਨ ਵਾਲਿਆਂ ਦੀ ਗਿਣਤੀ 700 ਅਤੇ ਜ਼ਖ਼ਮੀ ਹੋਣ ਵਾਲਿਆਂ ਦੀ ਗਿਣਤੀ 1400 ਤੋਂ 2000 ਸੀ। ਕਈ ਘਬਰਾਹਟ ਨਾਲ ਖੂਹ ਵਿਚ ਛਾਲਾਂ ਮਾਰ ਕੇ ਮਰ ਗਏ। ਉਸ ਦਿਨ ਸ਼ਹਿਰ ਵਿੱਚ ਕਰਫਿਊ ਲਗਾ ਦਿੱਤਾ ਗਿਆ। ਪ੍ਰੋ. ਹਰਿੰਦਰ ਸਿੰਘ ਮਹਿਬੂਬ ਨੇ ਇਸ ਘਟਨਾ ਨੂੰ 'ਝਨਾ ਦੀ ਰਾਤ ਵਿਚ ਇਉਂ ਲਿਖਿਆ ਹੈ:

ਬੁਰਜ ਸ਼ਹੀਦਾਂ ਦੇਖਦੇ ਵਡ ਬਲੀ ਨਿਰਾਸੇ।
ਜਲ੍ਹਿਆਂ ਵਾਲੇ ਬਾਗ ਦੇ ਉਹ ਸ਼ੇਰ ਪਿਆਸੇ।



ਇਸ ਸਾਕੇ ਨੇ ਭਾਰਤ ਵਾਸੀਆਂ ਦੇ ਮਨਾਂ ਨੂੰ ਝੰਜੋੜ ਕੇ ਰੱਖ ਦਿੱਤਾ ਅਤੇ ਬਰਤਾਨਵੀ ਸਰਕਾਰ ਵਿਰੁੱਧ ਉਨ੍ਹਾਂ ਦੀ ਵਿਦਰੋਹ ਦੀ ਭਾਵਨਾ ਭੜਕ ਉੱਠੀ। ਉਨ੍ਹਾਂ ਨੇ ਪੁਲ਼ਾਂ, ਡਾਕਖਾਨਿਆਂ ਅਤੇ ਹੋਰ ਸਰਕਾਰੀ ਇਮਾਰਤਾਂ ਨੂੰ ਅੱਗਾਂ ਲਗਾ ਦਿੱਤੀਆਂ। ਟੈਲੀਫੋਨ ਅਤੇ ਤਾਰ ਘਰਾਂ ਦੀਆਂ ਤਾਰਾਂ ਕੱਟ ਦਿੱਤੀਆਂ ਗਈਆਂ, ਜਿਸ ਕਾਰਨ ਅੰਗਰੇ✤ ਸਰਕਾਰ ਨੇ ਪਹਿਲਾਂ ਅੰਮ੍ਰਿਤਸਰ ਵਿੱਚ ਤੇ ਫਿਰ ਇਸ ਦੇ ਨਾਲ ਲਗਦੇ ਜ਼ਿਲ੍ਹਿਆਂ ਵਿੱਚ ਮਾਰਸ਼ਲ ਲਾਅ ਲਗਾ ਦਿੱਤਾ। ਇਸ ਦਰਦਨਾਕ ਸਾਕੇ ਨੂੰ ਸੁਨਾਮ ਦੇ ਜੰਮਪਲ ਊਧਮ ਸਿੰਘ ਨੇ ਅੱਖੀਂ ਦੇਖਿਆ ਅਤੇ ਉਸ ਨੇ ਲਾਸ਼ਾਂ ਦੇ ਢੇਰ ਵਿੱਚ ਖੜ੍ਹੇ ਹੋ ਕੇ ਪ੍ਰਣ ਕੀਤਾ ਕਿ ਉਹ ਇਸ ਸਾਕੇ ਦਾ ਬਦਲਾ ਲਵੇਗਾ। ਉਹ ਕ੍ਰਾਂਤੀਕਾਰੀਆਂ ਵਿੱਚ ਜਾ ਰਲਿਆ। ਵੀਹ ਸਾਲ ਤਕ ਉਹ ਬਦਲਾ ਲੈਣ ਲਈ ਮੌਕਾ ਭਾਲਦਾ ਰਿਹਾ ਅਤੇ ਅਖੀਰ 13 ਮਾਰਚ 1940 ਨੂੰ ਇੰਡੀਆ ਹਾਊਸ ਵਿੱਚ ਲੈਕਚਰ ਦੇ ਰਹੇ ਸਰ ਮਾਈਕਲ ਓਡਵਾਇਰ ਨੂੰ ਗੋਲੀ ਮਾਰ ਕੇ ਉਸ ਨੇ ਆਪਣਾ ਪ੍ਰਣ ਪੂਰਾ ਕੀਤਾ। 31 ਜੁਲਾਈ 1940 ਨੂੰ ਊਧਮ ਸਿੰਘ ਨੂੰ ਫਾਂਸੀ ਦੇ ਦਿੱਤੀ ਗਈ। 15 ਅਗਸਤ 1947 ਨੂੰ ਦੇਸ਼ ਦੇ ਆਜ਼ਾਦ ਹੋਣ ਉਪਰੰਤ ਭਾਰਤ ਸਰਕਾਰ ਨੇ ਜਲ੍ਹਿਆਂ ਵਾਲੇ ਬਾਗ ਨੂੰ ਖ਼ਰੀਦ ਕੇ ਇਕ ਰਾਸ਼ਟਰੀ ਯਾਦਗਾਰੀ ਸਮਾਰਕ ਉਸਾਰਣ ਦੀ ਯੋਜਨਾ ਬਣਾਈ। ਇਸ ਕੰਮ ਲਈ ਇਕ ਕਮੇਟੀ ਦਾ ਗਠਨ ਕੀਤਾ ਗਿਆ ਅਤੇ 5,65,000 ਰੁਪਏ ਵਿੱਚ ਇਹ ਜਗ੍ਹਾ ਖ਼ਰੀਦ ਲਈ। ਮੈਦਾਨ ਵਿੱਚ ਇਕ ਚੋਰਸ ਥੜਾ ਬਣਾ ਕੇ ਇਸ ਉੱਤੇ ਇਕ ਯਾਦਗਾਰੀ ਸਤੂਪ ਬਣਾਇਆ ਗਿਆ ਜਿਸ ਦੇ ਆਸੇ-ਪਾਸੇ ਪੱਥਰ ਦੇ ਚਾਰ ਚਾਨਣ ਮੁਨਾਰੇ ਹਨ। ਇਹ ਸਤੂਪ ਜੈਪੁਰ ਤੋਂ ਲਿਆਂਦੇ ਲਾਲ ਪੱਥਰ ਦੇ 300 ਟੁਕੜਿਆਂ ਦਾ ਬਣਿਆ ਹੋਇਆ ਹੈ। ਉਸ ਸਮੇਂ ਦੇ ਰਾਸ਼ਟਰਪਤੀ ਡਾ. ਰਾਜਿੰਦਰ ਪ੍ਰਸਾਦ ਨੇ 1961 ਈ. ਵਿਚ ਇਸ ਦਾ ਉਦਘਾਟਨ ਕੀਤਾ। ਇੱਥੇ ਇਕ ਆਰਟ ਗੈਲਰੀ ਵੀ ਬਣਾਈ ਗਈ ਹੈ। ਮਹਾਤਮਾ ਗਾਂਧੀ ਨੇ ਜਲ੍ਹਿਆਂ ਵਾਲੇ ਬਾਗ ਦੇ ਸਾਕੇ ਤੋਂ ਬਾਅਦ ਕਿਹਾ ਸੀ ਕਿ ਉਹ ਡਾਇਰ ਨੂੰ ਸਜ਼ਾ ਨਹੀਂ ਦੇਣਾ ਚਾਹੁੰਦੇ। ਉਨ੍ਹਾਂ ਕਿਹਾ ਕਿ ਉਹ ਤਾਂ ਸਿਰਫ ਸਿਸਟਮ ਨੂੰ ਬਦਲਣਾ ਚਾਹੁੰਦੇ ਹਨ ਜਿਸ ਨੇ ਡਾਇਰ ਨੂੰ ਜਨਮ ਦਿੱਤਾ। 8 ਜੁਲਾਈ 1920 ਈ. ਨੂੰ ਕਰਨਲ ਜ਼ੋਸੀਅਰ ਸੀ ਵੈਜਫੁਡ ਨੇ ਲੰਡਨ ਵਿੱਚ ਜਲ੍ਹਿਆਂਵਾਲਾ ਬਾਗ ਬਾਰੇ ਹੋਈ ਬਹਿਸ ਵਿੱਚ ਕਿਹਾ ਸੀ, 'ਬਰਤਾਨੀਆ ਦੇ ਇਤਹਾਸ ਵਿੱਚ ਪਹਿਲਾਂ ਕਿਧਰੇ ਵੀ ਅਜਿਹੀ ਘਟਨਾ ਨਹੀਂ ਵਾਪਰੀ। ਹਿੰਦੁਸਤਾਨ ਨਾਲ ਸਾਡੇ ਸਰਬਾਂਗੀ ਰਿਸ਼ਤਿਆਂ ਵਿੱਚ ਅਜਿਹੀ ਚੀਜ਼ ਅੱਜ ਤੋਂ ਪਹਿਲਾਂ ਨਹੀ ਲੱਭਦੀ। ਉੱਥੇ ਇਕ ਯਾਦਗਾਰੀ ਸਮਾਧੀ ਉਸਾਰੀ ਜਾਏਗੀ। ਉਸ ਦੇ ਦਰਸ਼ਨਾਂ ਨੂੰ ਹਰ ਸਾਲ ਹਜ਼ਾਰਾਂ ਹਿੰਦੁਸਤਾਨੀ ਆਇਆ ਕਰਨਗੇ। ਫਿਰ ਜਦੋਂ ਅਸੀਂ ਮਨੁੱਖ ਵਾਦੀ ਦ੍ਰਿਸ਼ਟੀਕੋਣ ਦੀ ਗੱਲ ਕਰਾਗੇ ਤਾਂ ਇਹ ਖੂਨੀ ਦਾਸਤਾਨ ਸਾਡੇ ਮੂੰਹ 'ਤੇ ਮਾਰੀ ਜਾਏਗੀ।' ਫਰਵਰੀ 2013 ਨੂੰ ਬਰਤਾਨੀਆ ਦਾ ਪ੍ਰਧਾਨ ਮੰਤਰੀ ਡੇਵਿਡ ਕੈਮਰੋਨ ਜਲ੍ਹਿਆਂਵਾਲਾ ਬਾਗ ਵਿੱਚ ਆਇਆ ਤੇ ਉਸ ਨੇ ਇਸ ਨੂੰ ਬਰਤਾਨੀਆ ਦੇ ਇਤਿਹਾਸ ਦਾ ਇੱਕ ਸ਼ਰਮਨਾਕ ਕਾਰਾ ਦੱਸਿਆ ਸੀ। ਅਜੋਕੇ ਸਮੇਂ ਵਿਚ ਅੰਗਰੇਜ ਸਰਕਾਰ ਵੱਲੋਂ ਇਸ ਸਬੰਧੀ ਮਾਫੀ ਮੰਗਣ 'ਤੇ ਜ਼ੋਰ ਦਿੱਤਾ ਗਿਆ, ਜਿਸ ਬਾਰੇ 6 ਦਸੰਬਰ 2017 ਨੂੰ ਲੰਡਨ ਦੇ ਮਾਯੁਰ ਸਦੀਕ ਖਾਨ ਨੇ ਕਿਹਾ ਕਿ ਅੰਗਰੇਜ ਸਰਕਾਰ ਇਸ ਸਬੰਧੀ ਮਾਫੀ ਮੰਗਦੀ ਹੈ, ਜੋ ਕਿ ਜ਼ਰੂਰੀ ਹੈ। ਡਾ. ਗੰਡਾ ਸਿੰਘ ਅਨੁਸਾਰ ਜਲ੍ਹਿਆਂਵਾਲਾ ਬਾਗ ਦੇ ਸਾਕੇ ਨੇ ਭਾਰਤੀਆਂ ਨੂੰ ਹਲੂਣ ਦਿੱਤਾ। ਉਹ ਆਜ਼ਾਦੀ ਨੂੰ ਪ੍ਰਾਪਤ ਕਰਨ ਲਈ ਇਕ ਹੋ ਗਏ। ਜਲ੍ਹਿਆਂਵਾਲਾ ਬਾਗ ਦੇ ਸਾਕੇ ਨੇ ਹੀ ਸ਼ਹੀਦ ਭਗਤ ਸਿੰਘ, ਰਾਜਗੁਰੂ, ਸੁਖਦੇਵ ਅਤੇ ਊਧਮ ਸਿੰਘ ਜਿਹੇ ਯੋਧਿਆ ਨੂੰ ਆਜ਼ਾਦੀ ਦੀ ਚਿਣਗ ਲਗਾਈ। ਅੱਜ ਇਹ ਬਾਗ ਭਾਰਤ ਦੀ ਆਜ਼ਾਦੀ ਲਈ ਕੀਤੀ ਲੜਾਈ ਅਤੇ ਕੁਰਬਾਨੀ ਦਾ ਪ੍ਰਤੀਕ ਬਣ ਗਿਆ ਹੈ।

## ਕਿੱਥੋਂ ਤੱਕ ਸਹੀ ਹੈ ਵਿਰਾਸਤੀ ਭਵਨਾਂ ਦੀ ਸੌਦੇਬਾਜੀ ?

ਅਨਿਲ ਜੈਨ

ਦੇਸ਼ ਦੇ ਬੇਸ਼ਕੀਮਤੀ ਸਾਧਨਾਂ ਪਾਣੀ , ਜੰਗਲ , ਜ਼ਮੀਨ ਦੇ ਨਾਲ ਹੀ ਸਿੱਖਿਆ , ਸਿਹਤ , ਫ਼ੌਜ , ਰੇਲਵੇ , ਏਅਰਲਾਈਨਜ਼ , ਸੰਚਾਰ ਆਦਿ ਸੇਵਾਵਾਂ ਅਤੇ ਹੋਰ ਵੱਡੇ-ਵੱਡੇ ਜਨਤਕ ਉਪਕਰਨਾਂ ਨੂੰ ਮੁਨਾਫ਼ਾਖੋਰ ਉਦਯੋਗਿਕ ਘਰਾਣਿਆਂ ਦੇ ਹਵਾਲੇ ਕਰਨ ਤੋਂ ਬਾਅਦ ਹੁਣ ਸਰਕਾਰ ਦੇਸ਼ ਲਈ ਇਤਿਹਾਸਕ ਮਹੱਤਵ ਦੀਆਂ ਸੰਸਾਰ ਪ੍ਰਸਿੱਧ ਵਿਰਾਸਤੀ ਨਿਸ਼ਾਨੀਆਂ ਨੂੰ ਉਨ੍ਹਾਂ ਦੇ ਰੱਖ-ਰਖਾਅ ਦੇ ਨਾਂਅ ਉੱਤੇ ਕਾਰਪੋਰੇਟ ਘਰਾਣਿਆਂ ਦੇ ਹਵਾਲੇ ਕਰ ਰਹੀ ਹੈ, ਉਹ ਵੀ ਉਨ੍ਹਾਂ ਤੋਂ ਰਸਮੀ ਤੌਰ ਉੱਤੇ ਕੁਝ ਪੈਸਾ ਲਏ ਬਿਨਾਂ।ਸਵਾਲ ਪੈਦਾ ਹੁੰਦਾ ਹੈ ਕਿ ਜੋ ਇਤਿਹਾਸਕ ਨਿਸ਼ਾਨੀ ਸਰਕਾਰ ਲਈ ਚਿੱਟਾ ਹਾਥੀ ਨਾ ਹੋ ਕੇ ਦੁੱਧ ਦੇਣ ਵਾਲੀ ਗਾਂ ਦੀ ਤਰ੍ਹਾਂ ਆਮਦਨ ਦਾ ਜ਼ਰੀਆ ਬਣੀ ਹੋਈ ਹੈ, ਉਸ ਨੂੰ ਸਰਕਾਰ ਕਿਉਂ ਨਿੱਜੀ ਹੱਥਾਂ ਵਿਚ ਸਾਪ ਕੇ ਆਪਣੇ ਨਾਕਾਰਾ ਹੋਣ ਦਾ ਇਕਬਾਲੀਆ ਬਿਆਨ ਪੇਸ਼ ਕਰ ਰਹੀ ਹੈ। ਦੇਸ਼ ਦੇ ਸੰਵਿਧਾਨ ਨੇ ਆਪਣੇ ਅਨੁਛੇਦ 49 ਵਿਚ ਦੇਸ਼ ਦੀਆਂ ਇਤਿਹਾਸਕ ਅਤੇ ਰਾਸ਼ਟਰੀ ਮਹੱਤਵ ਦੀਆਂ ਯਾਦਗਾਰਾਂ ਦੇ ਰੱਖ-ਰਖਾਅ ਅਤੇ ਹਿਫਾਜ਼ਤ ਦੀ ਜ਼ਿੰਮੇਵਾਰੀ ਸਰਕਾਰ ਦੇ ਸਪੁਰਦ ਕੀਤੀ ਹੈ।ਸੰਵਿਧਾਨ ਦੇ ਇਸ ਨੀਤੀ ਨਿਰਦੇਸ਼ਕ ਸਿਧਾਂਤ ਦਾ ਪਾਲਣ ਹੁਣ ਤੱਕ ਸਾਰੀਆਂ ਸਰਕਾਰਾਂ ਕਰਦੀਆਂ ਆ ਰਹੀਆਂ ਸਨ, ਪਰ ਹੁਣ ਮੌਜੂਦਾ ਸਰਕਾਰ ਨੇ ਇਸ ਸੰਵਿਧਾਨਕ ਨਿਰਦੇਸ਼ ਨੂੰ ਦੂਰ ਰੱਖਦੇ ਹੋਏ ਇਤਿਹਾਸਕ ਮਹੱਤਵ ਦੀਆਂ ਲੱਗਪਗ 100 ਸੰਸਾਰ ਪ੍ਰਸਿੱਧ ਵਿਰਾਸਤੀ ਨਿਸ਼ਾਨੀਆਂ ਨੂੰ ਨਿੱਜੀ ਹੱਥਾਂ ਵਿਚ ਭਾਵ ਕਾਰੋਬਾਰੀ ਸਮੂਹਾਂ ਨੂੰ ਸਾਪਣ ਦਾ ਫੈਸਲਾ ਕੀਤਾ ਹੈ।ਇਸ ਸਿਲਸਿਲੇ ਵਿਚ ਦੇਸ਼ ਦੀ ਆਜ਼ਾਦੀ ਦੀ ਲੜਾਈ ਦੌਰਾਨ ਕਈ ਇਤਿਹਾਸਕ ਘਟਨਾਵਾਂ ਦਾ ਗਵਾਹ ਰਿਹਾ ਦਿੱਲੀ ਦਾ ਲਾਲ ਕਿਲ੍ਹਾ ਅਤੇ ਦੁਨੀਆ ਭਰ ਵਿਚ ਖਿੱਚ ਦਾ ਕੇਂਦਰ ਤਾਜ ਮਹਲ ਵੱਖ-ਵੱਖ ਉਦਯੋਗਿਕ ਸਮੂਹਾਂ ਦੇ ਹਵਾਲੇ ਕਰ ਦਿੱਤਾ ਗਿਆ ਹੈ। 'ਦੇਸ਼ ਨਹੀਂ ਵਿਕਣ ਦੇਵਾਂਗਾ, ਦੇਸ਼ ਨਹੀਂ ਝੁਕਣ ਦੇਵਾਂਗਾ' ਦਾ ਰਾਗ ਅਲਾਪਦਿਆਂ ਸੱਤਾ ਵਿਚ ਆਈ ਨਰਿੰਦਰ ਮੋਦੀ ਦੀ ਸਰਕਾਰ ਨੇ 'ਐਡਾਪਟ ਏ ਹੈਰੀਟੇਜ' (ਗੋਦ ਲੈਣਾ) ਯੋਜਨਾ ਦੇ ਤਹਿਤ 17ਵੀਂ ਸਦੀ ਵਿਚ ਪੰਜਵੇਂ ਮੁਗਲ ਬਾਦਸ਼ਾਹ ਸ਼ਾਹਜਹਾਂ ਦੇ ਬਣਾਏ ਲਾਲ ਕਿਲ੍ਹੇ ਨੂੰ ਰੱਖ-ਰਖਾਅ ਦੇ ਨਾਂਅ ਉੱਤੇ ਪੰਜ ਸਾਲ ਲਈ 'ਡਾਲਮੀਆ ਭਾਰਤ ਸਮੂਹ' ਨਾਮੀਂ ਉਦਯੋਗਿਕ ਘਰਾਣੇ ਨੂੰ ਸਾਪ ਦਿੱਤਾ ਹੈ।ਇਸ ਉਦਯੋਗ ਸਮੂਹ ਨੇ ਆਂਧਰਾ ਪ੍ਰਦੇਸ਼ ਦੇ ਕਡੱਪਾ ਜ਼ਿਲ੍ਹੇ ਵਿਚ ਸਥਿਤ ਗੰਡੀਕੋਟਾ ਕਿਲ੍ਹੇ ਨੂੰ ਵੀ ਪੰਜ ਸਾਲ ਲਈ ਸਰਕਾਰ ਤੋਂ ਠੇਕੇ ਉੱਤੇ ਲੈ ਲਿਆ ਹੈ।ਇਸੇ ਤਰ੍ਹਾਂ ਦੇਸ਼-ਵਿਦੇਸ਼ ਦੇ ਸੈਲਾਨੀਆਂ ਤੋਂ ਚੰਗੀ-ਖਾਸੀ ਆਮਦਨ ਕਰਾਉਣ ਵਾਲੇ ਤਾਜ ਮਹਲ ਨੂੰ ਸਾਂਝੇ ਰੂਪ ਵਿਚ ਉਸਾਰੀ ਉਦਯੋਗ ਨਾਲ ਜੁੜੇ ਜੀ.ਐਮ.ਆਰ. ਸਮੂਹ ਅਤੇ ਤੰਬਾਕੂ ਤੇ ਹੋਟਲ ਪੇਸ਼ੇ ਨਾਲ ਜੁੜੇ ਆਈ.ਟੀ.ਸੀ. ਸਮੂਹ ਦੇ ਹਵਾਲੇ ਕਰ ਦਿੱਤਾ ਹੈ।ਸਰਕਾਰ ਦੇ ਕੇਂਦਰੀ ਸਿੱਖਿਆ ਮੰਤਰੀ ਮਹੇਸ਼ ਸ਼ਰਮਾ ਨੇ ਦਾਅਵਾ ਕੀਤਾ ਹੈ ਕਿ ਸਰਕਾਰ ਨੇ ਇਨ੍ਹਾਂ ਯਾਦਗਾਰਾਂ ਨੂੰ ਗੋਦ ਦੇਣ ਦੇ ਬਦਲੇ ਇਹਨਾਂ ਕੰਪਨੀਆਂ ਨਾਲ ਪੈਸੇ ਦਾ ਕੋਈ ਲੈਣ-ਦੇਣ ਨਹੀਂ ਕੀਤਾ, ਜਿਵੇਂ ਕਿ ਸੋਸ਼ਲ ਮੀਡੀਆ 'ਤੇ ਪ੍ਰਚਾਰਿਆ ਜਾ ਰਿਹਾ ਹੈ ਕਿ ਸਰਕਾਰ ਨੇ ਲਾਲ ਕਿਲ੍ਹੇ ਲਈ 25 ਕਰੋੜ ਰੁਪਏ ਲਏ ਹਨ।ਡਾਲਮੀਆ ਸਮੂਹ ਨੇ ਇਕ ਬਿਆਨ ਜਾਰੀ ਕਰ ਕੇ ਦੱਸਿਆ ਹੈ ਕਿ ਕਾਰਪੋਰੇਟ ਸਮਾਜਿਕ ਜ਼ਿੰਮੇਵਾਰੀ (ਸੀ.ਆਰ.ਸੀ.) ਦੇ ਤਹਿਤ ਉਨ੍ਹਾਂ ਦਾ ਸਮੂਹ ਇਨ੍ਹਾਂ ਵਿਰਾਸਤੀ ਭਵਨਾਂ ਦਾ ਰੱਖ-ਰਖਾਅ ਕਰਨ ਦੇ ਨਾਲ ਹੀ ਸੈਲਾਨੀਆਂ ਲਈ ਪੀਣ ਵਾਲੇ ਪਾਣੀ, ਰੌਸ਼ਨੀ ਅਤੇ ਪਖਾਨੇ ਆਦਿ ਦੀਆਂ ਸਹੂਲਤਾਂ ਉੱਤੇ ਹਰ ਸਾਲ ਪੰਜ ਕਰੋੜ ਰੁਪਏ ਖਰਚ ਕਰੇਗਾ। ਸਰਕਾਰ ਵਲੋਂ ਕਿਹਾ ਜਾ ਰਿਹਾ ਹੈ ਕਿ ਉਹ ਇਨ੍ਹਾਂ ਵਿਰਾਸਤੀ ਨਿਸ਼ਾਨੀਆਂ ਨੂੰ ਕਾਰਪੋਰੇਟ ਸਮਾਜਿਕ ਜ਼ਿੰਮੇਵਾਰੀ ਦੇ ਤਹਿਤ ਨਿੱਜੀ ਹੱਥਾਂ ਵਿਚ ਸਾਪ ਰਹੀ ਹੈ।ਪੁੱਛਿਆ ਜਾ ਸਕਦਾ ਹੈ ਕਿ ਕਾਰਪੋਰੇਟ ਸਮਾਜਿਕ ਜ਼ਿੰਮੇਵਾਰੀ ਸਿਰਫ ਇਨ੍ਹਾਂ ਵਿਰਾਸਤੀ ਭਵਨਾਂ ਨੂੰ ਲੈ ਕੇ ਹੀ ਕਿਉਂ ? ਸਰਕਾਰ ਦੇਸ਼ ਦੇ ਕਾਰਪੋਰੇਟ ਘਰਾਣਿਆਂ ਵਿਚ ਇਹ ਸਮਾਜਿਕ ਜ਼ਿੰਮੇਵਾਰੀ ਬੋਧ ਦੇਸ਼ ਦੇ ਉਨ੍ਹਾਂ ਅਣਗਿਣਤ ਸਰਕਾਰੀ ਹਸਪਤਾਲਾਂ ਅਤੇ ਸਰਕਾਰੀ ਸਿੱਖਿਆ ਸੰਸਥਾਵਾਂ ਦੇ ਪ੍ਰਤੀ ਕਿਉਂ ਨਹੀਂ ਪੈਦਾ ਕਰਦੀ, ਜਿਨ੍ਹਾਂ ਦੀ ਬਦਹਾਲੀ ਕਿਸੇ ਤੋਂ ਲੁਕੀ ਹੋਈ ਨਹੀਂ ਹੈ ? ਕਿਉਂ ਨਹੀਂ ਕੋਈ ਉਦਯੋਗਿਕ ਸਮੂਹ ਇਨ੍ਹਾਂ ਹਸਪਤਾਲਾਂ ਅਤੇ ਸਿੱਖਿਆ ਸੰਸਥਾਵਾਂ ਪ੍ਰਤੀ ਆਪਣੀ ਜ਼ਿੰਮੇਵਾਰੀ ਨਿਭਾਉਣ ਲਈ ਅੱਗੇ ਆਉਂਦਾ ? ਸਵਾਲ ਇਹ ਹੈ ਕਿ ਅਖੀਰ ਸਰਕਾਰ ਅਜਿਹਾ ਕਿਉਂ ਕਰ ਰਹੀ ਹੈ ਅਤੇ ਕਿਸ ਨੂੰ ਫਾਇਦਾ ਪਹੁੰਚਾਉਣ ਲਈ ਕਰ ਰਹੀ ਹੈ ? ਇਹ ਵੀ ਨਹੀਂ ਕਿਹਾ ਜਾ ਸਕਦਾ ਕਿ ਸਰਕਾਰ ਵਿੱਤੀ ਰੂਪ ਵਿਚ ਏਨੀ ਕਮਜ਼ੋਰ ਹੋ ਗਈ ਹੈ ਕਿ ਉਹ ਦੇਸ਼ ਦੀਆਂ ਇਤਿਹਾਸਕ ਵਿਰਾਸਤੀ ਨਿਸ਼ਾਨੀਆਂ ਦੀ ਸਾਂਭ-ਸੰਭਾਲ ਕਰਨ ਦੀ ਹਾਲਤ ਵਿਚ ਨਹੀਂ ਹੈ ।ਅਸਲ ਗੱਲ ਤਾਂ ਇਹ ਹੈ ਕਿ ਸਰਕਾਰ ਨੇ ਜਿਨ੍ਹਾਂ ਇਤਿਹਾਸਕ ਵਿਰਾਸਤਾਂ ਨੂੰ ਨਿੱਜੀ ਹੱਥਾਂ ਵਿਚ ਸਾਪਣ ਦੀ ਯੋਜਨਾ ਬਣਾਈ ਹੈ, ਉਹ ਲਗਪਗ ਸਾਰੀਆਂ ਵਿਰਾਸਤੀ ਨਿਸ਼ਾਨੀਆਂ ਏਨੀਆਂ ਕਮਾਊ ਹਨ ਕਿ ਉਨ੍ਹਾਂ ਦੀ ਆਮਦਨ ਤੋਂ ਨਾ ਸਿਰਫ ਉਨ੍ਹਾਂ ਦੇ ਰੱਖ-ਰਖਾਅ ਦਾ ਖਰਚ ਨਿਕਲ ਜਾਂਦਾ ਹੈ ਸਗੋਂ ਸਰਕਾਰ ਦੇ ਖਜ਼ਾਨੇ ਨੂੰ ਵੀ ਖਾਸੀ ਆਮਦਨ ਹੁੰਦੀ ਹੈ।ਮਿਸਾਲ ਦੇ ਤੌਰ 'ਤੇ ਲਾਲ ਕਿਲ੍ਹੇ ਤੋਂ ਹੋਣ ਵਾਲੀ ਆਮਦਨ ਨੂੰ ਹੀ ਲੈ ਲਵੋ।ਦੋ ਸਾਲ ਪਹਿਲਾਂ ਤੱਕ ਲਾਲ ਕਿਲ੍ਹੇ ਤੋਂ ਸਰਕਾਰ ਨੂੰ 6.15 ਕਰੋੜ ਰੁਪਏ ਦੀ ਆਮਦਨੀ ਹੋ ਰਹੀ ਸੀ।ਇਸ ਹਿਸਾਬ ਨਾਲ ਇਸ ਨੂੰ ਗੋਦ ਲੈਣ ਵਾਲਾ ਡਾਲਮੀਆ ਸਮੂਹ ਬਿਨਾਂ ਰਾਹਤ ਦਿੱਤਿਆਂ ਹੀ ਇਸ ਤੋਂ ਪੰਜ ਸਾਲ ਵਿਚ ਕਰੀਬ 30.75 ਕਰੋੜ ਰੁਪਏ ਇਕੱਠੇ ਕਰੇਗਾ ਅਤੇ ਸਰਕਾਰ ਨਾਲ ਹੋਏ ਕਰਾਰ ਦੇ ਮੁਤਾਬਕ ਉਸ ਨੇ ਪੰਜ ਸਾਲ ਵਿਚ ਇਸ 'ਤੇ ਖਰਚ ਕਰਨਾ ਸਿਰਫ਼ 25 ਕਰੋੜ ਰੁਪਏ।ਜਿੱਥੇ ਤੱਕ ਤਾਜ ਮਹੱਲ ਦੀ ਗੱਲ ਹੈ, ਸ਼ਾਹਜਹਾਂ ਅਤੇ ਮੁਮਤਾਜ ਦੀ ਮੁਹੱਬਤ ਦੀ ਇਹ ਨਿਸ਼ਾਨੀ ਤਾਂ ਦੇਸ਼ ਦੀ ਸਭ ਤੋਂ ਕਮਾਊ ਇਤਿਹਾਸਕ ਵਿਰਾਸਤੀ ਨਿਸ਼ਾਨੀ ਹੈ।ਇਸ ਤੋਂ ਸਰਕਾਰ ਨੂੰ ਹਰ ਸਾਲ 23 ਕਰੋੜ ਰੁਪਏ ਤੋਂ ਜ਼ਿਆਦਾ ਦੀ ਆਮਦਨ ਹੁੰਦੀ ਹੈ।ਜੁਲਾਈ 2016 ਵਿਚ ਸਿੱਖਿਆ ਮੰਤਰੀ ਮਹੇਸ਼ ਸ਼ਰਮਾ ਨੇ ਲੋਕ ਸਭਾ ਵਿਚ ਇਕ ਸਵਾਲ ਦੇ ਜਵਾਬ ਵਿਚ ਦੱਸਿਆ ਸੀ ਕਿ 2013 ਤੋਂ 2016 ਤੱਕ ਤਾਜ ਮਹਲ ਤੋਂ 'ਆਰਕਿਆਲੋਜੀਕਲ ਸਰਵੇ ਆਫ ਇੰਡਿਆ' ਨੂੰ ਕੁੱਲ 75 ਕਰੋੜ ਰੁਪਏ ਦੀ ਆਮਦਨ ਹੋਈ ਸੀ, ਜਦੋਂ ਕਿ ਇਨ੍ਹਾਂ ਤਿੰਨ ਸਾਲਾਂ ਵਿਚ ਤਾਜ ਮਹੱਲ ਦੇ ਰੱਖ-ਰਖਾਅ ਉੱਤੇ ਖਰਚ ਹੋਏ ਸਨ ਸਿਰਫ਼ 11 ਕਰੋੜ ਰੁਪਏ।ਤਾਜ ਦੇ ਰੱਖ-ਰਖਾਅ ਦਾ ਸਾਲਾਨਾ ਖਰਚ 3-4 ਕਰੋੜ ਰੁਪਏ ਆਉਂਦਾ ਹੈ।ਇਸ ਵਿਚ ਵੱਡਾ ਖਰਚ ਤਾਜ ਨੂੰ ਦੁਧੀਆ ਬਣਾਈ ਰੱਖਣ ਲਈ ਸੰਗਮਰਮਰ ਦੀ ਸਫਾਈ ਦਾ ਹੈ।ਸਪੱਸ਼ਟ ਹੈ ਕਿ ਤਾਜ ਮਹੱਲ ਆਪਣੇ ਰੱਖ-ਰਖਾਅ 'ਤੇ ਹੋਣ ਵਾਲੇ ਇਸ ਖਰਚ ਦੇ ਬਾਵਜੂਦ ਮੁਨਾਫ਼ਾ ਕਮਾਉਣ ਵਾਲੀ ਵਿਰਾਸਤੀ ਇਮਾਰਤ ਹੈ।ਹਾਲਾਂਕਿ ਹੁਣ ਇਹ ਖ਼ੁਲਾਸਾ ਨਹੀਂ ਹੋਇਆ ਹੈ ਕਿ ਇਸ ਨੂੰ ਗੋਦ ਲੈਣ ਵਾਲੀਆਂ ਕੰਪਨੀਆਂ ਇਸ ਉੱਤੇ ਕਿੰਨਾ ਖਰਚ ਕਰਨਗੀਆਂ।ਫਿਰ ਵੀ ਇਹ ਤਾਂ ਤੈਅ ਹੈ ਕਿ ਤਾਜ 'ਤੇ ਜੋ ਖਰਚ ਹੋਵੇਗਾ, ਉਹ ਉਸ ਤੋਂ ਹੋਣ ਵਾਲੀ ਆਮਦਨ ਦੇ ਮੁਕਾਬਲੇ ਬਹੁਤ ਹੀ ਘੱਟ ਹੋਵੇਗਾ।ਇਹ ਵੀ ਤੈਅ ਹੈ ਕਿ ਇਸ ਵਿਰਾਸਤੀ ਨਿਸ਼ਾਨੀ ਨੂੰ ਗੋਦ ਲੈਣ ਵਾਲੀਆਂ ਕੰਪਨੀਆਂ ਇਸ ਵਿਰਾਸਤੀ ਭਵਨ ਨੂੰ ਦੇਖਣ ਲਈ ਆਉਣ ਵਾਲੇ ਸੈਲਾਨੀਆਂ ਤੋਂ ਤਾਂ ਪੈਸੇ ਵਸੂਲਣਗੀਆਂ ਹੀ, ਉੱਥੇ ਚੱਪੇ-ਚੱਪੇ ਉੱਤੇ ਆਪਣੀ ਮਸ਼ਹੂਰੀ ਅਤੇ ਉੱਥੇ ਆਪਣੀਆਂ ਦੂਜੀਆਂ ਸਰਗਰਮੀਆਂ ਦੇ ਜ਼ਰੀਏ ਵੀ ਮੋਟਾ ਮੁਨਾਫਾ ਕਮਾਉਣਗੀਆਂ।ਜ਼ਿਆਦਾ ਸੰਭਾਵਨਾ ਇਸ ਗੱਲ ਦੀ ਵੀ ਹੈ ਕਿ ਇਹ ਕੰਪਨੀਆਂ ਉੱਥੇ ਸਹੂਲਤਾਂ ਮੁਹੱਈਆ ਕਰਾਉਣ ਦੇ ਨਾਂਅ 'ਤੇ ਇਸ ਵਿਰਾਸਤੀ ਨਿਸ਼ਾਨੀ ਨੂੰ ਦੇਖਣ ਲਈ ਹੁਣ ਜੋ ਫੀਸ ਨਿਰਧਾਰਤ ਹੈ, ਉਸ ਵਿਚ ਵੀ ਵਾਧਾ ਕਰ ਦੇਣਗੀਆਂ।ਜੇਕਰ ਅਜਿਹਾ ਹੋਇਆ ਤਾਂ ਸਾਫ਼ ਹੈ ਕਿ ਦੇਸ਼ ਦੀ ਆਬਾਦੀ ਦੇ ਇਕ ਵੱਡੇ ਹਿੱਸੇ, ਜਿਸ ਵਿਚ ਵਿਦਿਆਰਥੀ ਅਤੇ ਨੌਜਵਾਨ ਵੀ ਸ਼ਾਮਿਲ ਹਨ, ਲਈ ਆਪਣੇ ਦੇਸ਼ ਦੀਆਂ ਮਹਾਨ ਇਤਿਹਾਸਕ ਅਤੇ ਵਿਰਾਸਤੀ ਨਿਸ਼ਾਨੀਆਂ ਦਾ ਦੀਦਾਰ ਕਰਨਾ ਆਸਾਨ ਨਹੀਂ ਰਹਿ ਜਾਵੇਗਾ ।ਸਰਕਾਰ ਜਿਸ ਤਰ੍ਹਾਂ ਆਪਣੀ ਬੇਲੋੜੀ ਦਖਲਅੰਦਾਜ਼ੀ ਅਤੇ ਮਨਮਰਜ਼ੀ ਵਾਲੇ ਫ਼ੈਸਲਿਆਂ ਨਾਲ ਦੇਸ਼ ਦੀਆਂ ਸੰਵਿਧਾਨਕ ਸੰਸਥਾਵਾਂ ਦਾ ਨੁਕਸਾਨ ਕਰ ਰਹੀ ਹੈ, ਉਸੇ ਤਰ੍ਹਾਂ ਹੁਣ ਉਹ ਦੇਸ਼ ਦੀਆਂ ਬੇਸ਼ਕੀਮਤੀ ਇਤਿਹਾਸਕ ਅਤੇ ਸੱਭਿਆਚਾਰਕ ਮਹੱਤਵ ਦੀਆਂ ਵਡਮੁੱਲੀਆਂ ਵਿਰਾਸਤੀ ਨਿਸ਼ਾਨੀਆਂ ਨਾਲ ਵੀ ਖਿਲਵਾੜ ਕਰ ਰਹੀ ਹੈ।ਉਸ ਦਾ ਅਜਿਹਾ ਕਰਨਾ ਕਿਸੇ ਰਾਸ਼ਟਰੀ ਅਪਰਾਧ ਤੋਂ ਘੱਟ ਨਹੀਂ ਹੈ।

(ਸੰਵਾਦ)





## ਰਾਜਸੀ ਲੋਕਾਂ ਦੀ ਗਿਣਤੀ 'ਚ ਵਾਧਾ

ਦਲੀਪ ਸਿੰਘ ਵਾਸਨ, ਐਡਵੋਕੇਟ

ਅੰਗਰੇਜ਼ ਸਾਮਰਾਜੀਏ ਜਾਣ ਲਗਿਆਂ ਸਾਡੇ ਨਾਲ ਇੱਕ ਬਦਲਾ ਲੈਣ ਵਾਲੀ ਨੀਤੀ ਵਰਤ ਗਏ ਸਨ ਕਿਉ—ਕਿ ਉਹ ਜਾਣ ਤੋ— ਪਹਿਲਾਂ ਰਾਜਸੀ ਲੋਕਾਂ ਦਾ ਕੋਈ ਮਿਆਰ ਹੀ ਸਥਾਪਿਤ ਕਰਕੇ ਨਹੀਂ ਸਨ ਗਏ ਅਤੇ ਜਿਹੜੇ ਰਾਜਸੀ ਲੋਕਾਂ ਹਥ ਉਹ ਸਾਨੂੰ ਸੋਪਣ ਦੀਆਂ ਤਿਆਰੀਆਂ ਹੀ ਕਰ ਰਹੇ ਸਨ ਉਹ ਤਾਕਤ ਦੀ ਵੰਡ ਦੇ ਚਕਰ ਵਿੱਚ ਪੈ ਗਏ ਸਨ ਅਤੇ ਇਹ 1947 ਦਾ ਬਟਵਾਰਾ ਤਾਕਤ ਦੀ ਵੰਡ ਹੀ ਸੀ ਅਤੇ ਇਸਦਾ ਨਤੀਜਾ ਕੀ ਨਿਕਿਆ ਹੈ ਇਹ ਅਸੀਂ ਹੁਣ ਤਕ ਭੁਗਤੇ ਆ ਰਹੇ ਹਾਂ ਅਤੇ ਇਹ ਜਿਥੇ ਵੀ ਆ ਖਲੌਤਾ ਹੈ ਲਗਦਾ ਹੈ ਸਦੀਆਂ ਤਕ ਇਹ ਠੰਡੀ ਜੰਗ ਦੋਹਾਂ ਦੇਸ਼ਾਂ ਵਿਚਕਾਰ ਚਲਦੀ ਹੀ ਰਵੇਗੀ। ਰਾਜਸੀ ਲੋਕਾਂ ਹਥ ਰਾਜ ਆਇਆ ਅਤੇ ਰਾਜਸੀ ਲੋਕਾਂ ਦੀ ਗਿਣਤੀ ਵਧਦੀ ਹੀ ਗਈ ਅਤੇ ਅਜ ਜਣਾ ਖਣਾ ਜਿਸ ਪਾਸ ਚਾਰ ਪੈਸੇ ਹਨ ਉਹ ਰਾਜਸੀ ਆਦਮੀ ਬਣ ਬੈਠਦਾ ਹੈ ਅਤੇ ਸਾਡੇ ਮੁਲਕ ਵਿੱਚ ਰਾਜਸੀ ਲੋਕਾਂ ਨੂੰ ਫੂਕ ਦੇਣ ਲਈ ਅਸੀਂ ਉਨ੍ਹਾਂ ਨੂੰ ਲੀਡਰ ਆਖਦੇ ਹਾਂ। ਅਤੇ ਧਾਰਮਿਕ ਹਸਤੀਆਂ ਵਾਂਗ ਇਹ ਰਾਜਸੀ ਲੋਕੀਂ ਵੀ ਆਪਣੇ ਆਪਣੇ ਡੇਰੇ ਮੁਤਾਬਿਕ ਹੀ ਕਪੜੇ ਪਹਿਨਦੇ ਹਨ ਅਤੇ ਗਲਾਂ ਬਾਤਾਂ ਕਰਦੇ ਹਨ। ਅਸੀਂ ਪਹਿਲਾਂ ਹੀ ਗਲ ਕਰ ਬੈਠੇ ਹਾਂ ਕਿ ਰਾਜਸੀ ਲੋਕਾਂ ਲਈ ਸਥਾਨ ਵੀ ਬਨਾਉਣੇ ਪਏ ਹਨ ਅਤੇ ਸਾਡੇ ਰਾਜਸੀ ਲੋਕਾਂ ਨੇ ਪੰਚਾਇਤਾ, ਬਲਾਕ ਸਮਿਤੀਆਂ, ਜ਼ਿਲ੍ਹਾਂ ਪ੍ਰੀਸ਼ਦਾਂ, ਵਿਧਾਨ ਸਭਾਵਾਂ , ਲੋਕ ਸਭਾ ਅਤੇ ਰਾਜਯ ਸਭਾ ਖੜੀਆਂ ਕਰ ਦਿਤੀਆਂ ਹਨ ਅਤੇ ਹਰ ਪੰਜਾਂ ਸਾਲਾਂ ਬਾਅਦ ਤਬਦੀਲੀਆਂ ਵੀ ਆਉ—ਦੀਆਂ ਰਹਿੰਦੀਆਂ ਹਨ ਅਤੇ ਇਸ ਤਰ੍ਹਾਂ ਇਹ ਰਾਜਸੀ ਲੋਕਾਂ ਦੀ ਭੀੜ ਕਦੀ ਨਾ ਕਦੀ ਰਾਜ ਦੀਆਂ ਗਦੀਆਂ ਦਾ ਅਨੰਦ ਮਾਣ ਲਗ ਪੈ—ਦੇ ਹਨ। ਅਸੀਂ ਪਹਿਲਾਂ ਵੀ ਗੁਲਾਮ ਸਾਂ ਅਤੇ ਹਾਲਾਂ ਵੀ ਸਾਡੀਆਂ ਆਦਤਾਂ ਉਹੀ ਹਨ ਅਤੇ ਅਸੀਂ ਕਦੀ ਸੋਚਿਆ ਹੀ ਨਹੀਂ ਹੈ ਕਿ ਅਸਲ ਵਿੱਚ ਇਹ ਰਾਜਸੀ ਲੋਕੀਂ ਹਨ ਕੌਣ, ਕਿਸ ਮਤਲਬ ਦੀ ਪੂਰਤੀ ਲਈ ਇਤਨੀ ਵਡੀ ਗਿਣਤੀ ਵਿੱਚ ਸਾਡੇ ਸਾਹਮਣੇ ਆ ਖਲੌਤੇ ਹਨ ਅਤੇ ਨਾ ਹੀ ਕਦੀ ਅਸੀਂ ਇਹ ਵੀ ਸੋਚਿਆ ਹੈ ਕਿ ਇਨ੍ਹਾਂ ਦੀਆਂ ਯੋਗਤਾਵਾ ਕੀ ਹਨ ਅਤੇ ਕੀ ਇਹ ਪੜ੍ਹੀ ਲਿਖੀ, ਸਿਖੀ ਸਿਖਾਈ, ਮਾਹਿਰ ਅਫਸਰਸ਼ਾਹੀ ਉਤੇ ਨਿਯੰਤਰਣ ਰਖਣ ਦੇ ਕਾਬਲ ਵੀ ਹਨ ਜਾਂ ਐਵੇ— ਹੀ ਪੁਰਾਣੇ ਰਾਜਿਆਂ ਦੀ ਤਰ੍ਹਾਂ ਰਾਜ ਕਰਨਗੇ। ਪਿਛਲੇ ਸਤ ਦਹਾਕਿਆਂ ਵਿੱਚ ਹਰ ਪੰਜਾਂ ਸਾਲਾਂ ਬਾਅਦ ਚੋਣਾਂ ਕਰਵਾਈਆਂ ਜਾਂਦੀਆਂ ਰਹੀਆਂ ਹਨ ਅਤੇ ਅਜ ਤਕ ਅਸੀਂ ਸਦਨਾ ਦੇ ਰਖ ਰਖਾ ਉਤੇ ਵੀ ਅਰਬਾਂ ਖਰਬਾਂ ਰੁਪਿਆ ਖਰਚ ਕਰ ਬੈਠੇ ਹਾਂ ਅਤੇ ਅਸੀਂ ਕਦੀ ਵੀ ਵਕਤ ਦੀਆਂ ਸਰਕਾਰਾਂ ਪਾਸੋ— ਪੁਛਿਆਂ ਹੀ ਨਹੀਂ ਹੈ ਕਿ ਸਦਨਾ ਵਿੱਚ ਕੀਤਾ ਕੀ ਗਿਆ ਹੈ। ਅਸੀਂ ਕਦੀ ਇਹ ਵੀ ਪਤਾ ਨਹੀਂ ਕੀਤਾ ਕਿ ਕਿਹੜਾ ਕਿਹੜਾ ਆਦਮੀ ਬਾਰ ਬਾਰ ਚੁਣਿਆ ਤਾ ਜਾਂਦਾ ਰਿਹਾ ਹੈ, ਪਰ ਸਦਨਾ ਵਿੱਚ ਬੈਠਕੇ ਉਸ ਕੀਤਾ ਕੀ ਹੈ। ਅਸੀਂ ਜਦ ਉਹ ਬੰਦਾ ਦੁਬਾਰਾ ਵੋਟਾ ਲਈਖੜਾ ਹੋਇਆ ਹੈ ਤਾਂ ਵੀ ਅਸੀਂ ਪੁਛਿਆ ਨਹੀਂ ਹੈ ਕਿ ਭਾਈ ਸਾਹਿਬ ਪਿਛਲੀ ਵਾਰੀਂ ਤੁਸੀਂ ਕੁਝ ਵਾਅਦੇ ਕਰਕੇ ਸਾਡੀਆਂ ਵੋਟਾ ਲੈ ਗਏ ਸੀ, ਕੀਤਾ ਤਾਂ ਕੁਝ ਹੈ ਨਹੀਂ ਇਸ ਲਈ ਇਸ ਵਾਰੀਂ ਫਿਰ ਕਿਉ— ਆ ਖਲੌਯਤੇ ਹੋ। ਆਓ ਇਸ ਵਿਸ਼ੇ ਉਤੇ ਵੀ ਵਿਚਾਰ ਕਰੀਏ। ਅਸੁ ਇਹ ਤਾਂ ਕਰ ਹੀ ਸਕਦੇ ਹਾਂ ਕਿ ਵਿਧਾਨ ਸਭਾਵਾਂ ਖਤਮ ਕਰ ਦਿਤੀਆਂ ਜਾਣੀਆਂ ਚਾਹੀਦੀਆਂ ਹਨ ਅਤੇ ਲੋਕ ਸਭਾ ਪਾਸ ਸਾਰਾ ਕੰਮ ਦੇ ਦੇਣਾ ਚਾਹੀਦਾ ਹੈ। ਸਾਡੀ ਲੋਕ ਸਭਾ ਵਿੱਚ ਹਰ ਇਲਾਕੇ ਦਾ ਆਦਮੀ ਹੈ ਅਤੇ ਇਸ ਲਈ ਇਹ ਨਹੀਂ ਆਖਿਆ ਜਾ ਸਕਦਾ ਕਿ ਕੋਈ ਇਲਾਕਾ ਐਸਾ ਰਹਿ ਗਿਆ ਹੈ ਜਿਸਦਾ ਨੁਮਾਇੰਦਾ ਲੋਕ ਸਭਾ ਵਿੱਚ ਨਹੀਂ ਹੈ। ਅਤੇ ਸਾਨੂੰ ਲੋਕ ਸਭਾ ਵਿੱਚ ਵਧ ਤੋ— ਵਧ ਗਿਣਤੀ 250 ਕਰ ਦੇਣੀ ਚਾਹੀਦੀ ਹੈ। ਅਗਰ ਰਾਜਯ ਸਭਾ ਰਖਦੀ ਹੀ ਹੈ ਤਾਂ ਇਸ ਵਿੱਚ ਚੋਣਾਂ ਕਰਕੇ ਨੁਮਾਇੰਦੇ ਲਿਆਉਣ ਦੀ ਬਜਾਏ ਕਿਸੇ ਮੁਕਾਬਲੇ ਦੀ ਪ੍ਰੀਖਿਆ ਨਾਲ ਮਾਹਿਰਾ ਦੀ ਭਰਤੀ ਕੀਤੀ ਜਾਣੀ ਚਾਹੀਦੀ ਹੈ ਜਿਹੜੇ ਲੋਕ ਸਭਾ ਵਲੋ— ਵਿਚਾਰੇ ਜਾਣ ਵਾਲੇ ਮਾਮਲਿਆ ਲਈ ਪਹਿਲਾਂ ਹੀ ਆਪਣੇ ਸੁਝਾਉ ਦੇ ਸਕਣ । ਅਸੀਂ ਮੁਲਕ ਦੇ ਮਾਲਕ ਹਾਂ ਅਤੇ ਇਹ ਮਸਲੇ ਵਿਚਾਰਨਾ ਸਾਡਾ ਫਰਜ਼ ਬਣਦਾ ਹੈ।

101-ਸੀ ਵਿਕਾਸ ਕਲੋਨੀ, ਪਟਿਆਲਾ-ਪੰਜਾਬ-147001

# ਮਹਾਰਾਜਾ ਰਣਜੀਤ ਸਿੰਘ ਦੀ ਬਰਸੀ ਸਬੰਧੀ ਅੱਜ 21 ਜੂਨ ਨੂੰ ਪਾਕਿਸਤਾਨ ਲਈ ਰਵਾਨਾ ਹੋਵੇਗਾ

## ਸ਼ਰੋਮਣੀ ਕਮੇਟੀ ਦਫ਼ਤਰ ਤੋਂ ਸ਼ਰਧਾਲੂਆਂ ਨੇ ਵੀਜਾ ਲੱਗੇ ਪਾਸਪੋਰਟ ਕੀਤੇ ਪ੍ਰਾਪਤ

**ਆਜ਼ਾਦ ਸੋਚ**
**ਸੁਖਰਾਜ ਸਿੰਘ/ਨਵੀਂ ਦਿੱਲੀ, 20 ਜੂਨ**

ਸ਼ੇਰੇ ਪੰਜਾਬ ਮਹਾਰਾਜਾ ਰਣਜੀਤ ਸਿੰਘ ਦੀ ਬਰਸੀ ਮੌਕੇ ਪਾਕਿਸਤਾਨ ਸਥਿਤ ਗੁਰਧਾਮਾਂ ਦੇ ਦਰਸ਼ਨਾਂ ਨੂੰ ਜਾਣ ਵਾਲੇ ਸ਼ਰਧਾਲੂਆਂ ਨੂੰ ਭਲਕੇ 21 ਜੂਨ ਨੂੰ ਸ਼ ?ਰੋਮਣੀ ਕਮੇਟੀ ਦੇ ਦਫ਼ਤਰ ਤੋਂ ਸਵੇਰੇ 8 ਵਜੇ ਰਵਾਨਾ ਕੀਤਾ ਜਾਵੇਗਾ। ਇਹ ਜਥਾ ਵੱਖ-ਵੱਖ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ ਕਰਨ ਉਪਰੰਤ 30 ਜੂਨ ਨੂੰ ਵਾਪਸ ਆਵੇਗਾ। ਸ਼ ?ਰੋਮਣੀ ਕਮੇਟੀ ਵੱਲੋਂ ਜਥੇ ਦੀ ਅਗਵਾਈ ਸ਼ ?ਰੋਮਣੀ ਕਮੇਟੀ ਮੈਂਬਰ ਬਾਬਾ ਬੂਟਾ ਸਿੰਘ ਕਰਨਗੇ। ਜਦਕਿ ਉਨ੍ਹਾਂ ਨਾਲ ਜਥੇ ਦੇ ਡਿਪਟੀ ਲੀਡਰ ਵਜੋਂ ਸ. ਖ਼ੁਸ਼ਵਿੰਦਰ ਸਿੰਘ ਭਾਟੀਆ, ਬੀਬੀ ਹਰਜਿੰਦਰ ਕੌਰ ਅਤੇ ਜਰਨਲ ਪ੍ਰਬੰਧਕ ਵਜੋਂ ਮੀਤ ਸਕੱਤਰ ਸ. ਅਜ਼ਾਦਦੀਪ ਸਿੰਘ ਜਾਣਗੇ। ਅੱਜ ਸ਼ਰਧਾਲੂਆਂ ਨੂੰ ਵੀਜਾ ਲੱਗੇ ਪਾਸਪੋਰਟ ਦੇਣ ਮੌਕੇ ਸ਼ ?ਰੋਮਣੀ ਕਮੇਟੀ ਦੇ ਜਨਰਲ ਸਕੱਤਰ ਸ. ਸ਼ੇਰ ਸਿੰਘ ਮੰਡਵਾਲਾ, ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ, ਅੰਤ੍ਰਿੰਗ ਮੈਂਬਰ ਸ. ਮੇਜਰ ਸਿੰਘ ਢਿੱਲੋਂ, ਓਐਸਡੀ ਸ. ਸਤਬੀਰ ਸਿੰਘ, ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ ਤੇ ਹੋਰ ਮੌਜੂਦ ਸਨ। ਇਸ ਮੌਕੇ ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ ਨੇ ਆਖਿਆ ਕਿ ਪਾਕਿਸਤਾਨ 'ਚ ਰਹਿ ਗਏ ਸਿੱਖ ਗੁਰਧਾਮਾਂ ਦੇ ਦੀਦਾਰ ਹਰ ਸਿੱਖ ਦੀ ਲੋਚਾ ਹੁੰਦੀ ਹੈ। ਉਨ੍ਹਾਂ ਕਿਹਾ ਕਿ ਜਥੇ ਵਿੱਚ ਜਾ ਰਹੇ ਸ਼ਰਧਾਲੂਆਂ ਦੇ ਮਨਾਂ ਅੰਦਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨਾ ਲਈ ਭਾਰੀ ਉਤਸ਼ਾਹ ਤੇ ਖੁਸ਼ੀ ਹੈ। ਉਨ੍ਹਾਂ ਕਿਹਾ ਕਿ ਸ਼ ?ਰੋਮਣੀ ਕਮੇਟੀ ਵੱਲੋਂ ਜਥੇ ਲਈ ਹਰ ਤਰ੍ਹਾਂ ਦੇ ਲੋੜੀਂਦੇ ਪ੍ਰਬੰਧ ਕਰ ਲਏ ਗਏ ਹਨ ਅਤੇ 21 ਜੂਨ ਨੂੰ ਸੰਗਤ ਨੂੰ ਪੰਥਕ ਰਵਾਇਤਾਂ ਅਨੁਸਾਰ ਸ਼ ?ਰੋਮਣੀ ਕਮੇਟੀ ਦਫ਼ਤਰ ਤੋਂ ਰਵਾਨਾ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਸ਼ ?ਰੋਮਣੀ ਕਮੇਟੀ ਵੱਲੋਂ ਇਸ ਵਾਰ 302 ਸ਼ਰਧਾਲੂਆਂ ਦੇ ਪਾਸਪੋਰਟ ਵੀਜੇ ਲਈ ਭੇਜੇ ਗਏ ਸਨ, ਜਿਨ੍ਹਾਂ ਵਿੱਚੋਂ 12 ਸ਼ਰਧਾਲੂਆਂ ਨੂੰ ਦਿੱਲੀ ਸਥਿਤ ਪਾਕਿਸਤਾਨ ਦੂਤਾਵਾਸ ਨੇ ਵੀਜੇ ਜਾਰੀ ਨਹੀਂ ਕੀਤੇ। ਉਨ੍ਹਾਂ ਦੱਸਿਆ ਕਿ 290 ਸ਼ਰਧਾਲੂਆਂ ਨੂੰ ਵੀਜੇ ਪ੍ਰਾਪਤ ਹੋਏ ਹਨ, ਜਿਨ੍ਹਾਂ ਨੂੰ ਅੱਜ ਵੀਜਾ ਲੱਗੇ ਪਾਸਪੋਰਟ ਦਿੱਤੇ ਗਏ ਹਨ। ਉਨ੍ਹਾਂ ਕਿਹਾ ਕਿ ਜਿਹੜੇ ਸ਼ਰਧਾਲੂ ਅੱਜ ਪਾਸਪੋਰਟ ਲੈਣ ਨਹੀਂ ਪੁੱਜ ਸਕੇ, ਉਹ ਜਥੇ ਦੀ ਰਵਾਨਗੀ ਤੋਂ ਪਹਿਲਾਂ ਸ਼ ?ਰੋਮਣੀ ਕਮੇਟੀ ਦੇ ਦਫਤਰ ਤੋਂ ਆਪਣੇ ਪਾਸਪੋਰਟ ਪ੍ਰਾਪਤ ਕਰਨ। ਇਸ ਮੌਕੇ ਯਾਤਰਾ ਵਿਭਾਗ ਦੇ ਇੰਚਾਰਜ ਸ. ਜਗਜੀਤ ਸਿੰਘ ਤੇ ਹੋਰ ਹਾਜ਼ਰ ਸਨ।



# ਹਲਕਾ ਇੰਚਾਰਜ ਯਾਦੂ ਵੱਲੋਂ ਵਿਧਾਨ ਸਭਾ ਹਲਕਾ ਖੰਨਾ ਦੇ ਕੋਰ ਕਮੇਟੀ ਮੈਂਬਰਾਂ ਦੀ ਸੂਚੀ ਜਾਰੀ

## ਹਰ ਵਰਕਰ ਨੂੰ ਬਣਦਾ ਮਾਣ ਸਨਮਾਨ ਦਿੱਤਾ ਜਾਵੇਗਾ : ਯਾਦੂ

ਖੰਨਾ, 20 ਜੂਨ ( ਜੇ ਐੱਸ ਖੰਨਾ ) ਸ੍ਰੋਮਣੀ ਅਕਾਲੀ ਦਲ ਹਲਕਾ ਖੰਨਾ ਦੇ ਇੰਚਾਰਜ ਯਾਦਵਿੰਦਰ ਸਿੰਘ ਯਾਦੂ ਵੱਲੋਂ ਵਿਧਾਨ ਸਭਾ ਹਲਕਾ ਖੰਨਾ ਦੀ ਕੋਰ ਕਮੇਟੀ ਮੈਂਬਰਾਂ ਦੀ ਸੂਚੀ ਜਾਰੀ ਕੀਤੀ ਗਈ। ਇਸ ਸਮੇਂ ਅਬਜਰਬਰ ਖੰਨਾ ਗੁਰਪ੍ਰੀਤ ਸਿੰਘ ਲਾਪਰਾਂ ਵੀ ਮੌਜੂਦ ਸਨ। ਯਾਦਵਿੰਦਰ ਸਿੰਘ ਯਾਦੂ ਨੇ ਕਿਹਾ ਕਿ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੇ ਦਿਸ਼ਾਂ ਨਿਰਦੇਸ਼ਾਂ 'ਤੇ ਸ੍ਰੋਮਣੀ ਅਕਾਲੀ ਦਲ ਹਲਕਾ ਖੰਨਾ ਦੀ ਕੋਰ ਕਮੇਟੀ ਬਣਾਈ ਗਈ ਹੈ। ਜਿਸ 'ਚ ਖੰਨਾ ਸ਼ਹਿਰ ਤੇ ਪਿੰਡਾਂ 'ਚ ਟਕਸਾਲੀ ਆਗੂਆਂ ਤੇ ਵਰਕਰਾਂ ਨੂੰ ਲਿਆ ਗਿਆ ਹੈ। ਇਸ ਦੇ ਨਾਲ ਹੀ ਆਉਣ ਵਾਲੇ ਦਿਨਾਂ 'ਚ ਪਾਰਟੀ ਦੇ ਬਾਕੀ ਵਿੰਗਾਂ ਦੇ ਅਹੁਦੇਦਾਰ ਵੀ ਬਣਾਏ ਜਾਣਗੇ। ਇਸ ਨਾਲ ਆਉਣ ਵਾਲੇ ਦਿਨਾਂ 'ਚ ਪਾਰਟੀ ਹਲਕੇ ਅੰਦਰ ਮਜ਼ਬੂਤ ਹੋਵੇਗੀ ਕਿਉਂਕਿ ਪਾਰਟੀ ਦੇ ਇਹ ਅਹੁਦੇਦਾਰ ਆਪਣੀਆਂ ਜਿੰਮੇਵਾਰੀਆਂ ਸਮਝਦੇ ਹੋਏ ਸੇਵਾ ਕਰਨਗੇ। ਯਾਦਵਿੰਦਰ ਸਿੰਘ ਯਾਦੂ ਨੇ ਕਿਹਾ ਕਿ ਸ੍ਰੀ ਅਕਾਲ ਤਖ਼ਤ ਮਹਾਨ ਹੈ , ਸਿੱਖ ਪੰਥ ਦੀ ਸ਼ਾਨ ਹੈ। ਦੁਨੀਆਂ ਭਰ 'ਚ ਵੱਸਦਾ ਹਰੇਕ ਨਾਨਕ ਨਾਮ ਲੇਵਾ ਸਿੱਖ ਸ਼੍ਰੀ ਅਕਾਲ ਤਖ਼ਤ ਸਾਹਿਬ ਦਾ ਸਤਿਕਾਰ ਕਰਦਾ ਹੈ ਪਰ ਪੰਜਾਬ ਦਾ ਮੁੱਖ ਮੰਤਰੀ ਸੱਤਾ ਦੇ ਨਸ਼ੇ 'ਚ ਸ੍ਰੀ ਅਕਾਲ ਤਖ਼ਤ ਸਾਹਿਬ ਨਾਲ ਟੱਕਰ ਲੈ ਰਿਹਾ ਹੈ। ਜਿਸ ਨੂੰ ਅਜਿਹਾ ਨਹੀਂ ਕਰਨਾ ਚਾਹੀਦਾ ਸੀ ਸਗੋਂ ਨਿਮਾਣੇ ਸਿੱਖ ਵਜੋਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਹੁਕਮ ਨੂੰ ਮੰਨਣਾ ਚਾਹੀਦਾ ਸੀ। ਉਨ੍ਹਾਂ ਕਿਹਾ ਕਿ ਜੇਕਰ ਮੁੱਖ ਮੰਤਰੀ ਮਾਨ ਸੱਚੇ ਸਨ ਤਾਂ ਜਦੋਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜੱਥੇਦਾਰ ਸਹਿਬਾਨ ਵੱਲੋਂ ਜਦੋਂ ਲੈਂਬਜ਼ ਦੀ ਮੰਗ ਕੀਤੀ ਗਈ ਤਾਂ ਪੰਜ ਛੇ ਮਹੀਨੇ ਸਰਕਾਰ ਕਿਉਂ ਨਹੀਂ ਜਾਗੀ, ਜਦੋਂ ਸੱਚਾਈ ਸਾਹਮਣੇ ਆ ਗਈ ਤਾਂ ਮਾਨ ਸਰਕਾਰ ਸ੍ਰੀ ਅਕਾਲ ਤਖ਼ਤ ਸਾਹਿਬ ਨਾਲ ਟਕਰਾਉਣ ਦੀ ਨੀਤੀ 'ਤੇ ਉਤਰ ਆਈ। ਗੁਰ ?ਰਪੀਤ ਸਿੰਘ ਲਾਪਰਾਂ ਨੇ ਕਿਹਾ ਕਿ ਕੋਰ ਕਮੇਟੀ ਤੇ ਹੋਰ ਵਿੰਗ ਬਣਾ ਕੇ ਪਾਰਟੀ ਦੀ ਮਜ਼ਬੂਤੀ ਲਈ ਕੰਮ ਕੀਤਾ ਜਾਵੇਗਾ। ਜਿਸ 'ਚ ਹਰ ਵਰਗ ਦੇ ਲੋਕਾਂ ਨੂੰ ਬਣਦਾ ਮਾਣ ਸਤਿਕਾਰ ਦਿੱਤਾ ਜਾਵੇਗਾ। ਅਕਾਲੀ ਦਲ ਦੀ ਕੋਰ ਕਮੇਟੀ 'ਚ ਰਣਬੀਰ ਸਿੰਘ ਖੱਟੜਾ, ਪ੍ਰੋ. ਗੁਰਬਖ਼ਸ਼ ਸਿੰਘ ਬੀਜਾ, ਮਾ. ਕ੍ਰਿਪਾਲ ਸਿੰਘ ਘੁਡਾਣੀ, ਨਵਤੇਜ਼ ਸਿੰਘ ਖੱਟੜਾ, ਜਤਿੰਦਰ ਸਿੰਘ ਇਕੋਲਾਹਾ, ਜੀਤ ਸਿੰਘ ਅਲੋੜ, ਸਰਵਦੀਪ ਸਿੰਘ ਕਾਲੀਰਾਓ, ਜਗਦੀਪ ਸਿੰਘ ਰਾਮਗੜ੍ਹ, ਹਰਦੀਪ ਸਿੰਘ ਰੋਸ਼ਾ, ਹਰਜੰਗ ਸਿੰਘ ਗੰਢੂਆਂ, ਮੋਹਣ ਸਿੰਘ ਜਟਾਣਾ, ਰਣਜੀਤ ਸਿੰਘ ਗੋਹ, ਜਤਿੰਦਰਪਾਲ ਸਿੰਘ ਵਕੀਲ, ਸਵਰਨ ਸਿੰਘ ਸੰਧੂ, ਪਵਨਜੋਤ ਸਿੰਘ ਹਰਿਓ, ਬਲਜਿੰਦਰ ਸਿੰਘ ਸੇਖੋਂ, ਗੁਰਪ੍ਰੀਤ ਸਿੰਘ, ਗੁਰਮੀਤ ਸਿੰਘ ਬਘੌਰ, ਗੁਰਮੇਲ ਸਿੰਘ ਬੀਪੁਰ, ਬੂਟਾ ਸਿੰਘ ਰਾਜੇਵਾਲ, ਸਤਵੀਰ ਸਿੰਘ ਜਸਪਾਲੋਂ, ਜਗਦੀਸ਼ ਸਿੰਘ ਕੋਟਾਂ, ਅਮਰੀਕ ਸਿੰਘ ਹੋਲ, ਮਨਦੀਪ ਸਿੰਘ ਕਿਸ਼ਨਗੜ੍ਹ, ਰਣਜੀਤ ਸਿੰਘ ਮੰਡਿਆਲਾ, ਅਜਮੇਰ ਸਿੰਘ ਇਕੋਲਾਹੀ, ਸਾਧੂ ਸਿੰਘ ਰਸੂਲੜਾ, ਬਾਬਾ ਮਲਕੀਤ ਸਿੰਘ ਬੂਲੇਪੁਰ, ਹਰਦੀਪ ਸਿੰਘ ਦੀਪਾ ਲਲਹੇੜੀ, ਕੁਲਵਿੰਦਰ ਸਿੰਘ ਭਾਦਲਾ ਉੱਚਾ, ਹਰਪ੍ਰੀਤ ਸਿੰਘ ਕਾਲਾ ਮਾਣਕਮਾਜਰਾ, ਗੁਰਚਰਨ ਸਿੰਘ ਕੌੜੀ, ਡਾ. ਬੇਅੰਤ ਵਰਮਾ, ਜਤਿੰਦਰ ਸਿੰਘ ਮਹਿਮੀ, ਜਸਵੰਤ ਸਿੰਘ ਰਹੌਣ, ਕਾਜ਼ੀ ਸ਼ਕੀਲ ਅਹਿਮਦ, ਬਾਬਾ ਪ੍ਰੀਤਮ ਸਿੰਘ, ਓਮ ਪਕਾ ?ਸ ਓਮੀ, ਮੋਹਣ ਸਿੰਘ ਲਲਹੇੜੀ, ਸ਼ੇਰ ਸਿੰਘ, ਰੁਪਿੰਦਰ ਸਿੰਘ, ਪਰਮਵੀਰ ਸਿੰਘ ਬੀਜਾ, ਅਜੀਤ ਸਿੰਘ ਜੋਤੀ, ਗੁਰਦੀਪ ਸਿੰਘ ਦੀਪਾ ਰੋਮਾਣਾ, ਜਸਪਾਲ ਸਿੰਘ ਕੰਗ, ਸਤੀਸ਼ ਵਰਮਾ, ਭੁਪਿੰਦਰ ਸਿੰਘ ਸਰਾਂ ਆਦਿ ਹਾਜ਼ਰ ਸਨ।



# ਪਰਮਜੀਤ ਕੌਰ ਬਣੀ ਜ਼ਿਲ੍ਹਾ ਮਹਿਲਾ ਕਾਂਗਰਸ ਮੋਹਾਲੀ ਦੀ ਨਵੀਂ ਪ੍ਰਧਾਨ

**ਆਜ਼ਾਦ ਸੋਚ**
**ਜਗਵਿੰਦਰ ਸਿੰਘ/ਖਰੜ, 20 ਜੂਨ**

ਮੋਹਾਲੀ ਜ਼ਿਲ੍ਹਾ ਮਹਿਲਾ ਕਾਂਗਰਸ ਦੇ ਸੰਗਠਨ ਨੂੰ ਮਜ਼ਬੂਤ ਕਰਦਿਆਂ ਹਾਈਕਮਾਂਡ ਵੱਲੋਂ ਨਵੀਂ ਨਿਯੁਕਤੀ ਕੀਤੀ ਗਈ ਹੈ। ਲੰਬੇ ਸਮੇਂ ਤੋਂ ਪਾਰਟੀ ਲਈ ਕੰਮ ਕਰ ਰਹੇ ਟਕਸਾਲੀ ਕਾਂਗਰਸੀ ਵਰਕਰ ਪਰਮਜੀਤ ਕੌਰ ਨੂੰ ਮੋਹਾਲੀ ਜ਼ਿਲ੍ਹਾ ਮਹਿਲਾ ਕਾਂਗਰਸ ਦਾ ਨਵਾਂ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ।ਇਸ ਜ਼ਿੰਮੇਵਾਰੀ ਨੂੰ ਸੰਭਾਲਦਿਆਂ ਨਵ-ਨਿਯੁਕਤ ਪ੍ਰਧਾਨ ਪਰਮਜੀਤ ਕੌਰ ਨੇ ਪਾਰਟੀ ਦੇ ਸੀਨੀਅਰ ਆਗੂਆਂ ਅਤੇ ਪੰਜਾਬ ਸੂਬਾ ਮਹਿਲਾ ਕਾਂਗਰਸ ਦੀ ਪ੍ਰਧਾਨ ਬਲਜੀਤ ਕੌਰ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਪ੍ਰਗਟਾਇਆ ਹੈ। ਉਨ੍ਹਾਂ ਕਿਹਾ ਕਿ ਉਹ ਪਾਰਟੀ ਵੱਲੋਂ ਦਿੱਤੀ ਗਈ ਇਸ ਅਹਿਮ ਜ਼ਿੰਮੇਵਾਰੀ ਨੂੰ ਪੂਰੀ ਇਮਾਨਦਾਰੀ ਅਤੇ ਤਨਦੇਹੀ ਨਾਲ ਨਿਭਾਉਣਗੇ। ਉਹ ਜ਼ਿਲ੍ਹੇ ਅੰਦਰ ਮਹਿਲਾ ਵਰਕਰਾਂ ਨੂੰ ਲਾਮਬੰਦ ਕਰਕੇ ਕਾਂਗਰਸ ਪਾਰਟੀ ਦੇ ਹੱਥ ਮਜ਼ਬੂਤ ਕਰਨਗੇ ਅਤੇ ਔਰਤਾਂ ਦੇ ਹੱਕਾਂ ਦੀ ਆਵਾਜ਼ ਨੂੰ ਬੁਲੰਦ ਰੱਖਣਗੇ। ਇਸ ਨਿਯੁਕਤੀ ਤੋਂ ਬਾਅਦ ਸਥਾਨਕ ਕਾਂਗਰਸੀ ਵਰਕਰਾਂ ਅਤੇ ਆਗੂਆਂ ਵਿੱਚ ਖ਼ੁਸ਼ੀ ਦੀ ਲਹਿਰ ਹੈ ਅਤੇ ਉਨ੍ਹਾਂ ਵੱਲੋਂ ਨਵੀਂ ਪ੍ਰਧਾਨ ਨੂੰ ਵਧਾਈਆਂ ਦੇਣ ਦਾ ਸਿਲਸਿਲਾ ਜਾਰੀ ਹੈ।



# ਦਿੱਲੀ ਕਮੇਟੀ ਵੱਲੋਂ ਆਯੋਜਿਤ ਗੁਰਮਤਿ ਕੈਂਪਾਂ ਦੀ ਸ਼ਾਨਦਾਰ ਸਮਾਪਤੀ

- ਇਸ ਵਾਰ 148 ਗੁਰਮਤਿ ਕੈਂਪਾਂ 'ਚ 20 ਹਜ਼ਾਰ ਵਿਦਿਆਰਥੀਆਂ ਨੇ ਕੀਤੀ ਸ਼ਮੂਲੀਅਤ: ਦਿੱਲੀ ਕਮੇਟੀ
- ਇਨ੍ਹਾਂ ਕੈਂਪਾਂ 'ਚ ਭਾਗ ਲੈਣ ਵਾਲੇ ਭਵਿੱਖ 'ਚ ਬਣਨਗੇ ਦਿੱਲੀ ਕਮੇਟੀ ਦੇ ਪ੍ਰਬੰਧਕ: ਕਾਲਕਾ, ਕਾਹਲੋਂ, ਕਰਮਸਰ

**ਆਜ਼ਾਦ ਸੋਚ**
**ਸੁਖਰਾਜ ਸਿੰਘ/ਨਵੀਂ ਦਿੱਲੀ, 20 ਜੂਨ**

ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਮੀਤ ਸਿੰਘ ਕਾਲਕਾ ਤੇ ਜਨਰਲ ਸਕੱਤਰ ਜਗਦੀਪ ਸਿੰਘ ਕਾਹਲੋਂ ਨੇ ਦੱਸਿਆ ਕਿ ਕਮੇਟੀ ਦੇ ਧਰਮ ਪ੍ਰਚਾਰ ਕਮੇਟੀ ਦੇ ਚੇਅਰਮੈਨ ਜਸਪ੍ਰੀਤ ਸਿੰਘ ਕਰਮਸਰ ਤੇ ਉਨ੍ਹਾਂ ਦੀ ਸਮੁੱਚੀ ਟੀਮ ਵੱਲੋਂ ਕੀਤੀ ਮਿਹਨਤ ਦੀ ਬਦੌਲਤ ਇਸ ਵਾਰ ਗਰਮੀ ਦੀਆਂ ਛੁੱਟੀਆਂ 'ਚ ਦਿੱਲੀ 'ਚ 148 ਥਾਵਾਂ 'ਤੇ ਗੁਰਮਤਿ ਕੈਂਪ ਲਗਾਏ ਗਏ ਜਿਨ੍ਹਾਂ 'ਚ 20 ਹਜ਼ਾਰ ਵਿਦਿਆਰਥੀਆਂ ਨੇ ਸ਼ਮੂਲੀਅਤ ਕੀਤੀ। ਅੱਜ ਇਥੇ ਗੁਰਦੁਆਰਾ ਰਕਾਬਗੰਜ ਸਾਹਿਬ ਵਿੱਖੇ ਭਾਈ ਲੱਖੀ ਸ਼ਾਹ ਵਣਜਾਰਾ ਹਾਲ 'ਚ ਗੁਰਮਤਿ ਕੈਂਪਾਂ ਦੇ ਸਮਾਪਤੀ ਸਮਾਗਮ ਦੇ ਪਹਿਲੇ ਦਿਨ ਹਾਜ਼ਰ ਸੰਗਤਾਂ ਨੂੰ ਸੰਬੋਧਨ ਕਰਦਿਆਂ ਹਰਮੀਤ ਸਿੰਘ ਕਾਲਕਾ ਤੇ ਜਗਦੀਪ ਸਿੰਘ ਕਾਹਲੋਂ ਨੇ ਕਿਹਾ ਕਿ ਦਿੱਲੀ ਕਮੇਟੀ ਵੱਲੋਂ ਧਰਮ ਪ੍ਰਚਾਰ ਕਮੇਟੀ ਦੇ ਚੇਅਰਮੈਨ ਜਸਪ੍ਰੀਤ ਸਿੰਘ ਕਰਮਸਰ ਨੇ ਗਰਮੀ ਦੀਆਂ ਛੁੱਟੀਆਂ 'ਚ ਲੱਗਦੇ ਗੁਰਮਤਿ ਕੈਂਪਾਂ ਨੂੰ ਲੈ ਕੇ ਬਹੁਤ ਮਿਹਨਤ ਕੀਤੀ ਹੈ। ਉਨ੍ਹਾਂ ਦੱਸਿਆ ਕਿ ਇਸ ਮਿਹਨਤ ਦੀ ਬਦੌਲਤ ਪਹਿਲੇ ਸਾਲ ਜਿਥੇ ਸਾਲ 2022 ਵਿਚ 4 ਹਜ਼ਾਰ ਵਿਦਿਆਰਥੀ ਕੈਂਪਾਂ ਵਿਚ ਸ਼ਾਮਲ ਹੋਏ, ਉਸ ਤੋਂ ਅਗਲੇ ਸਾਲ 2023 ਵਿਚ 9 ਹਜ਼ਾਰ, 2024 ਵਿਚ 12 ਹਜ਼ਾਰ, 2025 ਵਿਚ 16 ਹਜ਼ਾਰ ਅਤੇ ਇਸ ਵਾਰ 2026 ਵਿਚ 20 ਹਜ਼ਾਰ ਤੋਂ ਜ਼ਿਆਦਾ ਵਿਦਿਆਰਥੀਆਂ ਨੇ ਇਨ੍ਹਾਂ ਗੁਰਮਤਿ ਕੈਂਪਾ 'ਚ ਸ਼ਮੂਲੀਅਤ ਕੀਤੀ ਹੈ ਜੋ 1 ਜੂਨ ਨੂੰ ਸ਼ੁਰੂ ਹੋਏ ਸਨ ਤੇ ਹੁਣ ਅੱਜ 20 ਅਤੇ ਭਲਕੇ 21 ਜੂਨ ਨੂੰ ਇਹਨਾਂ ਦੀ ਸਮਾਪਤੀ ਭਾਈ ਲੱਖੀ ਸ਼ਾਹ ਵਣਜਾਰਾ ਹਾਲ ਵਿਚ ਹੋ ਰਹੀ ਹੈ।ਉਨ੍ਹਾਂ ਦੱਸਿਆ ਕਿ ਇਨ੍ਹਾਂ ਕੈਂਪਾਂ 'ਚ ਅਸੀਂ ਵਿਸ਼ੇਸ਼ ਤੌਰ 'ਤੇ ਪੁਸਤਕਾਂ ਤਿਆਰ ਕਰਵਾਈਆਂ ਜਿਸ ਸਦਕਾ ਵਿਦਿਆਰਥੀਆਂ ਨੂੰ ਗੁਰੂ ਇਤਿਹਾਸ ਪੜ੍ਹਾਇਆ ਗਿਆ। ਗੁਰੂ ਸਾਹਿਬਾਨ ਅਤੇ ਸਿੱਖ ਕੌਮ ਦੇ ਯੋਧਿਆਂ ਨੇ ਕਿਹੜੀਆਂ-ਕਿਹੜੀਆਂ ਜੰਗਾਂ ਲੜੀਆਂ, ਕਿਉਂ ਲੜੀਆਂ ਤੇ ਇਹਨਾਂ ਦਾ ਨਤੀਜਾ ਕੀ ਰਿਹਾ, ਇਸ ਬਾਰੇ ਜਾਣਕਾਰੀ ਵਿਦਿਆਰਥੀਆਂ ਨੂੰ ਦਿੱਤੀ ਗਈ। ਉਨ੍ਹਾਂ ਕਿਹਾ ਕਿ ਇਸਦੇ ਨਾਲ ਹੀ ਵਿਦਿਆਰਥੀਆਂ ਨੂੰ ਇਹ ਵੀ ਦੱ ?ਸਿਆ ਗਿਆ ਕਿ ਸਿੱਖ ਕੌਮ ਦਾ ਮਾਰਸ਼ਲੀ ਇਤਿਹਾਸ ਕੀ ਹੈ ਤੇ ਕਿਵੇਂ ਗੁਰੂ ਸਾਹਿਬ ਨੇ ਸਾਨੂੰ ਅਨਿਆਂ ਦੇ ਖਿਲਾਫ ਲੜਨਾ ਸਿਖਾਇਆ ਹੈ।ਸ. ਕਾਲਕਾ ਤੇ ਸ. ਕਾਹਲੋਂ ਨੇ ਕਿਹਾ ਕਿ ਅੱਜ ਦੇ ਗੁਰਮਤਿ ਕੈਂਪਾਂ ਵਿਚ ਭਾਗ ਲੈ ਰਹੇ ਵਿਦਿਆਰਥੀ ਭਵਿੱਖ ਵਿਚ ਇਹਨਾਂ ਗੁਰਮਤਿ ਕੈਂਪਾਂ ਨੂੰ ਚਲਾਉਣ ਵਾਲੇ ਬਣਨਗੇ ਅਤੇ ਇਹ ਹੀ ਨਹੀਂ ਬਲਕਿ ਉਹ ਦਿੱਲੀ ਗੁਰਦੁਆਰਾ ਕਮੇਟੀ ਦੇ ਪ੍ਰਬੰਧਕ ਵੀ ਬਣਨਗੇ। ਉਨ੍ਹਾਂ ਕਿਹਾ ਕਿ ਜੇਕਰ ਅਸੀਂ ਆਪਣੀ ਭਵਿੱਖੀ ਪੀੜੀ ਨੂੰ ਇਸੇ ਤਰੀਕੇ ਗੁਰਮਤਿ ਤੇ ਗੁਰਸਿੱਖੀ ਜੀਵਨ ਨਾਲ ਜੋੜਨ 'ਚ ਕਾਮਯਾਬ ਹੋਏ ਤਾਂ ਸਾਡਾ ਜੀਵਨ ਸਫਲਤਾ ਮੰਨਿਆ ਜਾਵੇਗਾ।




# ਵਪਾਰ ਮੰਡਲ ਦੀ ਮੰਗ 'ਤੇ ਪ੍ਰਸ਼ਾਸਨ ਹਰਕਤ ਵਿੱਚ ਪੱਟੀਆਂ ਗਲੀਆਂ ਤੇ ਸੜਕਾਂ ਦੀ ਮੁਰੰਮਤ ਦਾ ਕੰਮ ਸ਼ੁਰੂ



**ਆਜ਼ਾਦ ਸੋਚ**
**ਬਿੰਦਰ ਜਲਾਲ**
**ਭਗਤਾ ਭਾਈ, 20 ਜੂਨ**

ਸਥਾਨਕ ਸ਼ਹਿਰ ਵਿੱਚ ਪਿਛਲੇ ਕਰੀਬ ਛੇ ਮਹੀਨਿਆਂ ਤੋਂ ਵਾਟਰ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਵੱਲੋਂ ਵੱਖ-ਵੱਖ ਵਿਕਾਸ ਕਾਰਜਾਂ ਲਈ ਪੁੱਟੀਆਂ ਗਈਆਂ ਗਲੀਆਂ ਅਤੇ ਸੜਕਾਂ ਦੀ ਮੁਰੰਮਤ ਨਾ ਹੋਣ ਕਾਰਨ ਆਮ ਲੋਕਾਂ ਅਤੇ ਵਪਾਰੀਆਂ ਨੂੰ ਭਾਰੀ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਸੀ। ਟੁੱਟੀਆਂ ਸੜਕਾਂ, ਖੱਡਿਆਂ ਅਤੇ ਧੂੜ-ਮਿੱਟੀ ਕਾਰਨ ਜਿੱਥੇ ਆਵਾਜਾਈ ਪ੍ਰਭਾਵਿਤ ਹੋ ਰਹੀ ਸੀ, ਉੱਥੇ ਹੀ ਬਾਜ਼ਾਰਾਂ ਵਿੱਚ ਵਪਾਰਕ ਗਤੀਵਿਧੀਆਂ 'ਤੇ ਵੀ ਮਾੜਾ ਅਸਰ ਪੈ ਰਿਹਾ ਸੀ।

ਇਸ ਮਾਮਲੇ ਨੂੰ ਯੂਥ ਵਪਾਰ ਮੰਡਲ ਸ਼ਹਿਰ ਦੇ ਪ੍ਰਧਾਨ ਜਤਿੰਦਰ ਕੁਮਾਰ ਸ਼ੈਂਕੀ ਗੋਇਲ ਨੇ ਪਿਛਲੇ ਦਿਨੀਂ ਵਪਾਰੀਆਂ ਅਤੇ ਸ਼ਹਿਰ ਵਾਸੀਆਂ ਦੀਆਂ ਸਮੱਸਿਆਵਾਂ ਨੂੰ ਹਲਕਾ ਵਿਧਾਇਕ ਸਿੱਧੂ ਦੇ ਧਿਆਨ ਵਿੱਚ ਲਿਆਂਦਾ ਸੀ। ਵਿਧਾਇਕ ਬਲਕਾਰ ਸਿੰਘ ਸਿੱਧੂ ਦੇ ਦਖਲ ਤੋਂ ਬਾਅਦ ਹੁਣ ਵਾਟਰ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਨੇ ਕਾਰਵਾਈ ਕਰਦਿਆਂ ਪੱਟੀਆਂ ਗਈਆਂ ਗਲੀਆਂ ਅਤੇ ਸੜਕਾਂ ਦੀ ਮੁਰੰਮਤ ਦਾ ਕੰਮ ਸ਼ੁਰੂ ਕਰ ਦਿੱਤਾ ਹੈ। ਕੰਮ ਸ਼ੁਰੂ ਹੋਣ ਨਾਲ ਸ਼ਹਿਰ ਵਾਸੀਆਂ ਅਤੇ ਵਪਾਰੀਆਂ ਨੇ ਰਾਹਤ ਮਹਿਸੂਸ ਕੀਤੀ ਹੈ।

ਇਸ ਮੌਕੇ ਯੂਥ ਵਪਾਰ ਮੰਡਲ ਦੇ ਪ੍ਰਧਾਨ ਜਤਿੰਦਰ ਕੁਮਾਰ ਸ਼ੈਂਕੀ ਗੋਇਲ ਨੇ ਕਿਹਾ ਕਿ ਵਪਾਰ ਮੰਡਲ ਹਮੇਸ਼ਾ ਸ਼ਹਿਰ ਦੇ ਵਪਾਰੀਆਂ ਅਤੇ ਆਮ ਲੋਕਾਂ ਦੀਆਂ ਸਮੱਸਿਆਵਾਂ ਨੂੰ ਪ੍ਰਸ਼ਾਸਨ ਅਤੇ ਸਰਕਾਰ ਤੱਕ ਪਹੁੰਚਾਉਣ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਲੋਕ ਹਿੱਤ ਦੇ ਮਸਲਿਆਂ ਨੂੰ ਪਹਿਲ ਦੇ ਆਧਾਰ 'ਤੇ ਉਠਾਇਆ ਜਾਂਦਾ ਰਹੇਗਾ ਅਤੇ ਸ਼ਹਿਰ ਦੇ ਵਿਕਾਸ ਲਈ ਹਰ ਸੰਭਵ ਯਤਨ ਕੀਤੇ ਜਾਣਗੇ। ਸ਼ਹਿਰ ਦੇ ਲੋਕਾਂ ਨੇ ਵੀ ਮੁਰੰਮਤ ਦਾ ਕੰਮ ਸ਼ੁਰੂ ਹੋਣ 'ਤੇ ਸੰਤੁਸ਼ਟੀ ਜ਼ਾਹਰ ਕਰਦਿਆਂ ਉਮੀਦ ਪ੍ਰਗਟਾਈ ਕਿ ਬਾਕੀ ਰਹਿੰਦੇ ਕੰਮ ਵੀ ਜਲਦ ਪੂਰੇ ਕੀਤੇ ਜਾਣਗੇ, ਜਿਸ ਨਾਲ ਆਵਾਜਾਈ ਸੁਚਾਰੂ ਹੋਵੇਗੀ ਅਤੇ ਵਪਾਰਕ ਗਤੀਵਿਧੀਆਂ ਨੂੰ ਵੀ ਬਲ ਮਿਲੇਗਾ।

# ਦਿੱਲੀ ਕਮੇਟੀ ਵੱਲੋਂ ਉੱਤਰਾਖੰਡ 'ਚ ਸਿੱਖ ਸ਼ਰਧਾਲੂਆਂ 'ਤੇ ਹਮਲੇ ਦੇ ਮਾਮਲੇ 'ਚ ਉੱਚ ਪੱਧਰੀ ਵਫ਼ਦ ਭੇਜਣ ਦਾ ਫੈਸਲਾ

## ਸਿੱਖ ਸ਼ਰਧਾਲੂਆਂ 'ਤੇ ਹਮਲੇ ਕਿਸੇ ਵੀ ਤਰੀਕੇ ਬਰਦਾਸ਼ਤ ਨਹੀਂ ਕੀਤੇ ਜਾਣਗੇ: ਕਾਲਕਾ, ਕਾਹਲੋਂ

**ਆਜ਼ਾਦ ਸੋਚ**
**ਸੁਖਰਾਜ ਸਿੰਘ**
**ਨਵੀਂ ਦਿੱਲੀ, 20 ਜੂਨ**

ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਉੱਤਰਾਖੰਡ 'ਚ ਸਿੱਖ ਸ਼ਰਧਾਲੂਆਂ 'ਤੇ ਹੋਏ ਹਮਲੇ ਨੂੰ ਵੇਖਦਿਆਂ ਉੱਚ ਪੱਧਰੀ ਵਫਦ ਉਥੇ ਭੇਜਣ ਦਾ ਫੈਸਲਾ ਕੀਤਾ ਗਿਆ ਹੈ, ਤਾਂ ਜੋ ਅਸੀਂ ਸਥਾਨਕ ਸਰਕਾਰ ਤੇ ਪ੍ਰਸ਼ਾਸਨ ਕੋਲ ਇਹ ਮਾਮਲਾ ਚੁੱਕ ਕੇ ਇਸ ਦਾ ਤਰਕਸੰਗਤ ਨਿਪਟਾਰਾ ਕਰਵਾ ਸਕੀਏ। ਇਹ ਪ੍ਰਗਟਾਵਾ ਕਮੇਟੀ ਦੇ ਪ੍ਰਧਾਨ ਸ. ਹਰਮੀਤ ਸਿੰਘ ਕਾਲਕਾ ਤੇ ਜਨਰਲ ਸਕੱਤਰ ਸ. ਜਗਦੀਪ ਸਿੰਘ ਕਾਹਲੋਂ ਨੇ ਕੀਤਾ ਹੈ। ਸ. ਕਾਲਕਾ ਤੇ ਸ. ਕਾਹਲੋਂ ਨੇ ਕਿਹਾ ਕਿ ਅੱਜ ਤੋਂ ਦੋ ਦਿਨ ਪਹਿਲਾਂ ਜਿਸ ਤਰੀਕੇ ਨਾਲ ਸ੍ਰੀ ਹੇਮਕੁੰਟ ਸਾਹਿਬ ਦੀ ਯਾਤਰਾ ਦੌਰਾਨ ਪ੍ਰਯਾਗਰਾਜ ਵਿਖੇ ਟਕਰਾਅ ਹੋਇਆ, ਉਸ ਬਾਰੇ ਗਲਤ ਪ੍ਰਚਾਰ ਕੀਤਾ ਜਾ ਰਿਹਾ ਹੈ।ਉਹਨਾਂ ਕਿਹਾ ਕਿ ਇਹ ਪੁਲਿਸ ਪ੍ਰਸ਼ਾਸਨ ਦੀ ਜ਼ਿੰਮੇਵਾਰੀ ਹੈ ਕਿ ਉਹ ਅਮਨ ਤੇ ਸ਼ਾਂਤੀ ਤੇ ਭਾਈਚਾਰਕ ਸਾਂਝ ਬਣਾ ਕੇ ਰੱਖੇ ਕਿਉਂਕਿ ਵੱਡੀ ਗਿਣਤੀ ਵਿਚ ਸਿੱਖ ਸ਼ਰਧਾਲੂ ਸ੍ਰੀ ਹੇਮੁਕੰਟ ਸਾਹਿਬ ਦੀ ਯਾਤਰਾ ਵਿਚ ਜਾਂਦੇ ਹਨ। ਉਹਨਾਂ ਕਿਹਾ ਕਿ ਸਿੱਖ ਨੌਜਵਾਨ ਜਿਹਨਾਂ ਵਿਚ ਮਨਪ੍ਰੀਤ ਸਿੰਘ, ਜਸਨਪ੍ਰੀਤ ਸਿੰਘ, ਅਜੈ ਸਿੰਘ ਤੇ ਸਤਵਿੰਦਰ ਸਿੰਘ ਜੋ 21 ਤੋਂ 23 ਸਾਲ ਦੇ ਉਮਰ ਦੇ ਹਨ, ਜਿਹਨਾਂ ਨੇ ਸਵੈ ਰੱਖਿਆ ਵਾਸਤੇ ਕ੍ਰਿਪਾਨਾਂ ਚਲਾਈਆਂ ਪਰ ਉਥੇ ਦੀ ਪੁਲਿਸ ਨੇ ਜੋ ਰਵੱਈਆ ਵਿਖਾਇਆ, ਦੁਨੀਆਂ ਵਿਚ ਉਸਦਾ ਗਲਤ ਸੁਨੇਹਾ ਗਿਆ ਜਿਸਦੀ ਅਸੀਂ ਦਿੱਲੀ ਕਮੇਟੀ ਵੱਲੋਂ ਸਖ਼ਤ ਨਿਖੇਧੀ ਕਰਦੇ ਹਾਂ। ਉਹਨਾਂ ਕਿਹਾ ਕਿ ਅਸੀਂ ਜਲਦੀ ਹੀ ਦਿੱਲੀ ਗੁਰਦੁਆਰਾ ਕਮੇਟੀ ਵੱਲੋਂ ਵਫਦ ਵੀ ਭੇਜ ਰਹੇ ਹਾਂ। ਉਹਨਾਂ ਕਿਹਾ ਕਿ ਸਥਾਨਕ ਸਰਕਾਰ ਜਾਂ ਪ੍ਰਸ਼ਾਸਨ ਇਕ ਅਜਿਹਾ ਮਾਹੌਲ ਪੈਦਾ ਕਰ ਰਹੇ ਹਨ ਜਿਸ ਕਾਰਨ ਸਿੱਖਾਂ ਵਿਚ ਡਰ ਤੇ ਦਹਿਸ਼ਤ ਦਾ ਮਾਹੌਲ ਹੈ। ਉਹਨਾਂ ਕਿਹਾ ਕਿ ਉੱਚ ਪੱਧਰੀ ਵਫਦ ਜੋ ਅਸੀਂ ਭੇਜ ਰਹੇ ਹਾਂ ਜੋ ਉੱਤਰਾਖੰਡ ਦੇ ਮੁੱਖ ਮੰਤਰੀ ਪੁਸ਼ਕਰ ਸਿੰਘ ਧਾਮੀ ਤੇ ਰਾਜਪਾਲ ਨੂੰ ਮਿਲੇਗਾ ਅਤੇ ਇਸ ਮਾਮਲੇ ਵਿਚ ਤੁਰੰਤ ਦਖਲ ਦੇ ਕੇ ਉੱਚ ਪੱਧਰੀ ਜਾਂਚ ਕਰਵਾਉਣ ਦੀ ਮੰਗ ਕਰੇਗਾ।ਉਹਨਾਂ ਕਿਹਾ ਕਿ ਹਰ ਯਾਤਰੀ ਦੀ ਸੁਰੱਖਿਆ ਯਕੀਨੀ ਬਣਾਈ ਜਾਣੀ ਚਾਹੀਦੀ ਹੈ ਜਿਸਦੀ ਜ਼ਿੰਮੇਵਾਰੀ ਸਥਾਨਕ ਸਰਕਾਰ ਤੇ ਸਥਾਨਕ ਪ੍ਰਸ਼ਾਸਨ ਦੀ ਬਣਦੀ ਹੈ ਕਿਉਂਕਿ ਲੱਖਾਂ ਦੀ ਗਿਣਤੀ 'ਚ ਸ਼ਰਧਾਲੂ ਹਰ ਸਾਲ ਉਥੇ ਜਾਂਦੇ ਹਨ।ਉਹਨਾਂ ਕਿਹਾ ਕਿ ਸਥਾਨਕ ਪ੍ਰਸ਼ਾਸਨ ਨੇ ਆਪਣੀ ਜ਼ਿੰਮੇਵਾਰੀ ਨਹੀਂ ਨਿਭਾਈ। ਉਹਨਾਂ ਕਿਹਾ ਕਿ ਜਿਸ ਤਰੀਕੇ ਨਾਲ ਪੁਲਿਸ ਦੀ ਭੂਮਿਕਾ ਨਜ਼ਰ ਆ ਰਹੀ ਹੈ ਤੇ ਨੌਜਵਾਨਾਂ 'ਤੇ ਤਸ਼ੱਦਦ ਢਾਹਿਆ ਗਿਆ ਹੈ, ਉਸ ਦੀ ਜਾਂਚ ਹੋਣੀ ਚਾਹੀਦੀ ਹੈ ਤੇ ਜ਼ਿੰਮੇਵਾਰ ਪੁਲਿਸ ਅਧਿਕਾਰੀਆਂ ਦੇ ਖਿਲਾਫ ਕਾਰਵਾਈ ਹੋਣੀ ਚਾਹੀਦੀ ਹੈ। ਉਹਨਾਂ ਕਿਹਾ ਕਿ ਇਹ ਗੁਰੂ ਘਰ ਦੀਆਂ ਯਾਤਰਾਵਾਂ ਹਨ ਜੋ ਕਿਸੇ ਦੇ ਕਹਿਣ 'ਤੇ ਨਹੀਂ ਰੁਕ ਸਕਦੀਆਂ। ਉਨ੍ਹਾਂ ਕਿਹਾ ਕਿ ਘੋੜੇ ਤੇ ਖੱਚਰਾਂ ਵਾਲਿਆਂ ਸਮੇਤ ਬਹੁਤ ਵੱਡੀ ਗਿਣਤੀ ਵਿਚ ਵਪਾਰੀ ਇਹਨਾਂ ਯਾਤਰਾਵਾਂ ਤੋਂ ਹਰ ਸਾਲ ਕਮਾਈ ਹਾਸਲ ਕਰਦੇ ਹਨ। ਉਹਨਾਂ ਕਿਹਾ ਕਿ ਕ੍ਰਿਪਾਨ ਬਾਰੇ ਗਲਤ ਸ਼ਬਦਾਵਲੀ ਵਰਤੀ ਜਾ ਰਹੀ ਹੈ, ਉਹ ਵੀ ਬਹੁਤ ਗਲਤ ਹੈ। ਉਹਨਾਂ ਕਿਹਾ ਕਿ ਗਲਤ ਬਿਆਨਬਾਜ਼ੀ ਤੋਂ ਵੀ ਗੁਰੇਜ਼ ਕੀਤਾ ਜਾਣਾ ਚਾਹੀਦਾ ਹੈ। ਉਹਨਾਂ ਕਿਹਾ ਕਿ ਭਾਰਤ ਦੇ ਸੰਵਿਧਾਨ ਦੇ ਤਹਿਤ ਸਿੱਖ ਭਾਈਚਾਰੇ ਨੂੰ ਆਪਣੇ ਧਰਮ ਦੇ ਮੁਤਾਬਕ ਪੰਜ ਕੱਕਾਰ ਧਾਰਨ ਕਰਨ ਦੀ ਖੁੱਲ੍ਹ ਹੈ ਤੇ ਅਸੀਂ ਇਹ ਕੱਕਾਰ ਧਾਰਨ ਕਰਦੇ ਹਾਂ ਜਿਸ 'ਤੇ ਕੋਈ ਇਤਰਾਜ਼ ਨਹੀਂ ਹੋ ਸਕਦਾ। ਉਹਨਾਂ ਕਿਹਾ ਕਿ ਕੁੜਤਣ ਭਰਿਆ ਮਾਹੌਲ ਪੈਦਾ ਨਹੀਂ ਹੋਣਾ ਚਾਹੀਦਾ ਹੈ ਤੇ ਨਾ ਹੀ ਚਲਣਾ ਚਾਹੀਦਾ ਹੈ।



# ਚੰਡੀਗੜ੍ਹ ਭਾਜਪਾ ਪ੍ਰਧਾਨ ਵੱਲੋਂ ਪੰਜਾਬੀਆਂ ਖ਼ਿਲਾਫ਼ ਦਿੱਤੇ ਬਿਆਨ ਦਾ ਕਾਂਗਰਸ ਵੱਲੋਂ ਤਿੱਖਾ ਵਿਰੋਧ




**ਆਜ਼ਾਦ ਸੋਚ**
**ਜਗਵਿੰਦਰ ਸਿੰਘ /ਖਰੜ , 20 ਜੂਨ**

ਜ਼ਿਲ੍ਹਾ ਕਾਂਗਰਸ ਕਮੇਟੀ ਮੋਹਾਲੀ ਦੇ ਪ੍ਰਧਾਨ ਕਮਲ ਕਿਸ਼ੋਰ ਸ਼ਰਮਾ ਦੀ ਅਗਵਾਈ ਹੇਠ ਵਿਧਾਨ ਸਭਾ ਹਲਕਾ ਖਰੜ ਵਿੱਚ ਕਾਂਗਰਸੀ ਵਰਕਰਾਂ ਨੇ ਚੰਡੀਗੜ੍ਹ ਭਾਜਪਾ ਪ੍ਰਧਾਨ ਜਤਿੰਦਰ ਪਾਲ ਮਲਹੋਤਰਾ ਵੱਲੋਂ ਪੰਜਾਬੀਆਂ ਬਾਰੇ ਕੀਤੀਆਂ ਅਪਮਾਨਜਨਕ ਟਿੱਪਣੀਆਂ ਖ਼ਿਲਾਫ਼ ਤਿੱਖਾ ਰੋਸ ਪ੍ਰਦਰਸ਼ਨ ਕੀਤਾ। ਜ਼ਿਕਰਯੋਗ ਹੈ ਮਲਹੋਤਰਾ ਨੇ ਪੰਜਾਬੀਆਂ ਨੂੰ "ਇਮੋਸ਼ਨਲ ਬਲੱਡੀ ਫੂਲਜ਼"ਕਹਿ ਕੇ ਸੰਬੋਧਨ ਕੀਤਾ ਸੀ। ਇਸ ਮੌਕੇ ਕਾਂਗਰਸੀ ਵਰਕਰਾਂ ਨੇ ਭਾਜਪਾ ਖ਼ ?ਲਾਫ਼ ਨਾਅਰੇਬਾਜ਼ੀ ਕਰਦਿਆਂ ਰੋਸ ਮਾਰਚ ਕੱਢਿਆ। ਕਾਂਗਰਸੀ ਆਗੂਆਂ ਨੇ ਪੰਜਾਬ ਭਾਜਪਾ ਦੇ ਸੂਬਾ ਪ੍ਰਧਾਨ ਕੇਵਲ ਸਿੰਘ ਢਿੱਲੋਂ ਸਮੇਤ ਹੋਰ ਸੀਨੀਅਰ ਆਗੂਆਂ ਤੋਂ ਪੁੱਛਿਆ ਕਿ ਕੀ ਉਹ ਮਲਹੋਤਰਾ ਵੱਲੋਂ ਦਿੱਤੇ ਗਏ ਇਸ ਬਿਆਨ ਨਾਲ ਸਹਿਮਤ ਹਨ। ਉਨ੍ਹਾਂ ਮੰਗ ਕੀਤੀ ਕਿ ਮਲਹੋਤਰਾ ਤੁਰੰਤ ਅਤੇ ਬਿਨਾਂ ਸ਼ਰਤ ਪੰਜਾਬੀਆਂ ਤੋਂ ਜਨਤਕ ਮਾਫ਼ੀ ਮੰਗਣ।

ਕਾਂਗਰਸੀ ਵਰਕਰਾਂ ਨੇ ਹੈਰਾਨੀ ਪ੍ਰਗਟ ਕਰਦਿਆਂ ਕਿਹਾ ਕਿ ਇਸ ਵਿਵਾਦਿਤ ਬਿਆਨ ਨੂੰ ਕਈ ਦਿਨ ਬੀਤ ਜਾਣ ਦੇ ਬਾਵਜੂਦ ਪੰਜਾਬ ਭਾਜਪਾ ਲੀਡਰਸ਼ਿਪ ਵੱਲੋਂ ਕੋਈ ਸਪੱਸ਼ਟੀਕਰਨ ਜਾਂ ਪ੍ਰਤੀਕਿਰਿਆ ਸਾਹਮਣੇ ਨਹੀਂ ਆਈ।

ਇਸ ਮੌਕੇ ਵਿਜੈ ਸ਼ਰਮਾ ਟਿੰਕੂ, ਸਵਰਨਜੀਤ ਕੌਰ, ਕਨਵਰਬੀਰ ਸਿੰਘ ਸਿੱਧੂ, ਐਸ.ਸੀ. ਵਿੰਗ ਦੇ ਚੇਅਰਮੈਨ ਰਣਜੀਤ ਸਿੰਘ ਨਗਲੀਆ, ਅਮਿਤ ਬਾਵਾ ਜ਼ੀਰਕਪੁਰ, ਹਰਸ਼ ਰਿਸ਼ੀ, ਸਾਬਕਾ ਕੌਂਸਲਰ ਮਲਾਗਰ ਸਿੰਘ, ਜ਼ਿਲ੍ਹਾ ਵਾਈਸ ਪ੍ਰਧਾਨ ਵਿਸ਼ਾਲ ਬੱਟੂ, ਸਿਟੀ ਕਾਂਗਰਸ ਕਮੇਟੀ ਖਰੜ ਦੇ ਪ੍ਰਧਾਨ ਦੀਪਕ ਕੌਸ਼ਲ, ਸਾਬਕਾ ਡਿਪਟੀ ਮੇਅਰ ਕੁਲਜੀਤ ਸਿੰਘ ਬੇਦੀ, ਕੌਂਸਲਰ ਗੌਰਵ ਜੈਨ, ਬਲਾਕ ਕਾਂਗਰਸ ਕਮੇਟੀ ਮੋਹਾਲੀ ਦੇ ਪ੍ਰਧਾਨ ਪ੍ਰਦੀਪ ਸਿੰਘ, ਸਰਬਜੀਤ ਕੌਰ, ਜਨਰਲ ਸਕੱਤਰ ਬਾਬੂ ਸਿੰਘ ਪਮੌਰ, ਬਲਾਕ ਕਾਂਗਰਸ ਕਮੇਟੀ ਖਰੜ ਦੇ ਪ੍ਰਧਾਨ ਗੁਰਿੰਦਰ ਸਿੰਘ ਬੈਦਵਾਨ, ਸੋਨੂ ਪਾਲ, ਜਸਪਾਲ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਕਾਂਗਰਸੀ ਆਗੂ ਅਤੇ ਵਰਕਰ ਹਾਜ਼ਰ ਸਨ।

# ਸ਼ਹੀਦੀ ਦਿਹਾੜਾ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ; ਠੰਡੇ ਮਿੱਠੇ ਜਲ ਦੀ ਛਬੀਲ ਵੀ ਲਗਾਈ

**ਆਜ਼ਾਦ ਸੋਚ**
**ਜੇ ਐੱਸ ਖੰਨਾ**
**ਖੰਨਾ , 20 ਜੂਨ**

ਗੁਰਦੁਆਰਾ ਕਲਗੀਧਰ ਸਾਹਿਬ ਵਿਖੇ ਪੰਚਮ ਪਾਤਸ਼ਾਹ ਸ੍ਰੀ ਗੁਰੂ ਅਰਜਨ ਦੇਵ ਜੀ ਦਾ ਸ਼ਹੀਦੀ ਦਿਹਾੜਾ ਬੜੇ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਸਵੇਰੇ ਅੰਮ੍ਰਿਤ ਵੇਲੇ ਤੋਂ ਹੀ ਸੰਗਤਾਂ ਦੀਆਂ ਲਾਈਨਾਂ ਲੱਗੀਆਂ ਸ਼ੁਰੂ ਹੋ ਗਈਆਂ। ਸਵੇਰੇ 8 ਵਜੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ ਉਪਰੰਤ ਭਾਈ ਅਜੀਤ ਸਿੰਘ ਨੇ ਗੁਰੂ ਅਰਜਨ ਦੇਵ ਜੀ ਦੇ ਇਤਿਹਾਸ ਤੋਂ ਸੰਗਤਾਂ ਨੂੰ ਜਾਣੂੰ ਕਰਵਾਇਆ। ਉਪਰੰਤ ਭਾਈ ਗੁਰਚਰਨ ਸਿੰਘ ਜੀ ਦੇ ਜਥੇ ਨੇ ਕੀਰਤਨ ਦੁਆਰਾ ਸੰਗਤਾਂ ਨੂੰ ਨਿਹਾਲ ਕੀਤਾ। ਇਸ ਤੋਂ ਬਾਅਦ ਸ੍ਰੀ ਸੁਖਮਨੀ ਸਾਹਿਬ ਜੀ ਦੇ ਜਾਪ ਕੀਤੇ ਗਏ। ਪਾਠ ਦੀ ਸਮਾਪਤੀ ਤੋਂ ਬਾਅਦ ਇਸਤਰੀ ਸਤਿਸੰਗ ਸਭਾ ਦੀਆਂ ਬੀਬੀਆਂ ਵੱਲੋਂ ਕੀਰਤਨ ਦੀ ਸੇਵਾ ਨਿਭਾਈ ਗਈ। ਉਚੇਚੇ ਤੌਰ ਤੇ ਬੁਲਾਏ ਗਏ ਭਾਈ ਹਰਦੀਪ ਸਿੰਘ ਜੀ ਲੁਧਿਆਣਾ ਵਾਲਿਆਂ ਨੇ ਕੀਰਤਨ ਦੀ ਹਾਜ਼ਰੀ ਲਗਵਾਈ। ਬਾਹਰ ਜੀਟੀ ਰੋਡ ਉੱਤੇ ਗੁਰੂ ਘਰ ਵੱਲੋਂ ਠੰਡੇ ਮਿੱਠੇ ਜਲ ਦੀ ਛਬੀਲ ਵੀ ਲਗਾਈ ਗਈ। ਦੀਵਾਨ ਦੀ ਸਮਾਪਤੀ ਤੇ ਗੁਰੂ ਘਰ ਦੇ ਸਕੱਤਰ ਅਵਤਾਰ ਸਿੰਘ ਕੈਂਥ ਨੇ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਧੰਨਵਾਦ ਕਰਦਿਆਂ ਸਾਰੀਆਂ ਸੰਗਤਾਂ ਦਾ ਵੀ ਧੰਨਵਾਦ ਕੀਤਾ। ਉਚੇਚੇ ਤੌਰ 'ਤੇ ਬੀਬੀਆਂ ਦਾ ਧੰਨਵਾਦ ਕੀਤਾ ਜਿਨ੍ਹਾਂ ਨੇ 40 ਦਿਨ ਸ੍ਰੀ ਸੁਖਮਨੀ ਸਾਹਿਬ ਜੀ ਦੇ ਜਾਪ ਕੀਤੇ ਅਤੇ ਬੇਅੰਤ ਮਾਇਆ ਇਕੱਠੀ ਕਰਕੇ ਗੁਰੂ ਘਰ ਨੂੰ ਦਿੱਤੀ। ਅੰਤ ਵਿੱਚ ਗੁਰੂ ਕੇ ਅਤੁੱਟ ਲੰਗਰ ਵਰਤਾਏ ਗਏ। ਸੰਗਤੀ ਰੂਪ ਵਿੱਚ ਪਹੁੰਚੇ ਮੁੱਖ ਸੇਵਾਦਾਰ ਰੁਪਿੰਦਰ ਸਿੰਘ ਰਾਜਾ ਗਿੱਲ , ਦਰਸ਼ਨ ਸਿੰਘ ਗਿੱਲ , ਬਲਵਿੰਦਰ ਸਿੰਘ , ਅਮਰਬੀਰ ਸਿੰਘ , ਹਰਦੀਪ ਸਿੰਘ , ਹਰਬੀਰ ਸਿੰਘ ਕੋਹਲੀ , ਰਜਿੰਦਰਬੀਰ ਸਿੰਘ , ਰਵਿੰਦਰ ਸਿੰਘ ਬਬਲੂ , ਅਵਤਾਰ ਸਿੰਘ , ਗੁਰਪ੍ਰੀਤ ਸਿੰਘ ਡੀਸੀ , ਜੋਗਿੰਦਰ ਸਿੰਘ , ਮਨੀ ਬੱਗਾ , ਜਸਕਰਨ ਸਿੰਘ , ਨਕੁਲ ਬਸੀ , ਜਤਿੰਦਰਜੀਤ ਸਿੰਘ , ਦਵਿੰਦਰ ਸਿੰਘ , ਚਰਨਜੀਤ ਸਿੰਘ ਚੰਨੀ , ਸਿਮਰਨ ਕੌਰ , ਜੋਗਿੰਦਰ ਕੌਰ , ਰਜਿੰਦਰ ਕੌਰ , ਸਰਬਜੀਤ ਕੌਰ , ਸਿਮਰਨ ਕੌਰ , ਕਰਮਜੀਤ ਕੌਰ , ਕੰਵਰਦੀਪ ਕੌਰ , ਸਤਿਨਾਮ ਕੌਰ , ਹਰਪ੍ਰੀਤ ਕੌਰ , ਸੁਖਵਿੰਦਰ ਕੌਰ , ਜਗਦੀਪ ਕੌਰ , ਮਨਪ੍ਰੀਤ ਕੌਰ , ਨਿਰਲੇਪ ਕੌਰ , ਸਤਵਿੰਦਰ ਕੌਰ ਸ਼ਮੀ , ਹਰਪ੍ਰੀਤ ਕੌਰ , ਨਿਧੀ ਬਖ਼ਸ਼ੀ , ਦਵਿੰਦਰ ਕੌਰ , ਜਸਬੀਰ ਕੌਰ , ਡੇਜ਼ੀ , ਕੁਸ਼ੱਲਿਆ ਦੇਵੀ ਅਤੇ ਮੰਜੂ ਰਾਣੀ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸੰਗਤਾਂ ਮੌਜੂਦ ਸਨ।



# ਬਡਾਲੀ ਮਾਈ ਕੀ ਵਿਖੇ ਜਥੇਦਾਰ ਮਨਮੋਹਨ ਸਿੰਘ ਮੁਕਾਰੋਂਪੁਰ ਦਾ ਵਿਸ਼ੇਸ਼ ਸਨਮਾਨ ਕੀਤਾ



**ਆਜ਼ਾਦ ਸੋਚ**
**ਜੇ ਐੱਸ ਖੰਨਾ /ਸ੍ਰੀ ਫਤਹਿਗੜ੍ਹ ਸਾਹਿਬ , 2 ਜੂਨ**

ਬਡਾਲੀ ਮਾਈ ਕੀ ਵਿਖੇ ਪਿੰਡ ਵਾਸੀਆਂ ਅਤੇ ਇਲਾਕੇ ਦੇ ਪਤਵੰਤੇ ਸੱਜਣਾਂ ਵੱਲੋਂ ਜਥੇਦਾਰ ਮਨਮੋਹਨ ਸਿੰਘ ਮੁਕਾਰੋਂਪੁਰ ਨੂੰ ਬਾਬਾ ਬੰਦਾ ਸਿੰਘ ਬਹਾਦਰ ਇੰਜੀਨੀਅਰਿੰਗ ਕਾਲਜ, ਸ੍ਰੀ ਫਤਿਹਗੜ੍ਹ ਸਾਹਿਬ ਦਾ ਟਰੱਸਟੀ ਮੈਂਬਰ ਬਣਨ ਉਪਰੰਤ ਵਿਸ਼ੇਸ਼ ਤੌਰ 'ਤੇ ਸਨਮਾਨ ਦੇ ਕੇ ਨਿਵਾਜਿਆ ਗਿਆ। ਇਸ ਮੌਕੇ ਬੁਲਾਰਿਆਂ ਨੇ ਕਿਹਾ ਕਿ ਜਥੇਦਾਰ ਮਨਮੋਹਨ ਸਿੰਘ ਮੁਕਾਰੋਂਪੁਰ ਲੰਬੇ ਸਮੇਂ ਤੋਂ ਧਾਰਮਿਕ , ਸਮਾਜਿਕ ਅਤੇ ਵਿਦਿਅਕ ਖੇਤਰ ਵਿੱਚ ਅਹਿਮ ਯੋਗਦਾਨ ਪਾ ਰਹੇ ਹਨ। ਉਨ੍ਹਾਂ ਦੀਆਂ ਸੇਵਾਵਾਂ ਨੂੰ ਦੇਖਦਿਆਂ ਬਾਬਾ ਬੰਦਾ ਸਿੰਘ ਬਹਾਦਰ ਇੰਜੀਨੀਅਰਿੰਗ ਕਾਲਜ , ਸ੍ਰੀ ਫਤਿਹਗੜ੍ਹ ਸਾਹਿਬ ਦੇ ਟਰੱਸਟੀ ਮੈਂਬਰ ਵਜੋਂ ਨਿਯੁਕਤੀ ਇਲਾਕੇ ਲਈ ਮਾਣ ਵਾਲੀ ਗੱਲ ਹੈ। ਸਨਮਾਨ ਸਮਾਰੋਹ ਦੌਰਾਨ ਜਥੇਦਾਰ ਮਨਮੋਹਨ ਸਿੰਘ ਮੁਕਾਰੋਂਪੁਰ ਨੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਵੱਲੋਂ ਸੌਂਪੀ ਗਈ ਸੇਵਾ ਦਾ ਧੰਨਵਾਦ ਕੀਤਾ ਅਤੇ ਸਮੂਹ ਸੰਗਤ , ਪਿੰਡ ਵਾਸੀਆਂ ਅਤੇ ਸਤਿਕਾਰਯੋਗ ਸੱਜਣਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਹ ਮਾਣ-ਸਨਮਾਨ ਉਨ੍ਹਾਂ ਲਈ ਹੋਰ ਵੱਧ ਤਨਦੇਹੀ ਨਾਲ ਸਮਾਜ ਅਤੇ ਸਿੱਖਿਆ ਦੇ ਖੇਤਰ ਵਿੱਚ ਸੇਵਾ ਕਰਨ ਦੀ ਪ੍ਰੇਰਣਾ ਹੈ।
ਇਸ ਮੌਕੇ ਅਮਰਜੀਤ ਸਿੰਘ , ਇਕਬਾਲ ਸਿੰਘ , ਤਰਲੋਚਨ ਸਿੰਘ , ਹਰਜੀਤ ਸਿੰਘ , ਜਸਪਾਲ ਸਿੰਘ , ਹਰਭਜਨ ਸਿੰਘ , ਜਸਵੀਰ ਸਿੰਘ , ਨਰਾਤਾ ਖਾਨ , ਰਣਧੀਰ ਸਿੰਘ , ਗੁਰਪ੍ਰੀਤ ਸਿੰਘ , ਹਰਪ੍ਰੀਤ ਸਿੰਘ ਅਤੇ ਲਵਪ੍ਰੀਤ ਸਿੰਘ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ। ਸਮਾਗਮ ਦੌਰਾਨ ਹਾਜ਼ਰ ਸੰਗਤ ਵੱਲੋਂ ਜਥੇਦਾਰ ਮਨਮੋਹਨ ਸਿੰਘ ਮੁਕਾਰੋਂਪੁਰ ਨੂੰ ਭਵਿੱਖ ਲਈ ਸ਼ੁਭਕਾਮਨਾਵਾਂ ਵੀ ਦਿੱਤੀਆਂ।

# ਪੰਜਾਬ ਦੇ ਰਾਜਪਾਲ ਵੱਲੋਂ ਸੀਨੀਅਰ ਪੱਤਰਕਾਰਾਂ ਲਈ ਮੈਡੀਕਲ ਸਹੂਲਤਾਂ ਮੁਹੱਈਆ ਕਰਵਾਉਣ ਦਾ ਭਰੋਸਾ

**ਆਜ਼ਾਦ ਸੋਚ**
**ਅਮਰਪਾਲ ਨੂਰਪੁਰੀ**
**ਚੰਡੀਗੜ੍ਹ, 20 ਜੂਨ**

ਪੰਜਾਬ ਦੇ ਰਾਜਪਾਲ ਅਤੇ ਕੇਂਦਰ ਸ਼ਾਸਤ ਪ੍ਰਦੇਸ਼ ਚੰਡੀਗੜ੍ਹ ਦੇ ਪ੍ਰਸ਼ਾਸਕ ਸ੍ਰੀ ਗੁਲਾਬ ਚੰਦ ਕਟਾਰੀਆ ਨੇ ਐਲਾਨ ਕੀਤਾ ਕਿ ਸੀਨੀਅਰ ਪੱਤਰਕਾਰਾਂ ਨੂੰ ਮੈਡੀਕਲ ਸਹੂਲਤਾਂ ਮੁਹੱਈਆ ਕਰਵਾਉਣ ਲਈ ਉਚਿਤ ਯਤਨ ਕੀਤੇ ਜਾਣਗੇ। ਉਨ੍ਹਾਂ ਭਰੋਸਾ ਦਿੱਤਾ ਕਿ ਇਸ ਮੰਤਵ ਲਈ ਲੋੜੀਂਦੇ ਕਦਮ ਚੁੱਕੇ ਜਾਣਗੇ। ਰਾਜਪਾਲ ਨੇ ਦੇਸ਼ ਦੇ ਲੋਕਤੰਤਰ ਨੂੰ ਮਜ਼ਬੂਤ ਕਰਨ ਵਿੱਚ ਮੀਡੀਆ ਦੀ ਭੂਮਿਕਾ ਦੀ ਵੀ ਭਰਪੂਰ ਪ੍ਰਸ਼ੰਸਾ ਕੀਤੀ। ਉਹ ਲੋਕ ਭਵਨ ਵਿਖੇ ਸੀਨੀਅਰ ਜਰਨਲਿਸਟਸ ਫੋਰਮ, ਚੰਡੀਗੜ੍ਹ ਵੱਲੋਂ ਕਰਵਾਏ ਗਏ ਸਮਾਗਮ ਨੂੰ ਸੰਬੋਧਨ ਕਰ ਰਹੇ ਸਨ।

ਫੋਰਮ ਦੇ ਮੈਂਬਰਾਂ ਦਾ ਸਵਾਗਤ ਕਰਦਿਆਂ ਰਾਜਪਾਲ ਨੇ ਲੋਕਤੰਤਰ ਨੂੰ ਮਜ਼ਬੂਤ ਕਰਨ ਅਤੇ ਜਨਮਤ ਦੇ ਨਿਰਮਾਣ ਵਿੱਚ ਪੱਤਰਕਾਰਤਾ ਦੀ ਅਹਿਮ ਭੂਮਿਕਾ ਉੱਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਸੱਚਾਈ, ਇਮਾਨਦਾਰੀ ਅਤੇ ਨਿਰਪੱਖ ਵਿਸ਼ਲੇਸ਼ਣ ਨਾਲ ਕਲਮ ਦੀ ਤਾਕਤ ਨੇ ਪੱਤਰਕਾਰਾਂ ਨੂੰ ਸਮਾਜ ਵਿੱਚ ਵਿਸ਼ੇਸ਼ ਮਾਣ-ਸਨਮਾਨ ਅਤੇ ਪਛਾਣ ਬਖ਼ਸ਼ੀ ਹੈ।ਸ੍ਰੀ ਕਟਾਰੀਆ ਨੇ ਕਿਹਾ ਕਿ ਸੰਸਦ ਅਤੇ ਰਾਜ ਵਿਧਾਨ ਸਭਾਵਾਂ ਵਿੱਚ ਵਿਚਾਰੇ ਗਏ ਕਈ ਮਹੱਤਵਪੂਰਨ ਮਸਲੇ ਇਤਿਹਾਸਕ ਤੌਰ 'ਤੇ ਪੱਤਰਕਾਰਾਂ ਦੀਆਂ ਰਿਪੋਰਟਾਂ ਅਤੇ ਖੋਜੀ ਪੜਤਾਲਾਂ ਰਾਹੀਂ ਹੀ ਸਾਹਮਣੇ ਆਏ ਹਨ। ਉਨ੍ਹਾਂ ਮੀਡੀਆ ਨੂੰ ਲੋਕਤੰਤਰ ਦਾ ਇੱਕ ਅਹਿਮ ਸਤੰਭ ਕਰਾਰ ਦਿੰਦਿਆਂ ਜਨਤਾ ਦੀਆਂ ਸਮੱਸਿਆਵਾਂ ਨੂੰ ਸਰਕਾਰਾਂ ਅਤੇ ਨੀਤੀ-ਨਿਰਮਾਤਾਵਾਂ ਤੱਕ ਪਹੁੰਚਾਉਣ ਵਿੱਚ ਪੱਤਰਕਾਰਾਂ ਦੀ ਭੂਮਿਕਾ ਦੀ ਸ਼ਲਾਘਾ ਕੀਤੀ।ਰਾਜਪਾਲ ਨੇ ਕਿਹਾ ਕਿ ਪ੍ਰਣਾਲੀ ਦੀਆਂ ਕਮੀਆਂ ਨੂੰ ਉਜਾਗਰ ਕਰਨਾ ਪੱਤਰਕਾਰਾਂ ਦੀ ਜ਼ਿੰਮੇਵਾਰੀ ਹੈ ਤਾਂ ਜੋ ਲੋਕ ਹਿੱਤ ਵਿੱਚ ਉਨ੍ਹਾਂ ਨੂੰ ਦੂਰ ਕਰਨ ਲਈ ਢੁੱਕਵੇਂ ਕਦਮ ਚੁੱਕੇ ਜਾ ਸਕਣ। ਉਨ੍ਹਾਂ ਕਿਹਾ ਕਿ ਉਸਾਰੂ ਆਲੋਚਨਾ ਅਤੇ ਨਿਡਰ ਪੱਤਰਕਾਰਤਾ ਸਰਕਾਰਾਂ ਅਤੇ ਪ੍ਰਸ਼ਾਸਨਾਂ ਨੂੰ ਆਪਣੀ ਕਾਰਗੁਜ਼ਾਰੀ ਸੁਧਾਰਨ ਅਤੇ ਲੋਕ ਭਲਾਈ ਨੂੰ ਯਕੀਨੀ ਬਣਾਉਣ ਵਿੱਚ ਸਹਾਇਤਾ ਕਰਦੀ ਹੈ।

ਸਵੈ-ਸੁਧਾਰ ਦੀ ਮਹੱਤਤਾ ਉੱਤੇ ਜ਼ੋਰ ਦਿੰਦਿਆਂ ਸ੍ਰੀ ਕਟਾਰੀਆ ਨੇ ਕਿਹਾ, "ਇਨਸਾਨ ਨੂੰ ਆਪਣੀਆਂ ਕਮੀਆਂ ਨੂੰ ਲੁਕਾਉਣਾ ਨਹੀਂ ਚਾਹੀਦਾ, ਸਗੋਂ ਉਨ੍ਹਾਂ ਤੋਂ ਸਿੱਖ ਕੇ ਆਪਣੇ ਆਪ ਨੂੰ ਲਗਾਤਾਰ ਬਿਹਤਰ ਬਣਾਉਣ ਲਈ ਯਤਨਸ਼ੀਲ ਰਹਿਣਾ ਚਾਹੀਦਾ ਹੈ।

ਉਨ੍ਹਾਂ ਅੱਗੇ ਕਿਹਾ ਕਿ ਪੱਤਰਕਾਰ ਸਰਕਾਰਾਂ ਅਤੇ ਪ੍ਰਸ਼ਾਸਨਾਂ ਲਈ ਮਾਰਗਦਰਸ਼ਕ ਦੀ ਭੂਮਿਕਾ ਨਿਭਾਉਂਦੇ ਹਨ ਕਿਉਂਕਿ ਉਹ ਸੁਧਾਰ ਦੀ ਲੋੜ ਵਾਲੇ ਖੇਤਰਾਂ ਵੱਲ ਧਿਆਨ ਦਿਵਾਉਂਦੇ ਹਨ। ਉਨ੍ਹਾਂ ਦੇ ਵਿਚਾਰ ਅਤੇ ਨਿਰੀਖਣ ਪਾਰਦਰਸ਼ੀ, ਜਵਾਬਦੇਹ ਅਤੇ ਲੋਕ-ਕੇਂਦਰਿਤ ਪ੍ਰਸ਼ਾਸਨ ਦੀ ਸਥਾਪਨਾ ਵਿੱਚ ਮਹੱਤਵਪੂਰਨ ਯੋਗਦਾਨ ਪਾਉਂਦੇ ਹਨ।

